@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
Qaumi Patrika NO.1

Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Sunday, 12 January 2025
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਐਤਵਾਰ 12 ਜਨਵਰੀ 2025, 29 ਪੋਹ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 63, qpatrika@gmail.com ਫੋਨ : 9971359517 www.qaumipatrika.org

# ਮੁੱਖ ਮੰਤਰੀ ਨੇ ਕੇਂਦਰ ਕੋਲ ਚੁੱਕਿਆ ਇਹ ਮੁੱਦਾ, ਅਮਿਤ ਸ਼ਾਹ ਕੋਲੋਂ ਕੀਤੀ ਵੱਡੀ ਮੰਗ

**ਸਿੰਮੀ ਕੌਰ ਬੱਬਰ**

ਚੰਡੀਗੜ੍ਹ 11 ਜਨਵਰੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨਸ਼ਿਆਂ ਦੀ ਰੋਕਥਾਮ ਲਈ ਵਿਸ਼ੇਸ਼ ਐੱਨ.ਡੀ.ਪੀ.ਐੱਸ. ਅਦਾਲਤਾਂ ਸਥਾਪਤ ਕਰਨ ਲਈ ਵਿੱਤੀ ਇਮਦਾਦ ਮੁਹੱਈਆ ਕਰਵਾਉਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਦਖਲ ਦੀ ਮੰਗ ਕੀਤੀ ਹੈ। 'ਨਸ਼ਾ ਤਸਕਰੀ ਅਤੇ ਕੌਮੀ ਸੁਰੱਖਿਆ' ਬਾਰੇ ਖੇਤਰੀ ਕਾਨਫਰੰਸ ਵਿਚ ਵੀਡੀਓ ਕਾਨਫਰੰਸ ਜ਼ਰੀਏ ਸ਼ਿਰਕਤ ਕਰਦਿਆਂ ਮੁੱਖ ਮੰਤਰੀ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ ਵਿਸ਼ੇਸ਼ ਐੱਨ.ਡੀ.ਪੀ.ਐੱਸ. ਅਦਾਲਤਾਂ ਸਥਾਪਤ ਕਰਨ ਅਤੇ ਸਰਕਾਰੀ ਵਕੀਲਾਂ ਦੇ ਨਾਲਨਾਲ ਹੋਰ ਸਹਾਇਕ ਸਟਾਫ ਦੀ ਭਰਤੀ ਕਰਨ ਲਈ 10 ਸਾਲਾਂ ਲਈ ਯਕਮੁਸ਼ਤ ਤੌਰ 'ਤੇ 600 ਕਰੋੜ ਰੁਪਏ ਦੀ ਵਿੱਤੀ ਸਹਾਇਤਾ (60 ਕਰੋੜ ਰੁਪਏ ਪ੍ਰਤੀ ਸਾਲ) ਦਿੱਤੀ ਜਾਵੇ। ਉਨ੍ਹਾਂ ਦੱਸਿਆ ਇਕ ਜਨਵਰੀ, 2025 ਤੱਕ ਸੈਸ਼ਨ ਮੁਕੱਦਮੇ ਦੀ ਸੁਣਵਾਈ ਲਈ 35,000 ਐੱਨ.ਡੀ.ਪੀ.ਐੱਸ. ਕੇਸ ਲੰਬਿਤ ਹਨ। ਇਨ੍ਹਾਂ ਦੇ ਨਿਪਟਾਰੇ ਦੀ ਮੌਜੂਦਾ ਦਰ ਉਤੇ ਔਸਤਨ ਇਕ ਸੈਸ਼ਨ ਅਦਾਲਤ ਨੂੰ ਨਵੇਂ ਜੁੜ ਗਏ ਕੇਸਾਂ ਨੂੰ ਛੱਡ ਕੇ ਲੰਬਿਤ ਕੇਸਾਂ ਦੀ ਸੁਣਵਾਈ ਨੂੰ ਪੂਰਾ ਕਰਨ ਵਿਚ 7 ਸਾਲ ਲੱਗ ਜਾਂਦੇ ਹਨ। ਪੰਜ ਸਾਲਾਂ ਬਾਅਦ ਇਹ ਔਸਤ ਨਿਪਟਾਰੇ ਦਾ ਸਮਾਂ 7 ਸਾਲ ਤੋਂ ਵਧ ਕੇ 11 ਸਾਲ (35,000 ਬਕਾਇਆ ਕੇਸ ਤੋਂ ਵੱਧ ਕੇ 55,000 ਲੰਬਿਤ ਕੇਸ) ਹੋ ਜਾਣਗੇ। ਮੁੱਖ ਮੰਤਰੀ ਨੇ ਦੱਸਿਆ ਕਿ ਅਗਲੇ ਪੰਜ ਸਾਲਾਂ ਵਿਚ ਲੰਬਿਤ ਪਏ ਕੇਸਾਂ ਦੇ ਨਿਪਟਾਰੇ ਲਈ ਪੰਜਾਬ ਵਿਚ 79 ਵਿਸ਼ੇਸ਼ ਐੱਨ.ਡੀ.ਪੀ.ਐੱਸ. ਅਦਾਲਤਾਂ ਬਣਾਉਣ ਦੀ ਲੋੜ ਹੈ ਅਤੇ ਇਨ੍ਹਾਂ ਵਿਸ਼ੇਸ਼ ਐੱਨ.ਪੀ.ਡੀ.ਐੱਸ. ਅਦਾਲਤਾਂ ਲਈ 79 ਸਰਕਾਰੀ ਵਕੀਲ ਸਮੇਤ ਸਹਾਇਕ ਸਟਾਫ ਨਿਯੁਕਤ ਕਰਨ ਦੀ ਲੋੜ ਹੈ। ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਐਂਟੀ ਨਾਰਕੋਟਿਕਸ ਟਾਸਕ ਫੋਰਸ ਲਈ ਨੈਸ਼ਨਲ ਫ਼ੰਡ ਫਾਰ ਡਰੱਗਜ਼ ਅਬਿਊਜ (ਐੱਨ.ਡੀ.ਪੀ.ਐਸ. ਐਕਟ ਅਧਿਆਇ-7ਏ) ਤਹਿਤ ਫੰਡਿੰਗ ਦੀ ਸਖਤ ਜ਼ਰੂਰਤ ਹੈ। ਛੇ ਸਰਹੱਦੀ ਜ਼ਿਲ੍ਹਿਆਂ ਲਈ ਲਾਈਵ ਨਿਗਰਾਨ ਪ੍ਰਣਾਲੀਆਂ, ਜੇਲ੍ਹਾਂ ਲਈ 5-ਜੀ ਜੈਮਿੰਗ ਉਪਕਰਨ, ਬੁਨਿਆਦੀ ਢਾਂਚੇ ਅਤੇ ਲੌਜਿਸਟਿਕ ਸਾਜ਼ੋ-ਸਾਮਾਨ, ਜੇਲ੍ਹਾਂ ਵਿਚ ਨਸ਼ਾ ਛੁਡਾਊ ਕੇਂਦਰ, ਜੇਲ੍ਹਾਂ ਵਿਚ ਏ.ਆਈ. ਨਿਗਰਾਨ ਪ੍ਰਣਾਲੀ, ਨਸ਼ਾ ਤਸ਼ਕਰਾਂ ਲਈ ਵਿਸ਼ੇਸ਼ ਜੇਲ੍ਹ ਅਤੇ ਸਾਰੇ 28 ਜ਼ਿਲ੍ਹਿਆਂ ਵਿਚ ਨਸ਼ਾ ਵਿਰੋਧੀ ਜਾਗਰੂਕ ਮੁਹਿੰਮ ਲਈ ਸਹਾਇਤਾ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਐਂਟੀ ਨਾਰਕੋਟਿਕਸ ਟਾਸਕ ਫੋਰਸ ਪੰਜਾਬ ਅਤੇ ਜੇਲ੍ਹ ਵਿਭਾਗ ਨਾਲ ਸਬੰਧਤ ਢਾਂਚੇ ਦੀ ਮਜ਼ਬੂਤੀ ਲਈ 16ਵੇਂ ਵਿੱਤ ਕਮਿਸ਼ਨ ਰਾਹੀਂ 2829 ਕਰੋੜ ਰੁਪਏ ਦੀ ਦੇ ਫੰਡ ਮੁਹੱਈਆ ਕਰਵਾਏ ਜਾਣ। ਇਕ ਹੋਰ ਮਸਲੇ ਨੂੰ ਉਠਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿਚ ਨਸ਼ਿਆਂ ਦੇ ਹੌਟ-ਸਪੌਟ ਨੂੰ ਕੰਟਰੋਲ ਕਰਨ ਦੇ ਉਦੇਸ਼ ਨਾਲ ਸੀ.ਏ.ਡੀ.ਏ. (ਕਾਡਾ) ਫੰਡ ਦੇ ਪ੍ਰਭਾਵਾਂ ਬਾਰੇ ਸਰਵੇਖਣ ਅਤੇ ਅਧਿਐਨ ਕਰਨ ਲਈ ਸਲਾਹਕਾਰਾਂ ਅਤੇ ਕੋਆਰਡੀਨੇਟਰ ਦੀ ਭਰਤੀ ਲਈ ਸਾਲ 2022 ਤੋਂ ਲੈ ਕੇ ਹੁਣ ਤੱਕ 107 ਕਰੋੜ ਰੁਪਏ ਸਰਕਾਰ ਨੂੰ ਜਮ੍ਹਾਂ ਕਰਵਾਏ ਗਏ ਸਨ, ਪਰ ਅੱਜ ਤੱਕ ਕੁਝ ਵੀ ਅਲਾਟ ਨਹੀਂ ਕੀਤਾ



ਗਿਆ। ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਦੱਸਿਆ ਕਿ ਪਾਕਿਸਤਾਨ ਨਾਲ ਅੰਤਰ-ਰਾਸ਼ਟਰੀ ਸਰਹੱਦ ਲੱਗਣ ਕਾਰਨ ਅਤੇ ਇਸ ਦੀ ਭੂਗੋਲਿਕ ਸਥਿਤੀ ਕਾਰਨ ਪੰਜਾਬ ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੰਜਾਬ ਨੇ ਪਹਿਲਾਂ 70ਵੇਂ ਅਤੇ 80ਵੇਂ ਦਹਾਕੇ ਵਿਚ ਅੱਤਵਾਦ ਖਿਲਾਫ ਵੱਡੀ ਲੜਾਈ ਲੜੀ ਸੀ ਅਤੇ ਹੁਣ ਪੰਜਾਬ ਪਾਕਿਸਤਾਨ ਵੱਲੋਂ ਆ ਰਹੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਲਈ ਜੰਗ ਲੜ ਰਿਹਾ ਹੈ। ਪੰਜਾਬ ਰਾਜ ਦੀ ਪਾਕਿਸਤਾਨ ਨਾਲ 552 ਕਿਲੋਮੀਟਰ ਅੰਤਰ-ਰਾਸ਼ਟਰੀ ਸਰਹੱਦ ਲਗਦੀ ਹੈ, ਜਿਸ ਵਿਚ ਲਗਭਗ 43 ਕਿਲੋਮੀਟਰ ਦੀ ਕੰਡਿਆਲੀ ਤਾਰ ਦੇ ਅਤੇ 35 ਕਿਲੋਮੀਟਰ ਦਰਿਆਈ ਪਾੜੇ ਹਨ, ਜਿਨ੍ਹਾਂ ਦੁਆਰਾ ਨਸ਼ਾ ਤਸਕਰੀ ਹੋ ਰਹੀ ਹੈ। 'ਗੋਲਡਨ ਕਰੇਸੈਂਟ' ਤੋਂ ਨਸ਼ੀਲੇ ਪਦਾਰਥਾਂ ਨੂੰ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਵਿਦੇਸ਼ਾਂ ਵਿਚ ਤਸਕਰੀ ਕਰਨ ਲਈ ਪਹਿਲਾਂ ਪੰਜਾਬ ਰਸਤੇ ਵਜੋਂ ਵਰਤਿਆ ਜਾਂਦਾ ਸੀ ਪਰ ਹੁਣ ਇੱਥੋਂ ਦੇ ਸਥਾਨਕ ਵਸਨੀਕਾਂ ਵੱਲੋਂ ਸੇਵਨ ਕਰਨਾ ਹੋਰ ਵੀ ਚਿੰਤਾਜਨਕ ਵਿਸ਼ਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਬਹੁਤ ਘੱਟ ਵਸੀਲੇ ਹੋਣ ਦੇ ਬਾਵਜੂਦ ਵੀ ਪੰਜਾਬ ਨਸ਼ਿਆਂ ਦੇ ਵਿਰੁੱਧ ਬਹੁਤ ਮੁਸ਼ਕਿਲ ਕਾਰਜ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਪੁਲਸ ਵੱਲੋਂ ਨਸ਼ੇ ਵਿਰੁੱਧ ਲੜਾਈ ਲੜਨ ਲਈ 861 ਅਧਿਕਾਰੀਆਂ/ਕਰਮਚਾਰੀਆਂ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਦੀ ਸਥਾਪਨਾ ਕੀਤੀ ਗਈ ਹੈ, ਜਿਹੜੇ ਕਿ ਨਸ਼ਾ ਤਸਕਰੀ ਦੇ ਖਿਲਾਫ ਕਾਰਵਾਈ ਕਰਨ ਦੇ ਮਾਹਿਰ ਹਨ। ਇਸੇ ਤਰ੍ਹਾਂ ਪੰਜਾਬ ਦੇ ਹਰ ਜ਼ਿਲ੍ਹੇ/ਕਮਿਸ਼ਨਰੇਟ ਵਿਚ ਨਸ਼ਾ ਤਸਕਰੀ ਨੂੰ ਠੱਲ੍ਹ ਪਾਉਣ ਲਈ ਇਕ-ਇਕ ਨਾਰਕੋਟਿਕ ਸੈੱਲ ਦੀ ਸਥਾਪਨਾ ਕੀਤੀ ਗਈ ਹੈ। ਵੱਖ-ਵੱਖ ਮਹਿਕਮਿਆਂ ਵਿਚਕਾਰ ਤਾਲਮੇਲ ਲਈ ਸੂਬਾ ਪੱਧਰ ਉਤੇ ਮੁੱਖ ਸਕੱਤਰ, ਪੰਜਾਬ ਦੀ ਪ੍ਰਧਾਨਗੀ ਹੇਠ ਪੰਜਾਬ ਨਾਰਕੋਟਿਕਸ ਕੰਪੇਨ ਕਮੇਟੀ ਅਤੇ ਜ਼ਿਲ੍ਹਾ ਪੱਧਰ ਉਤੇ ਜ਼ਿਲ੍ਹਾ ਮੈਜਿਸਟ੍ਰੇਟ ਅਧੀਨ ਜ਼ਿਲ੍ਹਾ ਮਿਸ਼ਨ ਟੀਮਾਂ ਦਾ ਗਠਨ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਐਂਟੀ ਡਰੱਗ ਪ੍ਰੋਗਰਾਮ ਲਈ ਸੂਬਾ ਪੱਧਰ ਉਤੇ ਸੀਨੀਅਰ ਆਈ.ਏ.ਐਸ. ਅਧਿਕਾਰੀ ਨੂੰ ਨੋਡਲ ਅਫਸਰ ਵੀ ਨਾਮਜ਼ਦ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਐਂਟੀ ਡਰੱਗ ਹੈਲਪਲਾਈਨ 'ਸੇਫ ਪੰਜਾਬ' ਦੀ ਸਥਾਪਨਾ ਵੀ ਕੀਤੀ ਗਈ ਹੈ। ਇਹ ਹੈਲਪਲਾਈਨ ਪੰਜਾਬ ਦੇ ਨਾਗਰਿਕਾਂ ਨੂੰ ਨਸ਼ਾ ਤਸਕਰੀ ਦੀ ਘਟਨਾ ਜਾਂ ਨਸ਼ੇ ਦੇ ਪੀੜਤ ਵਿਅਕਤੀ ਦੇ ਇਲਾਜ ਦੀ ਸਹਾਇਤਾ ਲਈ ਢੁਕਵਾਂ ਪਲੇਟਫਾਰਮ ਪ੍ਰਦਾਨ ਕਰਦੀ ਹੈ। ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਦੱਸਿਆ ਕਿ ਇਸ ਹੈਲਪਲਾਈਨ ਉਤੇ ਹੁਣ ਤੱਕ 1905 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 856 ਉਤੇ ਕਾਰਵਾਈ ਕਰਦੇ ਹੋਏ 31 ਮੁਕੱਦਮੇ ਦਰਜ ਕੀਤੇ ਗਏ। ਉਨ੍ਹਾਂ ਕਿਹਾ ਕਿ ਸਰਕਾਰ ਦੁਆਰਾ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਕਾਰਵਾਈ-ਨਸ਼ਾ ਛੁਡਾਉਣ-ਰੋਕਥਾਮ (ਈ.ਡੀ.ਪੀ.) ਨੀਤੀ ਅਪਣਾਈ ਗਈ ਹੈ। ਮੁੱਖ ਮੰਤਰੀ ਨੇ ਜਾਣੂੰ ਕਰਵਾਇਆ ਕਿ ਸਾਡੀ ਸਰਕਾਰ ਵੱਲੋਂ ਪਿਛਲੇ ਢਾਈ ਸਾਲ ਦੇ ਅਰਸੇ ਦੌਰਾਨ ਐੱਨ.ਡੀ.ਪੀ.ਐਸ. ਐਕਟ ਤਹਿਤ 31,500 ਮੁਕੱਦਮੇ ਦਰਜ ਕੀਤੇ ਗਏ ਹਨ, ਜਿਨ੍ਹਾਂ ਵਿਚ 43,000 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਵਿਚ 2 ਕਿੱਲੋ ਜਾਂ ਇਸ ਤੋਂ ਵੱਧ ਹੈਰੋਇਨ ਦੀ ਬਰਾਮਦਗੀ ਵਾਲੇ 629 ਵੱਡੀਆਂ ਮੱਛੀਆਂ, 3000 ਕਿਲੋ ਹੈਰੋਇਨ, 2600 ਕਿੱਲੋ ਅਫੀਮ ਅਤੇ 4.3 ਕਰੋੜ ਨਸ਼ੀਲਿਆਂ ਦਵਾਈਆਂ ਜ਼ਬਤ ਕੀਤੀਆਂ ਗਈਆਂ ਹਨ।

## ਮੁੱਖ ਮੰਤਰੀ ਯੋਗੀ ਨੇ ਪ੍ਰਯਾਗਰਾਜ 'ਚ 'ਮਾਂ ਦੀ ਰਸੋਈ' ਦਾ ਕੀਤਾ ਉਦਘਾਟਨ

**ਨਵਦੀਪ ਸਿੰਘ ਸਾਹਨੀ**

ਮਹਾਕੁੰਭ ਨਗਰ 11 ਜਨਵਰੀ। ਮਹਾਕੁੰਭ ਮੇਲੇ ਦੇ ਸ਼ੁਰੂ ਹੋਣ ਤੋਂ ਪਹਿਲੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਭਾਈਚਾਰਕ ਰਸੋਈ 'ਮਾਂ ਦੀ ਰਸੋਈ' ਦਾ ਉਦਘਾਟਨ ਕੀਤਾ, ਜਿਸ 'ਚ ਸਿਰਫ 9 ਰੁਪਏ 'ਚ ਭੋਜਨ ਉਪਲੱਬਧ ਕਰਵਾਇਆ ਜਾਵੇਗਾ। ਉੱਤਰ ਪ੍ਰਦੇਸ਼ ਸਰਕਾਰ ਨੇ ਇਕ ਬਿਆਨ 'ਚ ਕਿਹਾ ਕਿ ਭਾਈਚਾਰਕ ਰਸੋਈ ਦਾ ਸੰਚਾਲਨ ਆਰਥਿਕ ਰੂਪ ਨਾਲ ਕਮਜ਼ੋਰ ਵਰਗ ਦੇ ਲੋਕਾਂ ਲਈ, ਨੰਦੀ ਸੇਵਾ ਸੰਸਥਾ ਵਲੋਂ ਸਵਰੂਪ ਰਾਣੀ ਨਹਿਰੂ ਹਸਪਤਾਲ 'ਚ ਕੀਤਾ ਜਾਂਦਾ ਹੈ। ਬਿਆਨ 'ਚ ਕਿਹਾ ਗਿਆ ਕਿ ਮੁੱਖ ਮੰਤਰੀ ਨੇ ਹਸਪਤਾਲ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ 'ਮਾਂ ਦੀ ਰਸੋਈ' ਦਾ ਉਦਘਾਟਨ ਕੀਤਾ ਅਤੇ ਵਿਵਸਥਾਵਾਂ ਦੀ ਸਮੀਖਿਆ ਕੀਤੀ ਅਤੇ ਮੌਜੂਦ ਲੋਕਾਂ ਨੂੰ ਭੋਜਨ ਪਰੋਸਿਆ। ਸਰਕਾਰ ਨੇ ਕਿਹਾ,"ਨੰਦੀ ਸੇਵਾ ਸੰਸਥਾ ਨੇ ਆਰਥਿਕ ਰੂਪ ਨਾਲ ਕਮਜ਼ੋਰ ਵਰਗਾਂ ਦੀ ਮਦਦ ਲਈ ਇਹ ਪਹਿਲ ਸ਼ੁਰੂ ਕੀਤੀ ਹੈ। ਸਿਰਫ 9 ਰੁਪਏ 'ਚ ਲੋਕਾਂ ਨੂੰ ਭੋਜਨ ਮਿਲ ਸਕੇਗਾ। ਭੋਜਨ 'ਚ ਦਾਲ, ਚਾਰ ਰੋਟੀਆਂ, ਸਬਜੀਆਂ, ਚੌਲ, ਸਲਾਦ ਅਤੇ ਮਠਿਆਈਆਂ ਮਿਲਣਗੀਆਂ।" ਉਦਘਾਟਨ ਤੋਂ



ਬਾਅਦ ਉਦਯੋਗਿਕ ਵਿਕਾਸ ਮੰਤਰੀ ਨੰਦ ਗੋਪਾਲ ਗੁਪਤਾ ਨੇ ਮੁੱਖ ਮੰਤਰੀ ਨੂੰ ਰਸੋਈ 'ਚ ਭੋਜਨ ਤਿਆਰ ਕਰਨ ਦੇ ਸੰਬੰਧ 'ਚ ਜਾਣਕਾਰੀ ਦਿੱਤੀ। ਮੁੱਖ ਮੰਤਰੀ ਨੂੰ ਭੋਜਨ ਦੀ ਗੁਣਵੱਤਾ, ਸਵੱਛਤਾ ਮਾਨਕਾਂ ਅਤੇ ਹੋਰ ਵਿਵਸਥਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਨੰਦੀ ਸੇਵਾ ਸੰਸਥਾ ਅਨੁਸਾਰ 'ਮਾਂ ਦੀ ਰਸੋਈ' ਉਨ੍ਹਾਂ ਲੋਕਾਂ ਲਈ ਉਪਯੋਗੀ ਸਾਬਿਤ ਹੋਵੇਗੀ, ਜੋ ਆਪਣੇ ਪ੍ਰਿਯਜਨਾਂ ਦੇ ਇਲਾਜ ਲਈ ਇਸ ਹਸਪਤਾਲ 'ਚ ਆਉਂਦੇ ਹਨ ਅਤੇ ਭੋਜਨ ਲਈ ਚਿੰਤਤ ਹੁੰਦੇ ਹਨ। ਉਦਯੋਗਿਕ ਵਿਕਾਸ ਮੰਤਰੀ ਤੋਂ ਇਲਾਵਾ ਇਸ ਮੌਕੇ ਜਲਸ਼ਕਤੀ ਮੰਤਰੀ ਸਵਤੰਤਰ ਦੇਵ ਸਿੰਘ, ਮੁਖੀ ਸੰਜੇ ਪ੍ਰਸਾਦ ਅਤੇ ਜਗਦਗੁਰੂ ਮਹਾਮੰਡਲੇਸ਼ਵਰ ਸੰਤੋਸ ਦਾਸ ਮੌਜੂਦ ਰਹੇ।

## 'ਮੈਨੂੰ ਆਪਣੀ ਪਤਨੀ ਨੂੰ ਦੇਖਣਾ ਪਸੰਦ ਹੈ', 90 ਘੰਟੇ ਕੰਮ ਵਾਲੇ ਵਿਵਾਦ ਨੂੰ ਆਨੰਦ ਮਹਿੰਦਰਾ ਨੇ ਦਿੱਤੀ ਨਵੀਂ ਦਿਸ਼ਾ

ਨਵੀਂ ਦਿੱਲੀ 11 ਜਨਵਰੀ। ਲਾਰਸਨ ਐਂਡ ਟਬਰੋ ਦੇ ਚੇਅਰਮੈਨ ਐੱਸ.ਐੱਨ. ਸੁਬਰਾਮਨੀਅਨ ਦੇ 'ਹਫਤੇ ਵਿੱਚ 90 ਘੰਟੇ ਕੰਮ ਕਰਨ' ਦੇ ਬਿਆਨ 'ਤੇ ਵਿਵਾਦ ਰੁਕਣ ਦਾ ਨਾਂ ਨਹੀਂ ਲੈ ਰਿਹਾ ਹੈ। ਸੁਬਰਾਮਨੀਅਨ ਨੇ ਇਹ ਸਲਾਹ ਆਪਣੇ ਕਰਮਚਾਰੀਆਂ ਨਾਲ ਹਾਲ ਹੀ ਵਿੱਚ ਇੱਕ ਔਨਲਾਈਨ ਗੱਲਬਾਤ ਵਿੱਚ ਦਿੱਤੀ। ਉਨ੍ਹਾਂ ਕਿਹਾ ਕਿ ਜੇ ਸੰਭਵ ਹੋਇਆ ਤਾਂ ਕੰਪਨੀ ਤੁਹਾਨੂੰ ਐਤਵਾਰ ਨੂੰ ਵੀ ਕੰਮ ਕਰਵਾਏਗੀ। ਸੁਬਰਾਮਨੀਅਮ ਦੇ ਇਸ ਬਿਆਨ ਤੋਂ ਬਾਅਦ ਸੋਸਲ ਮੀਡੀਆ 'ਤੇ ਨਾਰਾਜਗੀ ਦੇਖਣ ਨੂੰ ਮਿਲੀ। ਇਸ ਦੌਰਾਨ ਮਹਿੰਦਰਾ ਗਰੁੱਪ ਦੇ ਚੇਅਰਮੈਨ ਆਨੰਦ ਮਹਿੰਦਰਾ ਨੇ ਇਸ 'ਤੇ ਆਪਣੀ ਰਾਏ ਦੇ ਕੇ ਇਸ ਮੁੱਦੇ ਨੂੰ ਹੋਰ ਗਰਮਾ ਦਿੱਤਾ। ਉਨ੍ਹਾਂ ਕੰਮ ਦੀ ਗੁਣਵੱਤਾ ਨੂੰ ਪਹਿਲ ਦੇਣ ਦੀ ਗੱਲ ਕਹੀ ਹੈ ਅਤੇ ਕਿਹਾ ਕਿ ਘੰਟਿਆਂ ਦੇ ਜੋਰ ਦੇਣ ਦੀ ਬਜਾਏ ਆਉਟਪੁੱਟ 'ਤੇ ਧਿਆਨ ਦੇਣਾ ਚਾਹੀਦਾ ਹੈ। ਇੱਕ ਪ੍ਰੋਗਰਾਮ ਵਿੱਚ ਆਨੰਦ ਮਹਿੰਦਰਾ ਨੇ ਕਿਹਾ ਕਿ ਇਹ ਬਹਿਸ ਗਲਤ ਦਿਸਾ ਵਿੱਚ ਜਾ ਰਹੀ ਹੈ। ਇਹ ਘੰਟਿਆਂ ਦੀ ਗਿਣਤੀ ਨਹੀਂ ਹੋਣੀ ਚਾਹੀਦੀ, ਸਗੋਂ ਕੰਮ ਦੀ ਆਉਟਪੁੱਟ 'ਤੇ ਹੋਣੀ ਚਾਹੀਦੀ ਹੈ। ਭਾਵੇਂ ਇਹ 40 ਘੰਟੇ ਹੋਣ ਜਾਂ 90 ਘੰਟੇ, ਸਵਾਲ ਇਹ ਹੈ ਕਿ ਤੁਸੀਂ ਕੀ ਆਉਟਪੁੱਟ ਦੇ ਰਹੇ ਹੋ? ਜੇਕਰ ਤੁਸੀਂ ਘਰ ਵਿੱਚ ਪਰਿਵਾਰ ਜਾਂ ਦੋਸਤਾਂ



ਨਾਲ ਸਮਾਂ ਨਹੀਂ ਬਿਤਾ ਰਹੇ, ਪੜ੍ਹਾਈ ਨਹੀਂ ਕਰ ਰਹੇ ਜਾਂ ਸੋਚਣ ਲਈ ਸਮਾਂ ਨਹੀਂ ਹੈ, ਤਾਂ ਤੁਸੀਂ ਸਹੀ ਫੈਸਲੇ ਕਿਵੇਂ ਲਓਗੇ? ਉਨ੍ਹਾਂ ਅੱਗੇ ਕਿਹਾ ਕਿ ਚੰਗੀ ਜ਼ਿੰਦਗੀ ਅਤੇ ਸਹੀ ਫੈਸਲੇ ਲੈਣ ਲਈ ਸੰਤੁਲਿਤ ਜੀਵਨ ਜਰੂਰੀ ਹੈ। ਤੁਸੀਂ ਹਰ ਵੇਲੇ ਇੱਕੋ ਸੁਰੰਗ ਵਿੱਚ ਨਹੀਂ ਰਹਿ ਸਕਦੇ। ਸੋਸਲ ਮੀਡੀਆ 'ਤੇ ਆਪਣੀ ਗਤੀਵਿਧੀ ਬਾਰੇ ਸਵਾਲਾਂ 'ਤੇ ਮਹਿੰਦਰਾ ਨੇ ਕਿਹਾ ਕਿ ਮੈਨੂੰ ਅਕਸਰ ਪੁੱਛਿਆ ਜਾਂਦਾ ਹੈ ਕਿ ਮੈਂ ਸੋਸਲ ਮੀਡੀਆ 'ਤੇ ਕਿੰਨਾ ਸਮਾਂ ਬਿਤਾਉਂਦਾ ਹਾਂ। ਮੈਂ ਚਾਹੁੰਦਾ ਹਾਂ ਕਿ ਲੋਕ ਜਾਣ ਲੈਣ ਕਿ ਮੈਂ (ਪਹਿਲਾਂ ਟਵਿੱਟਰ) ਜਾਂ ਸੋਸਲ ਮੀਡੀਆ 'ਤੇ ਇਸ ਲਈ ਨਹੀਂ ਹਾਂ ਕਿ ਮੈਂ ਇਕੱਲਾ ਹਾਂ। ਮੇਰੀ ਪਤਨੀ ਚੰਗੀ ਹੈ, ਮੈਨੂੰ ਉਸਨੂੰ ਦੇਖਣਾ ਪਸੰਦ ਹੈ। ਮੈਂ ਇੱਥੇ ਦੋਸਤ ਬਣਾਉਣ ਨਹੀਂ ਸਗੋਂ ਸੋਸਲ ਮੀਡੀਆ ਨੂੰ ਕਾਰੋਬਾਰੀ ਸਾਧਨ ਵਜੋਂ ਵਰਤਣ ਲਈ ਆਇਆ ਹਾਂ। ਇਸ ਤੋਂ ਪਹਿਲਾਂ ਐੱਲ ਐਂਡ ਟੀ ਦੇ ਚੇਅਰਮੈਨ ਸੁਬਰਾਮਨੀਅਮ ਨੇ ਆਪਣੇ ਬਿਆਨ 'ਚ ਕਿਹਾ ਸੀ ਕਿ ਐਤਵਾਰ ਨੂੰ ਤੁਸੀਂ ਘਰ ਬੈਠ ਕੇ ਕੀ ਕਰੋਗੇ? ਤੁਸੀਂ ਆਪਣੀ ਪਤਨੀ ਨੂੰ ਕਦੋਂ ਤਕ ਦੇਖੋਗੇ? ਪਤਨੀਆਂ ਆਪਣੇ ਪਤੀਆਂ ਨੂੰ ਕਦੋਂ ਤਕ ਦੇਖਣਗੀਆਂ? ਦਫਤਰ ਜਾਓ ਅਤੇ ਕੰਮ ਸ਼ੁਰੂ ਕਰੋ। ਉਨ੍ਹਾਂ ਦੇ ਇਸ ਬਿਆਨ 'ਤੇ ਕਈ ਲੋਕਾਂ ਨੇ ਨਾਰਾਜਗੀ ਜਤਾਈ ਸੀ। ਆਨੰਦ ਮਹਿੰਦਰਾ ਨੇ ਇਸ ਬਹਿਸ ਨੂੰ ਨਵੀਂ ਦਿਸ਼ਾ ਦਿੰਦੇ ਹੋਏ ਕਿਹਾ ਕਿ ਕੰਮ ਦੀ ਮਾਤਰਾ ਤੋਂ ਜ਼ਿਆਦਾ ਉਸ ਦੀ ਗੁਣਵੱਤਾ ਮਾਇਨੇ ਰੱਖਦੀ ਹੈ। ਉਨ੍ਹਾਂ ਦਾ ਇਹ ਬਿਆਨ ਸੋਸ਼ਲ ਮੀਡੀਆ 'ਤੇ ਤੇਜੀ ਨਾਲ ਵਾਇਰਲ ਹੋ ਰਿਹਾ ਹੈ ਅਤੇ ਲੋਕ ਇਸਨੂੰ ਖੂਬ ਪੰਸਦ ਕਰ ਰਹੇ ਹਨ।

## ਬੱਚਿਆਂ ਤੋਂ ਬਾਅਦ ਬਜ਼ੁਰਗਾਂ 'ਚ ਵੀ ਫੈਲਣ ਲੱਗਿਆ ਚੀਨੀ ਵਾਇਰਸ

ਨਵੀਂ ਦਿੱਲੀ 11 ਜਨਵਰੀ। ਕੋਰੋਨਾ ਵਰਗੇ ਚੀਨੀ ਵਾਇਰਸ ਹਿਊਮਨ ਮੈਟਾਨਿਊਮੋ ਵਾਇਰਸ () ਦੇ ਹੋਰ 2 ਨਵੇਂ ਮਾਮਲੇ ਸਾਹਮਣੇ ਆਏ ਹਨ। ਪਹਿਲਾ ਮਾਮਲਾ ਉੱਤਰ ਪ੍ਰਦੇਸ ਦਾ ਹੈ, ਇੱਥੇ ਲਖਨਊ ਵਿਚ ਇਕ 60 ਸਾਲਾ ਔਰਤ ਪਾਜੇਟਿਵ ਪਾਈ ਗਈ ਹੈ। ਇਸ ਦੇ ਨਾਲ ਹੀ ਗੁਜਰਾਤ ਦੇ



ਹਿੰਮਤਨਗਰ ਵਿਚ ਇਕ 7 ਸਾਲ ਦੇ ਬੱਚੇ ਦੀ ਰਿਪੋਰਟ ਪਾਜੇਟਿਵ ਆਈ ਹੈ। ਹਾਲਾਂਕਿ, ਇਹ ਰਿਪੋਰਟ ਇਕ ਨਿੱਜੀ ਹਸਪਤਾਲ ਦੀ ਲੈਬ ਦੀ ਹੈ। ਦੇਸ ਵਿਚ ਵਾਇਰਸ ਦੇ ਕੁੱਲ 11 ਮਾਮਲੇ ਸਾਹਮਣੇ ਆਏ ਹਨ। ਇਸ ਤੋਂ ਬਾਅਦ ਸੂਬਿਆਂ ਨੇ ਵੀ ਚੌਕਸੀ ਵਧਾ ਦਿੱਤੀ ਹੈ। ਪੰਜਾਬ ਵਿਚ ਬਜੁਰਗਾਂ ਅਤੇ ਬੱਚਿਆਂ ਨੂੰ ਲਾਜਮੀ ਤੌਰ 'ਤੇ ਮਾਸਕ ਪਾਉਣ ਦੀ ਸਲਾਹ ਦਿੱਤੀ ਗਈ ਹੈ। ਦੂਜੇ ਪਾਸੇ ਗੁਜਰਾਤ ਵਿਚ ਹਸਪਤਾਲਾਂ ਵਿਚ ਆਈਸੋਲੇਸ਼ਨ ਵਾਰਡ ਬਣਾਏ ਜਾ ਰਹੇ ਹਨ। ਹਰਿਆਣਾ ਵਿਚ ਵੀ ਸਿਹਤ ਵਿਭਾਗ ਨੂੰ ਵਾਇਰਸ ਦੇ ਮਾਮਲਿਆਂ 'ਤੇ ਨਿਗਰਾਨੀ ਰੱਖਣ ਦੇ ਹੁਕਮ ਦਿੱਤੇ ਗਏ ਹਨ। ਇਸ ਨਾਲ ਇਨਫੈਕਟਿਡ ਹੋਣ 'ਤੇ ਮਰੀਜਾਂ 'ਚ ਜੁਕਾਮ ਅਤੇ ਕੋਵਿਡ-19 ਵਰਗੇ ਲੱਛਣ ਦਿਖਾਈ ਦਿੰਦੇ ਹਨ। ਇਸ ਦਾ ਸਭ ਤੋਂ ਵੱਧ ਪ੍ਰਭਾਵ ਛੋਟੇ ਬੱਚਿਆਂ 'ਤੇ ਦੇਖਿਆ ਜਾ ਰਿਹਾ ਹੈ। ਇਨ੍ਹਾਂ ਵਿਚੋਂ 2 ਸਾਲ ਤੋਂ ਘੱਟ ਉਮਰ ਦੇ ਬੱਚੇ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ।

## ਡੱਲੇਵਾਲ ਦੀ ਨਾਜ਼ੁਕ ਹਾਲਤ ਵਿਚਾਲੇ ਪੰਜਾਬ ਸਰਕਾਰ ਦਾ ਵੱਡਾ ਫੈਸਲਾ

**ਏਜੰਸੀਆਂ**

ਚੰਡੀਗੜ੍ਹ 11 ਜਨਵਰੀ। ਖਨੌਰੀ ਬਾਰਡਰ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਬੇਹੱਦ ਨਾਜ਼ੁਕ ਹਾਲਤ ਦੇ ਵਿਚਾਲੇ ਪੰਜਾਬ ਸਰਕਾਰ ਦਾ ਵੱਡਾ ਫੈਸਲਾ ਆ ਗਿਆ ਹੈ। ਪੰਜਾਬ ਸਰਕਾਰ ਨੇ ਕੇਂਦਰ ਦੀ ਖੇਤੀ ਮੰਡੀ ਨੀਤੀ ਦਾ ਖਰੜਾ ਰੱਦ ਕਰ ਦਿੱਤਾ ਹੈ ਅਤੇ ਕੇਂਦਰ ਸਰਕਾਰ ਨੂੰ ਚਿੱਠੀ ਭੇਜ ਦਿੱਤੀ ਹੈ। ਪੰਜਾਬ ਸਰਕਾਰ ਨੇ ਆਪਣੀ ਚਿੱਠੀ 'ਚ ਸਪੱਸ਼ਟ ਲਿਖਿਆ ਹੈ ਕਿ ਇਹ ਕੇਂਦਰੀ ਖਾਕਾ 2021 'ਚ ਰੱਦ ਕੀਤੇ ਤਿੰਨ ਖੇਤੀਬਾੜੀ ਕਾਨੂੰਨਾਂ ਦੀਆਂ ਵਿਵਾਦਿਤ ਧਾਰਾਵਾਂ ਨੂੰ ਮੁੜ ਲਾਗੂ ਕਰਨ ਦੀ ਕੋਸ਼ਿਸ਼ ਹੈ। ਕੇਂਦਰ ਨੂੰ ਅਜਿਹੀ ਨੀਤੀ ਨਾ ਲਿਆਉਣ ਦੀ ਗੱਲ ਕਹਿੰਦਿਆਂ ਸੂਬਿਆਂ ਦੀਆਂ ਲੋੜਾਂ ਨੂੰ ਧਿਆਨ 'ਚ ਰੱਖਦਿਆਂ ਇਹ ਮੁੱਦਾ ਪੰਜਾਬ ਸਰਕਾਰ 'ਤੇ ਛੱਡਣ ਲਈ ਕਿਹਾ ਗਿਆ ਹੈ। ਪੰਜਾਬ ਸਰਕਾਰ ਨੇ ਪੱਤਰ 'ਚ ਸਵਾਲ ਚੁੱਕੇ ਹਨ ਕਿ ਪੰਜਾਬ ਦੇ ਕਿਸਾਨਾਂ ਲਈ ਸਭ ਤੋਂ ਅਹਿਮ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਬਾਰੇ ਬਲੂਪ੍ਰਿੰਟ ਪੂਰੀ ਤਰ੍ਹਾਂ ਖਾਮੋਸ਼ ਹੈ। ਨਵੀਂ ਖੇਤੀ ਮੰਡੀ ਨੀਤੀ ਬਲੂਪ੍ਰਿੰਟ 'ਚ ਨਿੱਜੀ ਮੰਡੀਆਂ ਨੂੰ ਪੰਜਾਬ ਦੀਆਂ ਮਾਰਕੀਟ ਕਮੇਟੀਆਂ ਨੂੰ ਅਪ੍ਰਸੰਗਿਕ ਬਣਾਉਣ ਲਈ ਉਤਸਾਹਿਤ ਕੀਤਾ ਗਿਆ ਹੈ, ਜੋ ਕਿ ਸੂਬੇ ਨੂੰ ਮਨਜ਼ੂਰ ਨਹੀਂ ਹੈ। ਪੰਜਾਬ ਦੀ ਆਪਣੀ ਇੱਕ ਮਜ਼ਬੂਤ ਮੰਡੀ ਪ੍ਰਣਾਲੀ ਹੈ। ਪੱਤਰ 'ਚ ਕਿਹਾ ਗਿਆ ਹੈ ਕਿ ਨਵੇਂ ਖਰੜੇ 'ਚ ਮੰਡੀ ਫੀਸਾਂ ਦੀ ਸੀਮਾ ਲਗਾਈ ਗਈ ਹੈ, ਜਿਸ ਨਾਲ ਪੰਜਾਬ 'ਚਮੰਡੀ ਨੈੱਟਵਰਕ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਨੁਕਸਾਨ ਹੋਵੇਗਾ। ਦੱਸਣਯੋਗ ਹੈ ਕਿ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਅੱਜ 46ਵੇਂ ਦਿਨ 'ਚ ਪਹੁੰਚ ਚੁੱਕਾ ਹੈ। ਡੱਲੇਵਾਲ ਦਾ ਬਿਆਨ ਹੈ ਕਿ ਜੇਕਰ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਲੈਂਦੀ ਹੈ ਤਾਂ ਉਹ ਆਪਣਾ ਮਰਨ ਵਰਤ ਖੋਲ੍ਹ ਲੈਣਗੇ। ਦੂਜੇ ਪਾਸੇ ਕਿਸਾਨਾਂ ਨੇ 10 ਜਨਵਰੀ ਮਤਲਬ ਕਿ ਅੱਜ ਦੇਸ਼ ਭਰ 'ਚ ਵਿਰੋਧ ਪ੍ਰਦਰਸ਼ਨ ਕਰਨ ਦੀ ਯੋਜਨਾ ਬਣਾਈ ਹੈ। ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਦੇ ਪੁਤਲੇ ਫੂਕੇ ਜਾਣਗੇ। ਇਸ ਦੇ ਨਾਲ ਹੀ 13 ਜਨਵਰੀ ਨੂੰ ਲੋਹੜੀ ਵਾਲੇ ਦਿਨ ਕੇਂਦਰ ਸਰਕਾਰ ਦੀ ਖੇਤੀਬਾੜੀ ਮਾਰਕੀਟਿੰਗ ਨੀਤੀ ਦੇ ਖਰੜੇ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ ਅਤੇ 26 ਜਨਵਰੀ ਨੂੰ ਕਿਸਾਨਾਂ ਵਲੋਂ ਦੇਸ਼ ਭਰ 'ਚ ਟਰੈਕਟਰ ਮਾਰਚ ਕੱਢਿਆ ਜਾਵੇਗਾ।

### ਜਲੰਧਰ ਦੇ ਨਵੇਂ ਚੁਣੇ ਗਏ ਮੇਅਰ ਵਿਨੀਤ ਧੀਰ ਨੂੰ ਦਿੱਤੀਆਂ ਸ਼ੁਭਕਾਮਨਾਵਾਂ

ਜਲੰਧਰ 11 ਜਨਵਰੀ। ਜਲੰਧਰ ਵਾਸੀਆਂ ਨੂੰ ਅੱਜ ਨਵਾਂ ਮੇਅਰ ਮਿਲ ਗਿਆ ਹੈ। ਆਮ ਆਦਮੀ ਪਾਰਟੀ ਨੇ ਵਿਨੀਤ ਧੀਰ ਨੂੰ ਜਲੰਧਰ ਨਗਰ ਨਿਗਮ ਦਾ ਮੇਅਰ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਬਲਬੀਰ ਸਿੰਘ ਬਿੱਟੂ ਢਿੱਲੋਂ ਨੂੰ ਸੀਨੀਅਰ ਡਿਪਟੀ ਮੇਅਰ ਨਿਯੁਕਤ ਕੀਤਾ ਗਿਆ ਹੈ ਅਤੇ ਮਲਕੀਤ ਸਿੰਘ ਸਰਪੰਚ ਨੂੰ ਡਿਪਟੀ ਮੇਅਰ ਬਣਾਇਆ ਗਿਆ ਹੈ। ਉਥੇ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ ਮੇਅਰ ਵਿਨੀਤ ਧੀਰ, ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਬਿੱਟੂ ਅਤੇ ਡਿਪਟੀ ਮੇਅਰ ਮਲਕੀਤ ਸਿੰਘ ਨੂੰ ਵਧਾਈਆਂ ਦਿੱਤੀਆਂ ਹਨ। ਐਕਸ 'ਤੇ ਪੋਸਟ ਸ਼ੇਅਰ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਜਲੰਧਰ ਕਾਰਪੋਰੇਸ਼ਨ ਦੇ ਮੇਅਰ ਦੇ ਅਹੁਦੇ ਲਈ ਵਿਨੀਤ ਧੀਰ, ਸੀਨੀਅਰ ਡਿਪਟੀ ਮੇਅਰ ਦੇ ਲਈ ਬਲਬੀਰ ਸਿੰਘ ਬਿੱਟੂ ਢਿੱਲੋਂ ਅਤੇ ਡਿਪਟੀ ਮੇਅਰ ਲਈ ਮਲਕੀਤ ਸਿੰਘ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਇਨ੍ਹਾਂ ਤਿੰਨਾਂ ਉਮੀਦਵਾਰਾਂ ਅਤੇ ਕੌਂਸਲਰਾਂ ਨੂੰ ਅਗਾਊਂ ਸ਼ੁਭਕਾਮਨਾਵਾਂ।

## 26 ਜਨਵਰੀ ਤੋਂ ਇਨ੍ਹਾਂ ਲੋਕਾਂ ਨੂੰ ਨਹੀਂ ਮਿਲੇਗਾ ਪੈਟਰੋਲ

ਨੈਲਨਲ ਡੈਸਕ 11 ਜਨਵਰੀ। ਜੇਕਰ ਬਿਨਾਂ ਹੈਲਮੇਟ ਲਗਾਏ ਦੋਪਹੀਆ ਵਾਹਨ 'ਚ ਪੈਟਰੋਲ ਪੁਆਉਣ ਪੰਪ 'ਤੇ ਜਾਂਦੇ ਹੋ ਤਾਂ ਤੁਹਾਨੂੰ ਪੈਟਰੋਲ ਨਹੀਂ ਮਿਲੇਗਾ। 26 ਜਨਵਰੀ ਤੋਂ ਬਿਨਾਂ ਹੈਲਮੇਟ ਪੈਟਰੋਲ ਪੰਪ ਜਾਣ ਨਾਲ ਤੁਹਾਨੂੰ ਖਾਲੀ ਹੱਥ ਹੀ ਵਾਪਸ ਆਉਣਾ ਪਵੇਗਾ। ਜੇਕਰ ਤੁਹਾਨੂੰ ਵੀ ਹੈਲਮੇਟ ਪਾਉਣ ਦੀ ਆਦਤ ਨਹੀਂ ਹੈ ਤਾਂ ਇਸ ਨੂੰ ਸੁਧਾਰ ਲਵੋ। ਦਰਅਸਲ ਨੋਇਡਾ ਦੇ ਟਰਾਂਸਪੋਰਟ ਵਿਭਾਗ ਨੇ 'ਨੋ ਹੈਲਮੇਟ ਨੋ ਫਿਊਲ' ਮੁਹਿੰਮ ਦੀ ਸ਼ੁਰੂਆਤ ਕੀਤੀ ਹੈ। ਟਰਾਂਸਪੋਰਟ ਵਿਭਾਗ ਨੇ ਜ਼ਿਲ੍ਹੇ 'ਚ ਜਿੰਨੇ ਪੈਟਰੋਲ ਪੰਪ ਹਨ, ਸਾਰਿਆਂ ਨੂੰ ਨੋਟਿਸ ਭੇਜ ਕੇ ਨੋ ਹੈਲਮੇਟ ਨੋ ਫਿਊਲ ਨਾਅਰੇ ਦੇ ਹੋਰਡਿੰਗ ਲਗਾਉਣ ਦੇ ਆਦੇਸ਼ ਦਿੱਤੇ ਹਨ। ਨਾਲ ਹੀ ਸੀਸੀਟੀਵੀ ਕੈਮਰੇ ਰਾਹੀਂ ਨਿਗਰਾਨੀ ਕਰਨ ਦੇ ਵੀ ਆਦੇਸ਼ ਦਿੱਤੇ ਹਨ। ਦੱਸਣਯੋਗ ਹੈ ਕਿ ਪਿਛਲੇ ਬੁੱਧਵਾਰ ਨੂੰ ਟਰਾਂਸਪੋਰਟ ਵਿਭਾਗ ਦੇ ਕਮਿਸ਼ਨਰ ਬੀ.ਐੱਨ. ਸਿੰਘ ਨੇ ਮੇਰਠ ਮੰਡਲ ਦੇ ਆਰਟੀਓ ਅਤੇ ਏਆਰਟੀਓ ਨਾਲ ਮੀਟਿੰਗ ਕੀਤੀ ਸੀ। ਇਸ ਦੌਰਾਨ ਉਨ੍ਹਾਂ ਕਿਹਾ ਸੀ ਕਿ ਜ਼ਿਲ੍ਹੇ 'ਚ ਵਧ ਰਹੇ ਸੜਕ ਹਾਦਸਿਆਂ ਨੂੰ ਘੱਟ ਕਰਨ ਲਈ ਨੋ ਹੈਲਮੇਟ ਨੋ ਫਿਊਲ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਕਾਰਨ ਡੀ.ਐੱਮ. ਮਨੀਸ਼ ਵਰਮਾ ਨੇ ਸ਼ੁੱਕਰਵਾਰ ਨੂੰ ਟਰਾਂਸਪੋਰਟ ਵਿਭਾਗ ਨੂੰ ਚਿੱਠੀ ਭੇਜੀ ਹੈ।

## ਭਾਜਪਾ ਨੇ ਦਿੱਲੀ 'ਚ ਉਮੀਦਵਾਰਾਂ ਦੀ ਦੂਜੀ ਸੂਚੀ ਕੀਤੀ ਜਾਰੀ

ਨੈਸ਼ਨਲ ਡੈਸਕ 11 ਜਨਵਰੀ। ਭਾਜਪਾ ਨੇ ਦਿੱਲੀ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੀ ਦੂਜੀ ਸੂਚੀ ਜਾਰੀ ਕਰ ਦਿੱਤੀ ਹੈ। ਦੂਜੀ ਸੂਚੀ ਵਿੱਚ 29 ਉਮੀਦਵਾਰਾਂ ਦੇ ਨਾਂ ਸਾਮਲ ਹਨ। ਪਾਰਟੀ ਨੇ ਤ੍ਰਿਨਗਰ ਤੋਂ ਤਿਲਕ ਰਾਮ ਗੁਪਤਾ ਨੂੰ ਟਿਕਟ ਦਿੱਤੀ ਹੈ। ਕਰਮ ਸਿੰਘ ਕਰਮਾ ਨੂੰ ਸੁਲਤਾਨਪੁਰ ਮਾਜਰਾ ਤੋਂ ਉਮੀਦਵਾਰ ਐਲਾਨਿਆ ਗਿਆ ਹੈ। ਪਾਰਟੀ ਨੇ ਕਪਿਲ ਮਿਸਰਾ ਨੂੰ ਦਿੱਲੀ ਕਰਾਵਲ ਨਗਰ ਵਿਧਾਨ ਸਭਾ ਸੀਟ ਤੋਂ ਆਪਣਾ ਉਮੀਦਵਾਰ ਬਣਾਇਆ ਹੈ। ਅਭੈ ਵਰਮਾ ਨੂੰ ਇਕ ਵਾਰ ਫਿਰ ਲਕਸਮੀ ਨਗਰ ਤੋਂ ਉਮੀਦਵਾਰ ਬਣਾਇਆ ਗਿਆ ਹੈ। ਅਭੈ ਵਰਮਾ ਲਕਸਮੀ ਨਗਰ ਤੋਂ ਮੌਜੂਦਾ ਵਿਧਾਇਕ ਹਨ। ਪਾਰਟੀ ਨੇ ਨਰੇਲਾ ਵਿਧਾਨ ਸਭਾ ਸੀਟ ਤੋਂ ਰਾਜ ਕਰਨ ਖੰਨੀ, ਤਿਮਾਰਪੁਰ ਤੋਂ ਸੂਰਿਆ ਪ੍ਰਕਾਸ ਖੰਨਾ, ਮੁੰਡਕਾ ਤੋਂ ਗਜੇਂਦਰ ਦਰਾਲ, ਕਿਰਾੜੀ ਤੋਂ ਬਜਰੰਗ ਸੁਕਲਾ, ਸੁਲਤਾਨਪੁਰ ਮਾਜਰਾ ਤੋਂ ਕਰਮ ਸਿੰਘ ਕਰਮਾ, ਸਕੂਰ ਬਸਤੀ ਤੋਂ ਕਰਨੈਲ ਸਿੰਘ, ਤ੍ਰਿਨਗਰ ਤੋਂ ਤਿਲਕ ਰਾਮ ਗੁਪਤਾ, ਤ੍ਰਿਨਗਰ ਤੋਂ ਮਨੋਜ ਨੂੰ ਉਮੀਦਵਾਰ ਬਣਾਇਆ ਹੈ। ਸਦਰ ਬਾਜਾਰ ਕੁਮਾਰ



ਜਿੰਦਲ, ਚਾਂਦਨੀ ਚੌਕ ਤੋਂ ਸਤੀਸ ਜੈਨ, ਮਟੀਆ ਮਹਿਲ ਤੋਂ ਦੀਪਤੀ ਇੰਦੌਰਾ, ਬੱਲੀਮਾਰਨ ਤੋਂ ਕਮਲ ਬਾਗੜੀ, ਮੋਤੀ ਨਗਰ ਤੋਂ ਹਰੀਸ ਖੁਰਾਣਾ ਅਤੇ ਮਾਦੀਪੁਰ ਤੋਂ ਉਰਮਿਲਾ ਕੈਲਾਸ ਗੰਗਵਾਲ ਨੂੰ ਟਿਕਟ ਦਿੱਤੀ ਗਈ ਹੈ।

## ਸੁਪਰੀਮ ਕੋਰਟ ਨੇ ਖਾਰਜ ਕੀਤੀਆਂ ਸਮਲਿੰਗੀ ਵਿਆਹ 'ਤੇ ਮੁੜ ਵਿਚਾਰ ਪਟੀਸ਼ਨਾਂ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 11 ਜਨਵਰੀ। ਸੁਪਰੀਮ ਕੋਰਟ ਨੇ ਸਮਲਿੰਗੀ ਵਿਆਹ ਨੂੰ ਕਾਨੂੰਨੀ ਮਨਜ਼ੂਰੀ ਦੇਣ ਤੋਂ ਇਨਕਾਰ ਕਰਨ ਦੇ ਆਪਣੇ ਫੈਸਲੇ ਦੀ ਸਮੀਖਿਆ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ ਖਾਰਜ ਕਰ ਦਿੱਤੀਆਂ ਹਨ। ਜੱਜ ਬੀ.ਆਰ. ਗਵਈ, ਜੱਜ ਸੂਰੀਆਕਾਂਤ, ਜੱਜ ਬੀਵੀ ਨਾਗਰਤਨਾ, ਜੱਜ ਪੀ.ਐੱਸ. ਨਰਸਿਮਹਾ ਅਤੇ ਜੱਜ ਦੀਪਾਂਕਰ ਦੱਤਾ ਦੀ ਸੰਵਿਧਾਨਕ ਬੈਂਚ ਨੇ ਇਹ ਕਹਿੰਦੇ ਹੋਏ ਕਿ ਉਨ੍ਹਾਂ ਨੂੰ ਆਪਣੇ ਫੈਸਲੇ 'ਚ ਰਿਕਾਰਡ 'ਤੇ ਕੋਈ ਖਾਮੀ ਨਹੀਂ ਦਿੱਸੀ, ਸਮੀਖਿਆ ਕਰਨ ਤੋਂ ਇਨਕਾਰ ਕਰ ਦਿੱਤਾ। ਪਟੀਸ਼ਨਾਂ 'ਚ ਸੁਪਰੀਮ ਕੋਰਟ ਦੀ ਸਮਲਿੰਗੀ ਵਿਆਹ ਨੂੰ ਕਾਨੂੰਨੀ ਮਨਜ਼ੂਰੀ ਦੇਣ ਤੋਂ ਇਨਕਾਰ ਕਰਨ ਵਾਲੇ 17 ਅਕਤੂਬਰ 2023 ਦੀ ਫੈਸਲੇ ਦੀ ਸਮੀਖਿਆ ਦੀ ਮੰਗ ਕੀਤੀ ਗਈ ਸੀ। ਚੈਂਬਰ ਕਾਰਵਾਈ ਤੋਂ ਬਾਅਦ ਵੀਰਵਾਰ ਨੂੰ ਆਪਣੇ ਆਦੇਸ਼ 'ਚ ਬੈਂਚ ਨੇ ਕਿਹਾ,"ਅਸੀਂ ਜੱਜ ਐੱਸ. ਰਵਿੰਦਰ ਭੱਟ (ਸਾਬਕਾ ਜੱਜ) ਵਲੋਂ ਖੁਦ ਅਤੇ ਜੱਜ ਹਿਮਾ ਕੋਹਲੀ (ਸਾਬਕਾ ਜੱਜ) ਵਲੋਂ ਕੀਤੇ ਗਏ ਫੈਸਲਿਆਂ ਅਤੇ ਸਾਡੇ 'ਚੋਂ ਇਕ (ਜੱਜ ਨਰਸਿਮਹਾ) ਵਲੋਂ ਦਿੱਤੇ ਗਏ ਫੈਸਲਿਆਂ ਦੀ ਸਹਿਮਤੀ ਵਾਲੀ ਰਾਏ ਨੂੰ ਧਿਆਨ ਨਾਲ ਪੜ੍ਹਿਆ ਹੈ, ਜੋ ਬਹੁਮਤ ਦੀ ਰਾਏ ਹੈ।" ਸੁਪਰੀਮ ਕੋਰਟ ਨੇ



ਅੱਗੇ ਕਿਹਾ ਕਿ ਦੋਵੇਂ ਫੈਸਲਿਆਂ 'ਚ ਜਾਹਰ ਕੀਤੀ ਗਈ ਰਾਏ ਕਾਨੂੰਨ ਅਨੁਸਾਰ ਹੈ। ਇਨ੍ਹਾਂ 'ਚ ਕਿਸੇ ਦਖਲਅੰਦਾਜੀ ਦੀ ਲੋੜ ਨਹੀਂ ਹੈ। ਬੈਂਚ ਨੇ ਕਿਹਾ,"ਇਸ ਆਧਾਰ 'ਤੇ ਮੁੜ ਵਿਚਾਰ ਪਟੀਸ਼ਨਾਂ ਨੂੰ ਖਾਰਜ ਕੀਤਾ ਜਾਂਦਾ ਹੈ।" ਅਦਾਲਤ ਨੇ ਸਮੀਖਿਆ ਪਟੀਸ਼ਨਾਂ ਨੂੰ ਖੁੱਲ੍ਹੀ ਅਦਾਲਤ 'ਚ ਸੂਚੀਬੱਧ ਕਰਨ ਲਈ ਇਕ ਅਰਜੀ ਨੂੰ ਵੀ ਖਾਰਜ ਕਰ ਦਿੱਤਾ। ਇਸ ਮਾਮਲੇ 'ਚ ਸੰਬੰਧਤਚ ਪਟੀਸ਼ਨਾਂ 'ਤੇ ਜੱਜਾਂ ਦੇ ਚੈਂਬਰਾਂ 'ਚ ਵਿਚਾਰ ਕੀਤਾ ਗਿਆ। ਸੁਪਰੀਮ ਕੋਰਟ ਦੇ ਨਿਯਮਾਂ ਅਨੁਸਾਰ, ਸਮੀਖਿਆ ਪਟੀਸ਼ਨਾਂ 'ਤੇ ਜੱਜਾਂ ਵਲੋਂ ਦਸਤਾਵੇਜਾਂ ਦੇ ਪ੍ਰਸਾਰ ਅਤੇ ਐਡਵੋਕੇਟ ਦੀ ਮੌਜੂਦਗੀ ਤੋਂ ਬਿਨਾਂ ਜੱਜਾਂ ਦੇ ਚੈਂਬਰਾਂ 'ਚ ਵਿਚਾਰ ਕੀਤਾ ਜਾਂਦਾ ਹੈ। ਸੁਪਰੀਮ ਕੋਰਟ ਨੇ ਪਹਿਲੇ ਹੀ ਸਮੀਖਿਆ ਪਟੀਸ਼ਨਾਂ 'ਤੇ ਖੁੱਲ੍ਹੀ ਅਦਾਲਤ 'ਚ ਸੁਣਵਾਈ ਦੀ ਮਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਉਸ ਸਮੇਂ ਚੀਫ ਜਸਟਿਸ ਚੰਦਰਚੂੜ ਦੀ ਅਗਵਾਈ ਵਾਲੀ 5 ਜੱਜਾਂ ਦੀ ਬੈਂਚ ਨੇ 17 ਅਕਤੂਬਰ, 2024 ਨੂੰ ਸਮਲਿੰਗੀ ਵਿਆਹਾਂ ਨੂੰ ਕਾਨੂੰਨੀ ਸਮਰਥਨ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਬੈਂਚ ਨੇ ਕਿਹਾ ਸੀ ਕਿ ਕਾਨੂੰਨ ਵਲੋਂ ਮਾਨਤਾ ਪ੍ਰਾਪਤ ਵਿਆਹਾਂ ਨੂੰ ਛੱਡ ਕੇ ਵਿਆਹ ਕਰਨ ਦਾ 'ਕੋਈ ਵੀ ਅਯੋਗ ਅਧਿਕਾਰ' ਨਹੀਂ ਹੈ।

# ਚਚੇਰੇ ਭਰਾ ਨੇ ਹੀ ਰਚੀ ਸੀ ਮੁਕੇਸ਼ ਦੇ ਕਤਲ ਦੀ ਸਾਜਿਸ਼ ! ਨੌਜਵਾਨ ਪੱਤਰਕਾਰ ਦੇ ਮਰਡਰ ਨੂੰ ਲੈ ਕੇ ਵੱਡਾ ਖੁਲਾਸਾ

ਰਾਏਪੁਰ 11 ਜਨਵਰੀ। ਛੱਤੀਸਗੜ੍ਹ ਦੇ ਪੱਤਰਕਾਰ ਮੁਕੇਸ ਚੰਦਰਾਕਰ ਦੀ ਹੱਤਿਆ ਦੇ ਮੁੱਖ ਦੋਸੀ ਦੀ ਪਛਾਣ ਉਸ ਦੇ ਚਚੇਰੇ ਭਰਾ ਵਜੋਂ ਹੋਈ ਹੈ। ਰਿਤੇਸ ਚੰਦਰਾਕਰ ਉਨ੍ਹਾਂ ਤਿੰਨ ਲੋਕਾਂ 'ਚ ਸਾਮਲ ਹੈ, ਜਿਨ੍ਹਾਂ ਨੂੰ 28 ਸਾਲਾ ਪੱਤਰਕਾਰ ਮੁਕੇਸ ਚੰਦਰਾਕਰ ਦੀ ਹੱਤਿਆ ਦੇ ਦੋਸ 'ਚ ਗ੍ਰਿਫਤਾਰ ਕੀਤਾ ਗਿਆ ਹੈ। ਮੁਕੇਸ ਨੇ ਹਾਲ ਹੀ ਵਿਚ ਬਸਤਰ ਖੇਤਰ ਦੇ ਗੰਗਲੂਰ ਤੋਂ ਹਿਰੋਲੀ ਤੱਕ 120 ਕਰੋੜ ਰੁਪਏ ਦੇ ਸੜਕ ਨਿਰਮਾਣ ਪ੍ਰਾਜੈਕਟ ਵਿਚ ਕਥਿਤ ਭ੍ਰਿਸਟਾਚਾਰ ਦਾ ਪਰਦਾਫਾਸ ਕੀਤਾ ਸੀ। ਮੁਕੇਸ ਚੰਦਰਾਕਰ ਆਪਣੀਆਂ ਜਾਂਚ ਰਿਪੋਰਟਾਂ ਲਈ ਜਾਣੇ ਜਾਂਦੇ ਸਨ। ਇਸ ਪ੍ਰਾਜੈਕਟ ਦਾ ਸੁਰੂਆਤੀ ਟੈਂਡਰ 50 ਕਰੋੜ ਰੁਪਏ ਸੀ, ਪਰ ਬਾਅਦ ਵਿਚ ਇਸ ਨੂੰ ਵਧਾ ਕੇ 120 ਕਰੋੜ ਰੁਪਏ ਕਰ ਦਿੱਤਾ ਗਿਆ। ਪ੍ਰਾਜੈਕਟ ਦਾ ਕੰਮ ਠੇਕੇਦਾਰ ਸੁਰੇਸ ਚੰਦਰਾਕਰ ਕੋਲ ਸੀ। ਮੁਕੇਸ ਦੇ ਖੁਲਾਸੇ ਤੋਂ ਬਾਅਦ ਸੂਬਾ ਸਰਕਾਰ ਨੇ ਜਾਂਚ ਸੁਰੂ ਕਰ ਦਿੱਤੀ, ਜਿਸ ਨਾਲ ਇਲਾਕੇ ਦੀ ਠੇਕੇਦਾਰ ਲਾਬੀ 'ਚ ਹਲਚਲ ਮਚ ਗਈ। ਸੁਰੇਸ ਚੰਦਰਾਕਰ ਦੇ ਭਰਾ ਰਿਤੇਸ ਨੇ ਕਥਿਤ ਤੌਰ 'ਤੇ ਮੁਕੇਸ ਨਾਲ 1 ਜਨਵਰੀ ਦੀ ਰਾਤ ਨੂੰ ਠੇਕੇਦਾਰ ਦੀ ਮੀਟਿੰਗ ਤੈਅ ਕੀਤੀ ਸੀ। ਮੁਲਾਕਾਤ ਤੋਂ ਬਾਅਦ ਮੁਕੇਸ ਦਾ ਫੋਨ ਬੰਦ ਹੋ ਗਿਆ ਅਤੇ ਉਸ ਦੇ ਵੱਡੇ ਭਰਾ ਯੁਕੇਸ ਚੰਦਰਾਕਰ ਨੇ ਉਸ ਦੇ ਲਾਪਤਾ ਹੋਣ ਦੀ ਸੂਚਨਾ ਦਿੱਤੀ। ਪੱਤਰਕਾਰ ਦੀ ਲਾਸ ਦੋ ਦਿਨ ਬਾਅਦ ਚਟਨਪਾੜਾ ਵਿਚ ਸੁਰੇਸ ਦੀ ਮਲਕੀਅਤ ਵਾਲੀ ਜਾਇਦਾਦ ਵਿਚ ਸਥਿਤ ਇਕ ਸੈਪਟਿਕ ਟੈਂਕ ਵਿਚੋਂ ਮਿਲੀ, ਜਿੱਥੇ ਉਸ ਨੂੰ ਆਖਰੀ ਵਾਰ ਦੇਖਿਆ ਗਿਆ ਸੀ। ਪੁਲਸ ਨੇ ਰਿਤੇਸ ਅਤੇ ਪਰਿਵਾਰ ਦੇ ਇਕ ਹੋਰ ਮੈਂਬਰ ਦਿਨੇਸ ਚੰਦਰਾਕਰ ਸਮੇਤ ਤਿੰਨ ਸੱਕੀਆਂ ਨੂੰ ਗ੍ਰਿਫਤਾਰ ਕੀਤਾ ਹੈ। ਹਾਲਾਂਕਿ ਭ੍ਰਿਸਟਾਚਾਰ ਦੇ ਕੇਂਦਰ ਦਾ ਠੇਕੇਦਾਰ




ਸੁਰੇਸ ਅਜੇ ਤੱਕ ਫਰਾਰ ਹੈ। ਪੁਲਸ ਸੂਤਰਾਂ ਅਨੁਸਾਰ ਮੁਕੇਸ ਅਤੇ ਰਿਤੇਸ ਵਿਚਕਾਰ ਚੰਗੀ ਦੋਸਤੀ ਹੈ। ਉਹ ਅਕਸਰ ਉਸ ਜਾਇਦਾਦ 'ਤੇ ਮਿਲਦੇ ਸਨ ਜਿੱਥੇ ਪੱਤਰਕਾਰ ਦੀ ਲਾਸ ਮਿਲੀ ਸੀ। ਉਨ੍ਹਾਂ ਦੀ ਚੰਗੀ ਦੋਸਤੀ ਦੇ ਬਾਵਜੂਦ ਮੁਕੇਸ ਦੇ ਸੜਕ ਪ੍ਰੋਜੈਕਟ ਵਿਚ ਭ੍ਰਿਸਟਾਚਾਰ ਦਾ ਪਰਦਾਫਾਸ ਕਰਨ ਦੇ ਕੰਮ ਨੇ ਸਬੰਧਾਂ ਵਿਚ ਖਟਾਸ ਪੈਦਾ ਕੀਤੀ। ਹਾਲਾਂਕਿ ਮੁਕੇਸ ਦੇ ਪਰਿਵਾਰ ਨੂੰ ਕੋਈ ਸਿੱਧੀ ਧਮਕੀ ਨਹੀਂ ਦਿੱਤੀ ਗਈ। ਮੁਕੇਸ ਨੇ ਆਪਣਾ ਪੱਤਰਕਾਰੀ ਕਰੀਅਰ 2012 ਵਿਚ ਸੁਰੂ ਕੀਤਾ ਅਤੇ ਬਾਅਦ ਵਿਚ ਆਪਣਾ ਯੂਟਿਊਬ ਚੈਨਲ ਬਸਤਰ ਜੰਕਸਨ ਬਣਾਇਆ, ਜਿਸ ਦੇ 1.59 ਲੱਖ ਤੋਂ ਵੱਧ ਗਾਹਕ ਹਨ। ਬੀਜਾਪੁਰ ਦੇ ਬਾਸਾਗੁਡਾ ਪਿੰਡ ਦਾ ਰਹਿਣ ਵਾਲਾ ਮੁਕੇਸ ਸਥਾਨਕ ਮੁੱਦਿਆਂ 'ਤੇ ਨਿਡਰ ਰਿਪੋਰਟਿੰਗ ਲਈ ਜਾਣਿਆ ਜਾਂਦਾ ਸੀ। ਸੂਬਾ ਸਰਕਾਰ ਨੇ ਮਾਮਲੇ ਦੀ ਜਾਂਚ ਦਾ ਭਰੋਸਾ ਦਿੱਤਾ ਹੈ। ਇਸ ਦੌਰਾਨ ਪੁਲਸ ਸੁਰੇਸ ਚੰਦਰਾਕਰ ਦੀ ਭਾਲ ਕਰ ਰਹੀ ਹੈ ਅਤੇ ਮਾਮਲੇ ਨਾਲ ਜੁੜੇ ਕਈ ਸੱਕੀਆਂ ਤੋਂ ਪੁੱਛਗਿੱਛ ਕਰ ਰਹੀ ਹੈ। ਮੁਕੇਸ ਚੰਦਰਕਰ ਦੇ ਕਤਲ ਕੇਸ ਵਿਚ ਪ੍ਰਸਾਸਨ ਨੇ ਮੁਲਜਮ ਸੁਰੇਸ ਚੰਦਰਾਕਰ ਦੇ ਟਿਕਾਣਿਆਂ 'ਤੇ ਜੇਸੀਬੀ ਨਾਲ ਕਾਰਵਾਈ ਸੁਰੂ ਕਰ ਦਿੱਤੀ ਹੈ। ਪ੍ਰਸਾਸਨ ਵੱਲੋਂ ਜੇਸੀਬੀ ਨਾਲ ਨਾਜਾਇਜ ਉਸਾਰੀਆਂ ਖਿ਼ਲਾਫ ਕਾਰਵਾਈ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਮੁਕੇਸ ਚੰਦਰਾਕਰ ਦੇ ਕਤਲ ਮਾਮਲੇ 'ਚ ਐੱਸ. ਆਈ. ਟੀ. ਸੁਰੇਸ ਚੰਦਰਾਕਰ ਦੇ ਤਿੰਨ ਬੈਂਕ ਖਾਤਿਆਂ ਨੂੰ ਜਾਂਚ ਲਈ ਰੋਕ ਦਿੱਤਾ ਗਿਆ ਹੈ। ਵਾਇਨਾਡ ਦੀ ਸੰਸਦ ਮੈਂਬਰ ਅਤੇ ਕਾਂਗਰਸ ਨੇਤਾ ਪ੍ਰਿਅੰਕਾ ਗਾਂਧੀ ਨੇ ਪੱਤਰਕਾਰ ਦੇ ਕਤਲ ਦੀ ਨਿੰਦਾ ਕੀਤੀ ਹੈ। ਉਨ੍ਹਾਂ ਨੇ ਸੋਸਲ ਮੀਡੀਆ 'ਤੇ ਲਿਖਿਆ, "ਛੱਤੀਸਗੜ੍ਹ ਦੇ ਬਸਤਰ ਤੋਂ ਪੱਤਰਕਾਰ ਮੁਕੇਸ ਚੰਦਰਾਕਰ ਦੇ ਕਤਲ ਦੀ ਖਬਰ ਹੈਰਾਨ ਕਰਨ ਵਾਲੀ ਹੈ। ਰਿਪੋਰਟਾਂ ਮੁਤਾਬਕ ਮੁਕੇਸ ਨੇ ਆਪਣੀ ਰਿਪੋਰਟ 'ਚ ਭ੍ਰਿਸਟਾਚਾਰ ਦਾ ਪਰਦਾਫਾਸ ਕੀਤਾ ਸੀ, ਜਿਸ ਤੋਂ ਬਾਅਦ ਉਨ੍ਹਾਂ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ ਸੀ। ਉਹ ਸੂਬਾ ਸਰਕਾਰ ਤੋਂ ਮੰਗ ਕਰਦੀ ਹੈ ਕਿ ਇਸ ਮਾਮਲੇ ਵਿਚ ਸਖਤ ਅਤੇ ਤੁਰੰਤ ਕਾਰਵਾਈ ਕੀਤੀ ਜਾਵੇ, ਦੋਸੀਆਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ ਅਤੇ ਮ੍ਰਿਤਕ ਦੇ ਪਰਿਵਾਰ ਨੂੰ ਬਣਦਾ ਮੁਆਵਜਾ ਅਤੇ ਨੌਕਰੀ ਦੇਣ ਬਾਰੇ ਵਿਚਾਰ ਕੀਤਾ ਜਾਵੇ।"

## ਸਟੀਲ ਕੰਪਨੀ ਦੇ ਮਾਲਕ 'ਤੇ ਟਰੱਕ, ਮੋਟਰਸਾਈਕਲ, ਮੋਬਾਈਲ ਫੋਨ, ਕਾਰਡ ਅਤੇ ਨਕਦੀ ਖੋਹਣ ਦਾ ਮਾਮਲਾ ਦਰਜ

ਲੁਧਿਆਣਾ 11 ਜਨਵਰੀ। ਪਹਿਲਾਂ ਟਰਾਂਸਪੋਰਟਰ ਤੋਂ ਮਾਲਾ ਢੋਆ ਢੋਆਈ ਕਰਾਈ ਜਦੋਂ ਢੋਆ ਢੋਆਈ ਦੇ ਪੈਸੇ ਲੈਣ ਗਿਆ ਤਾਂ ਕੁੱਟਮਾਰ ਕਰਕੇ ਟਰੱਕ, ਮੋਟਰਸਾਈਕਲ, ਮੋਬਾਈਲ ਫੋਨ, ਏ. ਟੀ. ਐੱਮ ਕਾਰਡ, ਬੈਂਕ ਦੀ ਚੈੱਕ ਬੁੱਕ ਅਤੇ ਕੈਸ ਜਬਰਦਸਤੀ ਖੋ ਲਏ। ਘਟਨਾ ਥਾਣਾ ਸਾਹਨੇਵਾਲ ਅਧੀਨ ਆਉਂਦੇ ਇਲਾਕੇ ਜੁਗਿਆਣਾ ਦੀ ਹੈ ਜਿੱਥੇ ਇਕ ਟਰਾਂਸਪੋਰਟਰ ਨੇ ਸਟੀਲ ਕੰਪਨੀ ਦੇ ਉੱਪਰ ਗੰਭੀਰ ਦੋਸ ਲਗਾ ਕੇ ਸਿ਼ਕਾਇਤ ਦਿੱਤੀ ਹੈ। ਪੁਲਸ ਦੇ ਉੱਚ ਅਧਿਕਾਰੀਆਂ ਨੂੰ ਦਿੱਤੀ ਗਈ ਸਿ਼ਕਾਇਤ 'ਚ ਅਵਦੇਸ ਕੁਮਾਰ ਯਾਦਵ ਪੁੱਤਰ ਰਾਮ ਗਿਆਨ ਯਾਦਵ ਵਾਸੀ ਨਿਊ ਅਜਾਦ ਨਗਰ ਲੁਹਾਰਾ ਨੇ ਦੱਸਿਆ ਕਿ ਉਹ ਟਰਾਂਸਪੋਰਟ ਦਾ ਕੰਮ ਕਰਦਾ ਹੈ ਤੇ ਉਸ ਦੀ ਆਪਣੀ ਟਰਾਂਸਪੋਰਟ ਕੰਪਨੀ ਹੈ। ਉਸ ਨੇ ਦੱਸਿਆ ਕਿ ਵੱਖ-ਵੱਖ ਸਮੇਂ 'ਤੇ ਗ੍ਰੇਟ ਇੰਡੀਆ ਸਟੀਲ ਕੰਪਨੀ ਦੇ ਮਾਲਕ ਨੇ ਉਸ ਤੋਂ ਟਰੱਕ ਰਾਂਹੀ ਮਾਲ




ਦੀ ਢੋਆ ਢੋਆਈ ਕਰਾਈ ਜਿਸ ਦੀਆਂ ਉਸ ਨੂੰ ਦਿੱਤੀਆਂ ਗਈਆਂ ਬਿਲਟੀਆਂ ਵੀ ਉਸ ਕੋਲ ਹਨ। ਉਸ ਨੂੰ ਕਿਰਾਏ ਦੇ ਥੋੜ੍ਹੇ-ਥੋੜ੍ਹੇ ਪੈਸੇ ਦਿੰਦੇ ਰਹੇ ਅਤੇ ਬਾਕੀ ਪੈਸੇ ਬਾਅਦ 'ਚ ਹਿਸਾਬ ਕਰਨ 'ਤੇ ਦੇਣ ਦਾ ਕਹਿ ਕੇ ਰੋਕ ਲਏ ਜਾਂਦੇ ਸਨ। ਅਵਦੇਸ ਨੇ ਦੱਸਿਆ ਕਿ ਜਦੋਂ ਉਹ ਬਾਅਦ 'ਚ ਹਿਸਾਬ ਕਰਕੇ ਪੈਸੇ ਲੈਣ ਗਿਆ ਤਾਂ ਕੰਪਨੀ ਦੇ ਮਾਲਕ ਦਯਾ ਸੰਕਰ ਸੈਣੀ ਨੇ ਆਪਣੇ ਵਰਕਰਾਂ ਨਾਲ ਮਿਲ ਕੇ ਉਸ ਦੀ ਕੁੱਟਮਾਰ ਤਾਂ ਕੀਤੀ ਸਗੋਂ ਉਸ ਦਾ ਟਰੱਕ, ਮੋਟਰਸਾਈਕਲ, ਮੋਬਾਈਲ ਫੋਨ, ਏ. ਟੀ. ਐੱਮ. ਕਾਰਡ, ਬੈਂਕ ਦੀ ਚੈੱਕ ਬੁੱਕ ਅਤੇ ਜੇਬ 'ਚੋਂ 27 ਹਜਾਰ ਪੰਜ ਸੌ ਰੁਪਏ ਕੈਸ ਵੀ ਜਬਰਦਸਤੀ ਖੋਹ ਲਏ। ਇਸ 'ਤੇ ਪੁਲਸ ਨੇ ਕੰਪਨੀ ਦੇ ਮਾਲਕ ਦਯਾ ਸੰਕਰ ਸੈਣੀ ਅਤੇ ਨਾ ਮਾਲੂਮ ਵਰਕਰਾਂ ਦੇ ਖਿ਼ਲਾਫ ਮਾਮਲਾ ਦਰਜ ਕਰਕੇ ਭਾਲ ਸੁਰੂ ਕਰ ਦਿੱਤੀ ਹੈ।

## ਕੰਮ 'ਤੇ ਜਾ ਰਹੇ ਨੌਜਵਾਨ ਨੂੰ ਰਾਹ 'ਚ ਘੇਰ ਕੇ ਨਸ਼ਾ ਵੇਚਣ ਲਈ ਕੀਤਾ ਮਜਬੂਰ, ਮਨ੍ਹਾ ਕਰਨ 'ਤੇ ਕੀਤੀ ਕੁੱਟਮਾਰ

ਲੁਧਿਆਣਾ 11 ਜਨਵਰੀ। ਪੰਜਾਬ 'ਚੋਂ ਨਸਾ ਖਤਮ ਕਰਨ ਦੇ ਦਾਅਵੇ ਲਗਾਤਾਰ ਕੀਤੇ ਜਾਂਦੇ ਰਹਿੰਦੇ ਹਨ। ਪਰ ਨਸਾ ਵੇਚਣ ਵਾਲੇ ਬੇਖੌਫ ਹੋ ਕੇ ਨਸੇ ਦੀ ਸਪਲਾਈ ਕਰਦੇ ਹਨ ਅਤੇ ਉਨ੍ਹਾਂ ਨੂੰ ਪੁਲਸ ਦੀ ਕਾਰਵਾਈ ਦਾ ਵੀ ਕੋਈ ਡਰ ਨਹੀਂ ਰਹਿ ਗਿਆ। ਅਜਿਹਾ ਹੀ ਇਕ ਮਾਮਲਾ ਥਾਣਾ ਡਵੀਜਨ ਨੰ. 7 'ਚ ਸਾਹਮਣੇ ਆਇਆ, ਜਿਥੇ ਇਕ ਨੌਜਵਾਨ ਨੇ ਕੁਝ ਅਣਪਛਾਤੇ ਨੌਜਵਾਨਾਂ ਖਿਲਾਫ ਉਸ ਕੋਲੋਂ ਜਬਰਦਸਤੀ ਨਸਾ ਵੇਚਣ ਦੇ ਨਾਂ 'ਤੇ ਕੁੱਟਮਾਰ ਕਰਨ ਦੇ ਗੰਭੀਰ ਦੋਸ ਲਗਾਏ ਗਏ ਹਨ। ਪੀੜਤ ਸੰਨੀ ਪੁੱਤਰ



ਭਗਤੂ ਰਾਵਤ ਨੇ ਦੱਸਿਆ ਕਿ ਬੀਤੇ ਦਿਨੀਂ ਉਹ ਕੰਮ 'ਤੇ ਜਾਣ ਲਈ ਘਰ ਤੋਂ ਨਿਕਲਿਆ ਸੀ। ਰਸਤੇ 'ਚ ਕੁਝ ਅਣਪਛਾਤੇ ਨੌਜਵਾਨਾਂ ਨੇ ਉਸ ਨੂੰ ਘੇਰ ਲਿਆ ਅਤੇ ਕਹਿਣ ਲੱਗੇ ਕਿ ਉਨ੍ਹਾਂ ਦਾ ਨਸਾ ਵੇਚਣ 'ਚ ਸਾਥ ਦੇਵੇ। ਸੰਨੀ ਨੇ ਕਿਹਾ ਕਿ ਮਨ੍ਹਾ ਕਰਨ 'ਤੇ ਅਣਪਛਾਤੇ ਨੌਜਵਾਨਾਂ ਨੇ ਉਸ ਦੀ ਕੁੱਟਮਾਰ ਕਰਨੀ ਸੁਰੂ ਕਰ ਦਿੱਤੀ। ਕਿਸੇ ਤਰ੍ਹਾਂ ਉਸ ਨੇ ਭੱਜ ਕੇ ਆਪਣੀ ਜਾਨ ਬਚਾਈ ਅਤੇ ਥਾਣਾ ਡਵੀਜਨ ਨੰ. 7 ਦੀ ਪੁਲਸ ਨੂੰ ਸਿ਼ਕਾਇਤ ਕੀਤੀ ਪਰ ਪੁਲਸ ਨੇ ਅਜੇ ਤੱਕ ਵੀ ਸਿ਼ਕਾਇਤ 'ਤੇ ਕੋਈ ਠੋਸ ਕਾਰਵਾਈ ਨਹੀਂ ਕੀਤੀ। ਸੰਨੀ ਨੇ ਦੱਸਿਆ ਕਿ ਕੁੱਟਮਾਰ ਕਰਨ ਵਾਲੇ ਫੋਨ ਕਰ ਕੇ ਹੋਰ ਗੰਭੀਰ ਸਿੱਟੇ ਭੁਗਤਣ ਦੀਆਂ ਧਮਕੀਆਂ ਦੇ ਰਹੇ ਹਨ। ਥਾਣਾ ਪੁਲਸ ਮਾਮਲੇ 'ਚ ਲਿੱਪਾ-ਪੋਚੀ ਕਰਨ ਦੀ ਥਿਊਰੀ 'ਤੇ ਕੰਮ ਕਰ ਰਹੀ ਹੈ।

# ਬੈਂਕ ਮੈਨੇਜਰ ਦੀ ਕਾਲ ਗਰਲ ਨਾਲ ਬਹਿਸ, ਦਲਾਲ ਤੇ ਸਾਥੀਆਂ ਨੇ ਚਲਾ ਦਿੱਤੀਆਂ ਗੋਲੀਆਂ

ਚੰਡੀਗੜ੍ਹ 11 ਜਨਵਰੀ। ਬੈਂਕ ਮੈਨੇਜਰ ਦੀ ਐਤਵਾਰ ਰਾਤ ਕਾਲ ਗਰਲ ਨਾਲ ਪੈਸਿਆਂ ਨੂੰ ਲੈ ਕੇ ਲੜਾਈ ਹੋ ਗਈ। ਦਲਾਲ ਦੋ ਕਾਰ ਸਵਾਰ ਸਾਥੀਆਂ ਨਾਲ ਸੈਕਟਰ 44 ਪਹੁੰਚਿਆ ਤੇ ਮੈਨੇਜਰ 'ਤੇ ਤਲਵਾਰਾਂ ਨਾਲ ਹਮਲਾ ਕਰ ਦਿੱਤਾ। ਦੋਸਤ ਨੂੰ ਬਚਾਉਣ ਆਏ ਨੌਜਵਾਨਾਂ ਨੇ ਜਦੋਂ ਹਮਲਾਵਰਾਂ 'ਤੇ ਪਥਰਾਅ ਕੀਤਾ ਤਾਂ ਬਾਈਕ ਸਵਾਰ ਨੇ ਹਵਾ 'ਚ ਫਾਇਰਿੰਗ ਕਰ ਦਿੱਤੀ। ਗੋਲੀ ਚੱਲਣ 'ਤੇ ਨੌਜਵਾਨ ਭੱਜ ਗਏ। ਨਾਲ ਹੀ ਹਮਲਾਵਰ ਦੋ ਗੱਡੀਆਂ ਤੇ ਇਕ ਬਾਈਕ 'ਤੇ ਫ਼ਰਾਰ ਹੋ ਗਏ। ਕੁੱਟਮਾਰ ਤੇ ਗੋਲੀਬਾਰੀ ਦੀ ਸੂਚਨਾ ਮਿਲਣ 'ਤੇ ਪੁਲਸ ਵੀ ਮੌਕੇ 'ਤੇ ਪਹੁੰਚੀ। ਪੁਲਸ ਨੇ ਜ਼ਖ਼ਮੀ ਅੰਕੁਸ਼ ਨੂੰ ਜੀ.ਐੱਮ.ਸੀ.ਐੱਚ. 32 'ਚ ਦਾਖਲ ਕਰਵਾਇਆ। ਫੋਰੈਂਸਿਕ ਟੀਮ ਨੂੰ ਗੋਲੀਆਂ ਦੇ ਦੋ ਖੋਲ ਬਰਾਮਦ ਹੋਏ। ਇਸ ਤੋਂ ਇਲਾਵਾ ਖ਼ੂਨ ਦੇ ਸੈਂਪਲ ਜ਼ਬਤ ਕੀਤੇ ਗਏ। ਪੁਲਸ ਨੇ ਸੀ.ਸੀ.ਟੀ.ਵੀ. ਕੈਮਰੇ ਚੈੱਕ ਕੀਤੇ, ਜਿਸ 'ਚ ਹਮਲਾਵਰ ਦੋ ਗੱਡੀਆਂ ਅਤੇ ਬਾਈਕ 'ਤੇ ਆਉਂਦੇ ਦਿਖਾਈ ਦਿੱਤੇ। ਸੈਕਟਰ 34 ਥਾਣਾ ਪੁਲਸ ਨੇ ਅੰਕੁਸ਼ ਦੀ ਸ਼ਿਕਾਇਤ 'ਤੇ ਅਣਪਛਾਤੇ ਮੁਲਜਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੂੰ ਸੂਚਨਾ ਮਿਲੀ ਸੀ ਕਿ ਸੈਕਟਰ-44 'ਚ ਕਾਰ ਸਵਾਰ ਕਰੀਬ 10 ਨੌਜਵਾਨ ਬੈਂਕ ਮੈਨੇਜਰ 'ਤੇ ਹਮਲਾ ਕਰ ਰਹੇ ਹਨ। ਡੀ.ਐੱਸ.ਪੀ. ਜਸਵਿੰਦਰ ਸਿੰਘ, ਥਾਣਾ ਇੰਚਾਰਜ ਲਖਬੀਰ ਸਿੰਘ ਨੇ ਖ਼ੂਨ ਨਾਲ ਲੱਥਪੱਥ ਬੈਂਕ ਮੈਨੇਜਰ ਅੰਕੁਸ਼ ਨੂੰ ਹਸਪਤਾਲ 'ਚ ਦਾਖਲ ਕਰਵਾਇਆ। ਮੌਕੇ 'ਤੇ ਪੁਲਸ ਨੂੰ



ਦੇਸੀ ਕੱਟੇ ਤੋਂ ਚੱਲੀ ਗੋਲੀ ਦੇ ਖੋਲ ਤੇ ਸੜਕ 'ਤੇ ਖ਼ੂਨ ਖਿਲਰਿਆ ਮਿਲਿਆ। ਜਾਂਚ 'ਚ ਸਾਹਮਣੇ ਆਇਆ ਕਿ ਹਮਲਾ ਬੈਂਕ ਮੈਨੇਜਰ ਅੰਕੁਸ਼ 'ਤੇ ਕੀਤਾ ਗਿਆ ਸੀ। ਸੂਤਰਾਂ ਮੁਤਾਬਕ ਅੰਕੁਸ਼ ਦਾ ਕਾਲ ਗਰਲ ਨਾਲ ਪੈਸਿਆਂ ਨੂੰ ਲੈ ਕੇ ਝਗੜਾ ਹੋਇਆ ਸੀ। ਕਾਲ ਗਰਲ ਨੇ ਦਲਾਲ ਨੂੰ ਫੋਨ 'ਤੇ ਸਾਰੀ ਗੱਲ ਦੱਸੀ। ਇਸ ਤੋਂ ਬਾਅਦ ਦਲਾਲ ਸਾਥੀਆਂ ਨਾਲ ਸੈਕਟਰ-44 ਦੇ ਬੈਂਕ ਮੈਨੇਜਰ ਦੇ ਘਰ ਪਹੁੰਚਿਆ। ਬੈਂਕ ਮੈਨੇਜਰ ਉਸ ਨੂੰ ਬਾਹਰ ਮਿਲਿਆ। ਜਿਵੇਂ ਹੀ ਉਹ ਕਾਰ 'ਚੋਂ ਉਤਰਿਆ ਤਾਂ ਕਰੀਬ 10 ਨੌਜਵਾਨਾਂ ਨੇ ਮੈਨੇਜਰ 'ਤੇ ਤਲਵਾਰਾਂ ਨਾਲ ਹਮਲਾ ਕਰ ਦਿੱਤਾ। ਜਦੋਂ ਅਕੁੰਸ਼ ਰੌਲਾ ਪਾਉਣ ਲੱਗਾ ਤਾਂ ਫਲੈਟ ਤੋਂ ਚਾਰ ਨੌਜਵਾਨ ਆ ਗਏ ਤੇ ਉਨ੍ਹਾਂ ਨੇ ਹਮਲਾਵਰਾਂ 'ਤੇ ਪਥਰਾਅ ਕਰ ਦਿੱਤਾ। ਹਮਲਾਵਰਾਂ ਦੇ ਬਾਈਕ ਸਵਾਰ ਸਾਥੀ ਨੇ ਦੇਸੀ ਕੱਟਾ ਕੱਢ ਕੇ ਹਵਾ 'ਚ ਫਾਇਰਿੰਗ ਕਰ ਦਿੱਤੀ। ਇਸ ਤੋਂ ਬਾਅਦ ਉਹ ਫ਼ਰਾਰ ਹੋ ਗਏ। ਅਕੁੰਸ਼ ਦਿੱਲੀ ਦਾ ਰਹਿਣ ਵਾਲਾ ਹੈ। ਦੂਜੇ ਪਾਸੇ ਸੁਰੱਖਿਆ ਗਾਰਡ ਮੇਘਰਾਜ ਨੇ ਦੱਸਿਆ ਕਿ ਉਹ ਡਿਊਟੀ 'ਤੇ ਸਨ। ਇਸ ਦੌਰਾਨ ਦੋ ਕਾਰਾਂ 'ਚ ਨੌਜਵਾਨ ਆਏ ਤੇ ਉਨ੍ਹਾਂ ਨੇ ਬੈਂਕ ਮੈਨੇਜਰ 'ਤੇ ਹਮਲਾ ਕਰ ਦਿੱਤਾ। ਮੈਨੇਜਰ ਦਾ ਉਸ ਦੇ ਸਾਥੀਆਂ ਨੇ ਵਿਚ-ਬਚਾਅ ਕੀਤਾ। ਇੰਨ੍ਹੇ 'ਚ ਹਮਲਾਵਰ ਗੋਲੀ ਚਲਾ ਕੇ ਫਰਾਰ ਹੋ ਗਏ। ਉਸ ਨੇ ਦੱਸਿਆ ਕਿ ਬੈਂਕ ਮੈਨੇਜਰ ਦੀ ਸੈਕਟਰ 44 ਬਾਹਰ ਹਮਲਾਵਰਾਂ ਨਾਲ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ ਸੀ। ਫਿਲਹਾਲ ਪੁਲਸ ਨੇ ਹਮਲਾਵਰਾਂ ਦੀ ਪਛਾਣ ਕਰ ਲਈ ਹੈ।

## ਕਿਸਾਨ ਸ਼ੁਭਕਰਨ ਸਿੰਘ ਦੀ ਭੈਣ ਪੰਜਾਬ ਪੁਲਸ 'ਚ ਭਰਤੀ, ਪਹਿਲੇ ਦਿਨ ਸਰਕਾਰ ਅੱਗੇ ਰੱਖੀ ਇਹ ਮੰਗ

ਚੰਡੀਗੜ੍ਹ/ਬਠਿੰਡਾ 11 ਜਨਵਰੀ। ਕਿਸਾਨ ਅੰਦੋਲਨ ਦੌਰਾਨ 21 ਫਰਵਰੀ ਨੂੰ ਖਨੌਰੀ ਸਰਹੱਦ 'ਤੇ ਸ਼ਹੀਦ ਹੋਏ ਪਿੰਡ ਬੱਲੋ ਦੇ ਕਿਸਾਨ



ਸ਼ੁਭਕਰਨ ਸਿੰਘ ਦੀ ਭੈਣ ਗੁਰਪ੍ਰੀਤ ਕੌਰ ਵਲੋਂ ਬਠਿੰਡਾ ਵਿਖੇ ਪੁਲਸ ਦੀ ਨੌਕਰੀ ਜੁਆਇਨ ਕਰ ਲਈ ਗਈ ਹੈ। ਬੀਤੇ ਦਿਨ ਪੰਜਾਬ ਸਰਕਾਰ ਵਲੋਂ ਸ਼ੁਭਕਰਨ ਸਿੰਘ ਦੇ ਪਰਿਵਾਰ ਨੂੰ ਇਕ ਕਰੋੜ ਰੁਪਏ ਦੀ ਆਰਥਿਕ ਮਦਦ ਅਤੇ ਗੁਰਪ੍ਰੀਤ ਕੌਰ ਨੂੰ ਨਿਯੁਕਤੀ ਪੱਤਰ ਦਿੱਤਾ ਗਿਆ ਸੀ। ਗੁਰਪ੍ਰੀਤ ਕੌਰ ਨੇ ਕਿਹਾ ਕਿ ਅੱਜ ਦੇ ਦਿਨ ਦੀ ਖੁਸ਼ੀ ਹੋਰ ਵੀ ਦੁੱਗਣੀ ਹੋ ਜਾਂਦੀ, ਜੇਕਰ ਸ਼ੁਭਕਰਨ ਸਿੰਘ ਉਨ੍ਹਾਂ ਦੇ ਨਾਲ ਹੁੰਦਾ। ਗੁਰਪ੍ਰੀਤ ਕੌਰ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹਨ, ਜਿਸ ਨੇ ਆਪਣੇ ਵਾਅਦੇ ਪੂਰੇ ਕੀਤੇ ਅਤੇ ਅਸੀਂ ਮੰਗ ਕਰਦੇ ਹਾਂ ਕਿ ਕਾਨੂੰਨੀ ਕਾਰਵਾਈ 'ਚ ਸਾਨੂੰ ਇਨਸਾਫ ਦਿੱਤਾ ਜਾਵੇ। ਗੁਰਪ੍ਰੀਤ ਕੌਰ ਨੇ ਕਿਹਾ ਕਿ ਭਰਾ ਦਾ ਘਾਟਾ ਕਦੇ ਵੀ ਪੂਰਾ ਨਹੀਂ ਹੋ ਸਕਦਾ। ਇਸ ਮੌਕੇ ਸ਼ੁਭਕਰਨ ਸਿੰਘ ਦੇ ਪਿਤਾ ਵੀ ਗੁਰਪ੍ਰੀਤ ਨਾਲ ਸਨ। ਦੱਸਣਯੋਗ ਹੈ ਕਿ ਖਨੌਰੀ ਬਾਰਡਰ 'ਤੇ ਸ਼ਹੀਦ ਹੋਏ ਕਿਸਾਨ ਸ਼ੁਭਕਰਨ ਸਿੰਘ ਦੇ ਪਰਿਵਾਰ ਨਾਲ ਬੀਤੇ ਦਿਨੀਂ ਮੁੱਖ ਮੰਤਰੀ ਮਾਨ ਨੇ ਮੁਲਾਕਾਤ ਕੀਤੀ ਸੀ। ਉਨ੍ਹਾਂ ਨੇ ਪਰਿਵਾਰ ਨੂੰ 1 ਕਰੋੜ ਰੁਪਏ ਦਾ ਚੈੱਕ ਅਤੇ ਇਕ ਜੀਅ ਨੂੰ ਸਰਕਾਰੀ ਨੌਕਰੀ ਦਾ ਨਿਯੁਕਤੀ ਪੱਤਰ ਦਿੱਤਾ ਸੀ।

## ਪੰਜਾਬ 'ਚ ਫਿਰ ਵੱਡੀ ਵਾਰਦਾਤ, ਵਿਆਹ ਤੋਂ ਕੁਝ ਦਿਨ ਪਹਿਲਾਂ 21 ਸਾਲਾ ਨੌਜਵਾਨ ਦਾ ਕਤਲ

ਮੋਗਾ 11 ਜਨਵਰੀ। ਮੋਗਾ ਦੇ ਬੇਰੀਆਂ ਵਾਲਾ ਮੁਹੱਲਾ ਵਿਚ ਇੱਕ ਨੌਜਵਾਨ ਦਾ ਬੀਤੀ ਰਾਤ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਅਨੁਸਾਰ ਨੌਜਵਾਨ ਸਲੂਨ ਦਾ ਕੰਮ ਕਰਦਾ ਸੀ ਅਤੇ ਉਹ ਆਪਣਾ ਸਲੂਨ ਬੰਦ ਕਰਕੇ ਘਰ ਜਾ ਰਿਹਾ ਸੀ। ਇਸ ਦੌਰਾਨ ਕੁੱਝ ਵਿਅਕਤੀਆਂ ਵੱਲੋਂ ਪੁਰਾਣੀ ਰੰਜਿਸ ਦੇ ਚੱਲਦੇ ਉਸਦੀ ਕੁੱਟਮਾਰ ਕੀਤੀ, ਜਿਸ ਵਿਚ ਨੌਜਵਾਨ ਗੰਭੀਰ ਜਖਮੀ ਹੋ ਗਿਆ, ਜਿਸ ਨੂੰ ਬਾਅਦ ਵਿਚ ਇਕ ਪ੍ਰਾਈਵੇਟ ਹਸਪਤਾਲ ਵਿਚ ਦਾਖਲ ਕਰਾਇਆ ਗਿਆ ਜਿੱਥੇ ਉਸ ਦੀ ਮੌਤ ਹੋ ਗਈ। ਮ੍ਰਿਤਕ ਨੌਜਵਾਨ ਦਾ ਕੁਝ ਦਿਨ ਬਾਅਦ ਵਿਆਹ ਰੱਖਿਆ ਹੋਇਆ ਸੀ। ਪਤਾ ਲੱਗਾ ਹੈ ਕਿ ਪੁਲਸ ਅਧਿਕਾਰੀਆਂ ਵੱਲੋਂ ਇਸ ਸਬੰਧੀ ਕੁੱਝ ਵਿਅਕਤੀਆਂ ਨੂੰ ਕਾਬੂ ਕਰ ਅੱਗੇ ਦੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਨੌਜਵਾਨ ਹਰਵਿੰਦਰ ਸਿੰਘ ਜਿਸ ਦੀ ਉਮਰ 21 ਸਾਲ ਦੱਸੀ ਜਾ ਰਹੀ ਹੈ ਉਸ ਦਾ ਆਉਣ ਵਾਲੇ ਸੌਣ ਦੇ ਮਹੀਨੇ ਵਿਆਹ ਰੱਖਿਆ ਗਿਆ ਸੀ।

# ਸਵ. ਸਵਦੇਸ਼ ਚੋਪੜਾ ਜੀ ਦੀ ਯਾਦ 'ਚ 11 ਹਜਾਰ ਪੌਦੇ ਲਗਾਉਣ ਦਾ ਲਿਆ ਸੰਕਲਪ

ਮਾਨਸਾ 11 ਜਨਵਰੀ। ਸਵ. ਸਵਦੇਸ਼ ਚੋਪੜਾ ਜੀ ਦੀ ਯਾਦ ਵਿੱਚ ਬੁਢਲਾਡਾ ਖੇਤਰ ਅੰਦਰ ਵਾਤਾਵਰਣ ਨੂੰ ਸ਼ੁੱਧ ਅਤੇ ਸਾਫ-ਸੁਥਰਾ ਬਣਾਉਣ, ਹਰਿਆਲੀ ਅਤੇ ਇਨਸਾਨ ਦੇ ਲਈ ਆਫਤ ਬਣ ਕੇ ਆ ਰਹੀਆਂ ਕੁਦਰਤੀ ਆਫਤਾਂ ਨੂੰ ਰੋਕਣ ਲਈ 11 ਹਜਾਰ ਪੌਦੇ ਲਗਾਏ ਜਾਣਗੇ। ਇਨ੍ਹਾਂ ਪੌਦਿਆਂ ਦੀ ਰਖਵਾਲੀ, ਵੱਡੇ ਹੋਣ ਤੱਕ ਇਨ੍ਹਾਂ ਦੀ ਸਾਂਭ-ਸੰਭਾਲ ਵੀ ਕੀਤੀ ਜਾਵੇਗੀ। ਬੁਢਲਾਡਾ ਵਾਸੀ ਰੋਟਰੀ ਕਲੱਬ ਦੇ ਪ੍ਰਧਾਨ ਅਤੇ ਭਾਜਪਾ ਜਿ਼ਲ੍ਹਾ ਮਾਨਸਾ ਦੇ ਮੀਤ ਪ੍ਰਧਾਨ ਕਾਕਾ ਅਮਰਿੰਦਰ ਸਿੰਘ ਦਾਤੇਵਾਸ ਨੇ ਸਵ. ਸਵਦੇਸ਼ ਚੋਪੜਾ ਜੀ ਦੀ 9ਵੀਂ ਬਰਸੀ ਮੌਕੇ ਪੱਤਰਕਾਰ ਮਨਜੀਤ ਸਿੰਘ ਅਹਿਮਦਪੁਰ ਦੇ ਸਹਿਯੋਗ ਨਾਲ ਪਿੰਡ ਅਹਿਮਦਪੁਰ ਬਾਬਾ ਕਿਸ਼ੋਰ ਦਾਸ ਜੀ ਦੀ ਸਮਾਧ ਦੇ ਪਾਰਕ ਵਿਖੇ ਪੌਦਾ ਲਗਾ ਕੇ ਬੁਢਲਾਡਾ ਖੇਤਰ ਵਿੱਚ 11 ਹਜਾਰ ਪੌਦੇ ਲਗਾਉਣ ਦਾ ਸੰਕਲਪ ਲਿਆ ਹੈ। ਆਉਣ ਵਾਲੇ ਦਿਨਾਂ ਵਿੱਚ ਇਹ ਪੌਦੇ ਜਿੱਥੇ ਵੀ ਮੰਗ ਹੋਵੇਗੀ, ਸਾਂਝੀਆਂ ਥਾਵਾਂ 'ਤੇ ਲਗਾਏ ਜਾਣਗੇ। ਜਗਬਾਣੀ, ਪੰਜਾਬ-ਕੇਸਰੀ ਦੇ ਮੁੱਖ ਸੰਪਾਦਕ ਸ੍ਰੀ ਵਿਜੈ ਚੋਪੜਾ ਜੀ ਦੀ ਧਰਮ ਪਤਨੀ ਸਵ. ਸਵਦੇਸ਼ ਚੋਪੜਾ ਜੀ ਦੀ ਨਿੱਘੀ ਯਾਦ ਅਤੇ ਸ਼ਰਧਾਂਜਲੀ ਸਮਾਗਮ ਮੌਕੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਅਤੇ ਧਰਤੀ ਨੂੰ ਕੁਦਰਤੀ ਆਫਤਾਂ ਤੋਂ ਬਚਾਉਣ ਲਈ ਪੌਦੇ



ਲਗਾਉਣ ਦੀ ਮੁਹਿਮ ਦਾ ਆਗਾਜ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਦੂਸ਼ਿਤ ਹੋ ਰਿਹਾ ਵਾਤਾਵਰਣ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਅਤੇ ਮਨੁੱਖ ਦੇ ਆਉਣ ਵਾਲੇ ਜੀਵਨ ਲਈ ਖਤਰਨਾਕ ਹੈ। ਇਸ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਵ. ਸ਼੍ਰੀਮਤੀ ਸਵਦੇਸ਼ ਚੋਪੜਾ ਜੀ ਨੂੰ ਇਹੀ ਸੱਚੀ ਸ਼ਰਧਾਂਜਲੀ ਹੈ ਕਿ ਅਸੀਂ ਸਮਾਜ ਸੇਵਾ ਅਤੇ ਸਮਾਜ ਦੇ ਹਿੱਤ ਲਈ ਉਹ ਕਾਰਜ ਕਰੀਏ, ਜੋ ਆਉਣ ਵਾਲੀਆਂ ਪੀੜ੍ਹੀਆਂ ਯਾਦ ਰੱਖਣ। ਇਸੇ ਕਰਕੇ ਅੱਜ ਸਭ ਤੋਂ ਉੱਤਮ ਕਾਰਜ ਪੌਦੇ ਲਗਾਉਣ ਦੀ ਮੁਹਿਮ ਵਿੱਢੀ ਗਈ ਹੈ। ਪੱਤਰਕਾਰ ਮਨਜੀਤ ਸਿੰਘ ਅਹਿਮਦਪੁਰ ਨੇ ਕਿਹਾ ਕਿ ਇਹ ਮੁਹਿਮ ਨੂੰ ਬੁਢਲਾਡਾ ਤੋਂ ਸ਼ੁਰੂ ਕਰਵਾਇਆ ਗਿਆ ਹੈ, ਜੋ ਇਹ ਮੁਹਿਮ ਪੂਰੇ ਪੰਜਾਬ ਵਿੱਚ ਮਾਤਾ ਸਵਦੇਸ਼ ਚੋਪੜਾ ਜੀ ਨੂੰ ਸਮਰਪਿਤ ਹੋ ਕੇ ਇੱਕ ਲਹਿਰ ਬਣੇਗੀ ਅਤੇ ਜਗਬਾਣੀ, ਪੰਜਾਬ ਕੇਸਰੀ ਦੇ ਪੱਤਰਕਾਰ ਵੀਰ ਇਸ ਵਿੱਚ ਸਹਿਯੋਗ ਕਰਕੇ ਇਸ ਨੂੰ ਚੱਲਦਾ ਰੱਖਣ। ਉਨ੍ਹਾਂ ਇਹ ਵੀ ਕਿਹਾ ਕਿ ਧਰਤੀ 'ਤੇ ਪੌਦੇ ਲਗਾਉਣ ਨਾਲ ਸਿਰਫ ਇਨਸਾਨ ਹੀ ਨਹੀਂ, ਸਗੋਂ ਜੀਵ-ਜੰਤੂਆਂ, ਪੰਛੀਆਂ ਨੂੰ ਵੀ ਜੀਵਨ ਬਸਰ ਕਰਨ ਦਾ ਇੱਕ ਰਾਹ ਮਿਲਦਾ ਹੈ।

## ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਬਣਾਏ ਸਰੀਰਕ ਸਬੰਧ ਤੇ ਮਾਰੀ 35 ਲੱਖ ਦੀ ਠੱਗੀ

ਫ਼ਰੀਦਕੋਟ 11 ਜਨਵਰੀ। ਇਕ ਔਰਤ ਨੂੰ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਲੱਖਾਂ ਦੀ ਠੱਗੀ ਮਾਰਨ ਦੇ ਦੋਸ਼ ਤਹਿਤ ਸਥਾਨਕ ਥਾਣਾ ਸਿਟੀ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਇਸ ਮਾਮਲੇ ਵਿਚ ਨਵਦੀਪ ਕੌਰ ਪਤਨੀ ਸਵ. ਗੁਰਪ੍ਰੀਤ ਸਿੰਘ ਵਾਸੀ ਟੀਚਰ ਕਾਲੋਨੀ, ਫ਼ਰੀਦਕੋਟ ਨੇ ਜ਼ਿਲ੍ਹੇ ਦੇ ਸੀਨੀਅਰ ਪੁਲਸ ਕਪਤਾਨ ਨੂੰ ਸ਼ਿਕਾਇਤ ਕਰਕੇ ਦੋਸ਼ ਲਗਾਇਆ ਸੀ ਕਿ ਉਸਦੇ ਪਤੀ ਦੀ ਮੌਤ ਹੋ ਚੁੱਕੀ ਹੈ ਅਤੇ ਗੁਰਜੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਸੁਲਹਾਂਣੀ (ਜ਼ੀਰਾ) ਨੇ ਉਸਨੂੰ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਜ਼ਬਰਦਸਤੀ ਸਰੀਰਕ ਸਬੰਧ ਬਣਾਏ ਅਤੇ ਬਾਅਦ ਵਿਚ ਵਿਦੇਸ਼ ਜਾਣ ਦਾ ਬਹਾਨਾ ਲਾ ਕੇ ਉਸਦੇ ਬੈਂਕ ਖਾਤੇ 'ਚੋਂ 35 ਲੱਖ ਦੀ ਠੱਗੀ ਮਾਰੀ ਹੈ। ਇਸ ਸ਼ਿਕਾਇਤ ਦੀ ਪੜਤਾਲ ਐੱਸ. ਐੱਸ. ਪੀ. ਵਲੋਂ ਸੀਨੀਅਰ ਪੁਲਸ ਅਧਿਕਾਰੀ ਪਾਸੋਂ ਕਰਵਾਏ ਜਾਣ ਉਪਰੰਤ ਦਿੱਤੇ ਗਏ ਦਿਸ਼ਾ-ਨਿਰਦੇਸ਼ ਅਨੁਸਾਰ ਗੁਰਜੀਤ ਸਿੰਘ 'ਤੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ, ਜਦਕਿ ਮੁਲਜਮ ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ।

# ਖੁਦ ਨੂੰ ਕੁਆਰੀ ਦੱਸ ਕੇ ਕਰਵਾ ਲਿਆ ਵਿਆਹ, ਫਿਰ ਇਕ ਹਫਤੇ ਬਾਅਦ ਹੀ ਚੜ੍ਹਾ ਦਿੱਤਾ ਚੰਨ

ਲੁਧਿਆਣਾ 11 ਜਨਵਰੀ। ਪਹਿਲੇ ਪਤੀ ਨੂੰ ਤਲਾਕ ਦਿੱਤੇ ਬਿਨਾਂ ਅਤੇ ਖੁਦ ਨੂੰ ਕੁਆਰੀ ਦੱਸ ਕੇ ਦੂਜਾ ਵਿਆਹ ਕਰਨ ਅਤੇ ਇਕ ਹਫਤੇ ਬਾਅਦ ਹੀ ਘਰੋਂ ਸੋਨੇ ਦੇ ਗਹਿਣੇ ਅਤੇ ਨਕਦੀ ਲੈ ਕੇ ਫਰਾਰ ਹੋਣ ਦੇ ਮਾਮਲੇ 'ਚ ਥਾਣਾ ਮਾਡਲ ਟਾਊਨ ਦੀ ਪੁਲਸ ਨੇ ਔਰਤ ਅਤੇ ਉਸ ਦੇ ਮਾਂ-ਬਾਪ ਖਿਲਾਫ 6 ਮਹੀਨਿਆਂ ਤੱਕ ਚੱਲੀ ਜਾਂਚ ਤੋਂ ਬਾਅਦ ਧਾਰਾ 406, 420, 495, 120-ਬੀ ਤਹਿਤ ਕੇਸ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਔਰਤ ਮਨਪ੍ਰੀਤ ਸਲੂਜਾ ਅਤੇ ਉਸ ਦੇ ਪਿਤਾ ਰਣਜੀਤ ਸਿੰਘ ਅਤੇ ਮਾਤਾ ਹਰਭਜਨ ਕੌਰ ਵਜੋਂ ਹੋਈ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਆਦਿੱਤਿਆ ਨੇ ਦੱਸਿਆ ਕਿ ਉਕਤ ਮੁਲਜ਼ਮ ਔਰਤ ਮਨਪ੍ਰੀਤ ਸਲੂਜਾ ਨੇ ਖੁਦ ਨੂੰ ਕੁਆਰੀ ਦੱਸਿਆ ਅਤੇ ਦਸੰਬਰ 2023 'ਚ ਉਸ ਦੇ ਨਾਲ ਵਿਆਹ ਕਰ ਲਿਆ। ਵਿਆਹ ਤੋਂ ਇਕ ਹਫਤੇ ਬਾਅਦ ਹੀ ਘਰੋਂ ਸੋਨੇ ਦੇ ਗਹਿਣੇ ਅਤੇ ਨਕਦੀ ਲੈ ਕੇ ਪੇਕੇ ਘਰ ਜਾਣ ਦਾ ਕਹਿ ਕੇ ਚਲੀ ਗਈ, ਜਿਸ ਤੋਂ ਬਾਅਦ



ਵਾਪਸ ਨਹੀਂ ਆਈ। ਬਾਅਦ 'ਚ ਉਨ੍ਹਾਂ ਨੂੰ ਪਤਾ ਲੱਗਾ ਕਿ ਔਰਤ ਪਹਿਲਾਂ ਤੋਂ ਵਿਆਹੀ ਹੋਈ ਹੈ। ਉਸ ਦਾ ਪਹਿਲਾਂ ਵਿਆਹ ਸਾਲ 2020 'ਚ ਹੋ ਚੁੱਕਾ ਹੈ ਪਰ ਪਹਿਲੇ ਪਤੀ ਨੂੰ ਤਲਾਕ ਦਿੱਤੇ ਬਿਨਾਂ ਹੀ ਝੂਠ ਬੋਲ ਕੇ ਉਸ ਨਾਲ ਦੂਜਾ ਵਿਆਹ ਕਰਵਾ ਲਿਆ, ਜਿਸ ਤੋਂ ਬਾਅਦ ਇਨਸਾਫ ਲਈ ਪੁਲਸ ਨੂੰ ਲਿਖਤੀ ਸ਼ਿਕਾਇਤ ਦਿੱਤੀ। ਪੀੜਤ ਨੇ ਦੱਸਿਆ ਕਿ ਵਿਆਹ ਤੋਂ 2 ਦਿਨ ਪਹਿਲਾਂ ਉਸ ਨੂੰ ਇੰਸਟਾਗ੍ਰਾਮ 'ਤੇ ਕਿਸੇ ਅਣਪਛਾਤੇ ਨੇ ਫੋਨ ਕਰ ਕੇ ਔਰਤ ਦੇ ਵਿਆਹੀ ਹੋਣ ਦੀ ਗੱਲ ਕਹੀ ਸੀ। ਜਦੋਂ ਇਸ ਸਬੰਧੀ ਔਰਤ ਦੇ ਪਰਿਵਾਰ ਵਾਲਿਆਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਇਹ ਕਹਿ ਕੇ ਗੱਲ ਗੋਲਮੋਲ ਕਰ ਦਿੱਤੀ ਕਿ ਉਨ੍ਹਾਂ ਦੀ ਸਿਆਸੀ ਦੁਸ਼ਮਣੀ ਹੈ। ਇਸ ਲਈ ਗੁੰਮਰਾਹ ਕੀਤਾ ਜਾ ਰਿਹਾ ਹੈ। ਨੌਜਵਾਨ ਨੇ ਦੱਸਿਆ ਕਿ ਉਸ ਦਾ 3 ਮਈ 2023 ਨੂੰ ਰੋਕਾ ਹੋਇਆ ਸੀ

## ਅਸਲੀਲ ਹਰਕਤਾਂ ਕਰਨ ਤੇ ਭਤੀਜੀ ਨਾਲ ਜਬਰ-ਜਨਾਹ ਕਰਨ ਦੀ ਕੋਸਿ਼ਸ ਕਰਨ ਵਾਲੇ ਮੁਲਜਮ ਖਿਲਾਫ ਕੇਸ ਦਰਜ

ਗੁਰਦਾਸਪੁਰ 11 ਜਨਵਰੀ। ਪੁਲਸ ਨੇ ਆਪਣੀ ਨਾਬਾਲਗ ਭਤੀਜੀ ਨਾਲ ਅਸਲੀਲ ਹਰਕਤਾਂ ਕਰਨ ਅਤੇ ਉਸ ਨਾਲ ਜਬਰ ਜਨਾਹ ਦੀ ਕੋਸਿ਼ਸ ਕਰਨ ਵਾਲੇ ਦੋਸੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ ਪਰ ਦੋਸੀ ਅਜੇ ਤੱਕ ਫਰਾਰ ਹੈ। ਇਸ ਸਬੰਧੀ ਇੰਸਪੈਕਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਥਾਣਾ ਦੋਰਾਂਗਲਾ ਅਧੀਨ ਪੈਂਦੇ ਇੱਕ ਪਿੰਡ ਦੀ ਰਹਿਣ ਵਾਲੀ ਇੱਕ ਔਰਤ ਨੇ ਪੁਲਸ ਨੂੰ ਦਿੱਤੀ ਸਿ਼ਕਾਇਤ ਵਿੱਚ ਦੋਸ ਲਾਇਆ ਹੈ ਕਿ ਬੀਤੇ ਦਿਨ ਉਸ ਦੀ ਨਾਬਾਲਗ 15 ਸਾਲਾ ਕੁੜੀ ਘਰ ਵਿੱਚ ਇਕੱਲੀ ਸੀ। ਦੁਪਹਿਰ ਕਰੀਬ 12 ਵਜੇ ਉਸ ਦੇ ਚਾਚੇ ਸਹੁਰੇ ਦਾ ਮੁੰਡਾ ਸਰਦੂਲ ਉਸ ਦੇ ਘਰ ਆਇਆ ਅਤੇ ਮੰਜੇ 'ਤੇ ਪਈ ਉਸ ਦੀ ਕੁੜੀ ਨਾਲ ਅਸਲੀਲ ਹਰਕਤਾਂ ਕਰਨ ਲੱਗਾ ਅਤੇ ਉਸ ਨਾਲ ਜਬਰ-ਜਿ਼ਨਾਹ ਕਰਨ ਦੀ ਕੋਸਿ਼ਸ ਕੀਤੀ। ਜਦੋਂ ਕੁੜੀ ਨੇ ਰੌਲਾ ਪਾਇਆ ਤਾਂ ਮੁਲਜਮ ਉਥੋਂ ਭੱਜਣ ਵਿੱਚ ਕਾਮਯਾਬ ਹੋ ਗਿਆ। ਮਹਿਲਾ ਪੁਲਸ ਅਧਿਕਾਰੀ ਨੇ ਦੱਸਿਆ ਕਿ ਕੁੜੀ ਦੀ ਮਾਂ ਦੀ ਸਿ਼ਕਾਇਤ 'ਤੇ ਮੁਲਜਮ ਖਿ਼ਲਾਫ ਕੇਸ ਦਰਜ ਕਰਕੇ ਮੁਲਜਮ ਦੀ ਭਾਲ ਕੀਤੀ ਜਾ ਰਹੀ ਹੈ।

### ਧੱਕੇ ਨਾਲ ਪਲਾਟ 'ਤੇ ਕਬਜਾ ਕਰਨ ਦੇ ਦੋਸ਼ 'ਚ ਪਤੀ-ਪਤਨੀ ਖਿਲਾਫ ਕੇਸ ਦਰਜ

ਨਾਭਾ 11 ਜਨਵਰੀ। ਸਦਰ ਪੁਲਸ ਨੇ ਧੱਕੇ ਨਾਲ ਪਲਾਟ 'ਤੇ ਕਬਜਾ ਕਰਨ ਦੇ ਦੋਸ਼ ਵਿੱਚ ਪਤੀ-ਪਤਨੀ ਖਿ਼ਲਾਫ ਕੇਸ ਦਰਜ ਕੀਤਾ ਗਿਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਬਲਜੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਰਾਜਗੜ੍ਹ ਹਾਲ ਕਰਤਾਰ ਕਾਲੋਨੀ ਨਾਭਾ ਨੇ ਦੱਸਿਆ ਕਿ ਮੈਂ ਇਕ ਪਲਾਟ 4 ਲੱਖ 17 ਹਜਾਰ ਰੁਪਏ ਵਿੱਚ ਖਰੀਦ ਕੀਤੀ ਪਰ ਮੁਲਜਮਾਂ ਨੇ ਮੁੱਦਈ ਖਿ਼ਲਾਫ ਇਕ ਫਰਜੀ ਕੇਸ ਅਦਾਲਤ ਵਿੱਚ ਦਾਖਲ ਕਰਵਾ ਕੇ ਗਲਤ ਤੱਥਾਂ ਦੇ ਆਧਾਰ 'ਤੇ ਸਟੇਅ ਲੈ ਲਈ ਸੀ। ਮੁਲਜਮ ਧੱਕੇ ਨਾਲ ਹੀ ਮੁੱਦਈ ਦੇ ਪਲਾਟ 'ਤੇ ਕਬਜ਼ਾ ਕਰਨਾ ਚਾਹੁੰਦੇ ਸਨ, ਜਿਸ ਕਰਕੇ ਮੁਕੱਦਮਾ ਦਰਜ ਪੜਤਾਲ ਤਹਿਤ ਕੇਸ ਰਜਿਸਟਰ ਹੋਇਆ। ਪੁਲਸ ਨੇ ਬਲਜੀਤ ਸਿੰਘ ਦੇ ਬਿਆਨਾਂ 'ਤੇ ਸੁਖਵਿੰਦਰ ਕੌਰ ਅਤੇ ਲਖਬੀਰ ਸਿੰਘ ਵਾਸੀ ਭੜੀ ਪਨੇਚਾ ਥਾਣਾ ਭਾਦਸੋ ਖਿ਼ਲਾਫ ਵੱਖ-ਵੱਖ ਧਰਾਵਾਂ ਦੇ ਤਹਿਤ ਮੁਕਦਮਾ ਦਰਜ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ।

# ਸਰਕਾਰੀ ਸਕੂਲ 'ਚ ਪੜ੍ਹਦੇ 12ਵੀਂ ਦੇ ਵਿਦਿਆਰਥੀਆਂ ਲਈ ਖੁਸ਼ਖਬਰੀ, ਸਾਇੰਸ ਦੀਆਂ ਕਲਾਸਾਂ 'ਚ ਮਿਲੇਗਾ ਦਾਖਲਾ

ਬੁਢਲਾਡਾ 11 ਜਨਵਰੀ। ਸਥਾਨਕ ਸ਼ਹਿਰ ਦੇ ਬਾਰ੍ਹਵੀਂ ਜਮਾਤ 'ਚ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਲਈ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੇ ਉੱਦਮ ਸਦਕਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) 'ਚ ਸਾਇੰਸ ਦੀਆਂ ਕਲਾਸਾਂ ਸ਼ੁਰੂ ਕਰਨ ਲਈ ਪੰਜਾਬ ਸਰਕਾਰ ਵੱਲੋਂ ਮਨਜੂਰੀ ਦੇ ਦਿੱਤੀ ਗਈ ਹੈ। ਨਵੇਂ ਸ਼ੈਸ਼ਨ ਤੋਂ ਦਾਖਲੇ ਸ਼ੁਰੂ ਕਰਨ ਲਈ ਸਕੂਲ ਦੇ ਪ੍ਰਿੰਸੀਪਲ ਨੂੰ ਹਦਾਇਤ ਜਾਰੀ ਕਰ ਦਿੱਤੀ ਗਈ ਹੈ। ਜਿ਼ਕਰਯੋ ਹੈ ਕਿ ਹਲਕਾ ਵਿਧਾਇਕ ਇਸ ਸਕੂਲ ਅੰਦਰ 10 ਸਾਲ ਪ੍ਰਿੰਸੀਪਲ ਰਹਿ ਚੁੱਕੇ ਹਨ ਅਤੇ ਲੋਕਾਂ ਦੀ ਮੰਗ ਨੂੰ ਮੱਦੇਨਜਰ ਰੱਖਦਿਆਂ ਪੰਜਾਬ ਸਰਕਾਰ ਕੋਲ ਮਾਮਲਾ ਧਿਆਨ ਹਿੱਤ ਕਰਵਾਇਆ ਗਿਆ, ਜਿੱਥੇ ਸਿੱਖਿਆ ਵਿਭਾਗ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਆਈ. ਐੱਸ. ਨੇ ਬੁਢਲਾਡਾ ਸਮੇਤ ਪੰਜਾਬ ਦੇ 15 ਸਕੂਲਾਂ ਨੂੰ ਪ੍ਰਵਾਨਗੀ ਦਿੱਤੀ। ਸਰਕਾਰ ਦੇ ਇਸ ਫੈਸਲੇ ਕਾਰਨ ਜਿੱਥੇ ਮਾਪਿਆਂ ਅਤੇ ਵਿਦਿਆਰਥੀਆਂ 'ਚ ਖੁਸ਼ੀ ਦਾ ਮਾਹੌਲ ਵੇਖਣ ਨੂੰ ਮਿਲ ਰਿਹਾ ਹੈ, ਉੱਥੇ ਮੱਧਵਰਗੀ ਘਰਾਂ ਦੇ ਹੋਣਹਾਰ ਬੱਚੇ ਸਾਇੰਸ ਵਿਚ ਦਾਖਲਾ ਲੈ ਕੇ ਆਪਣੇ ਭਵਿੱਖ ਨੂੰ ਉੱਜਵਲ ਬਣਾਉਣਗੇ। ਸਰਕਾਰ ਦੇ ਇਸ ਫੈਸਲੇ 'ਤੇ ਸ਼ਹਿਰ ਦੀਆਂ ਵੱਖ-ਵੱਖ ਸਮਾਜਸੇਵੀ ਸੰਸਥਾਵਾਂ ਨੇ ਹਲਕਾ ਵਿਧਾਇਕ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਲੋਕ ਕਲਿਆਣ ਸੇਵਾ ਸੰਮਤੀ ਦੇ ਰਾਜ ਕੁਮਾਰ ਬੀਰੋਕੇ, ਭਾਰਤ ਵਿਕਾਸ ਪ੍ਰੀਸ਼ਦ ਦੇ ਅਮਿਤ ਜਿੰਦਲ, ਮਾਤਾ ਗੁਜਰੀ ਭਲਾਈ ਸੰਸਥਾ ਦੇ ਮਾ. ਕੁਲਵੰਤ ਸਿੰਘ, ਕੁਲਵਿੰਦਰ ਸਿੰਘ ਈ. ਓ., ਜੈ ਦੁਰਗਾ ਭਜਨ ਮੰਡਲ ਦੇ ਸੁਭਾਸ਼ ਕੁਮਾਰ, ਆੜ੍ਹਤੀਆ ਐਸੋਸੀਏਸ਼ਨ ਦੇ ਰਜਿੰਦਰ ਸਿੰਘ ਸੋਨੂੰ, ਨਗਰ ਕੌਂਸਲ ਦੇ ਪ੍ਰਧਾਨ ਸੁਖਪਾਲ ਸਿੰਘ, ਕੌਂਸਲਰ ਸੁਖਦੀਪ ਸਿੰਘ, ਐਡਵੋਕੇਟ ਚੰਦਨ ਗੁਪਤਾ, ਸੁਭਾਸ਼



ਨਾਗਪਾਲ, ਐਡਵੋਕੇਟ ਸੁਸ਼ੀਲ ਬਾਂਸਲ ਆਦਿ ਦਾ ਕਹਿਣਾ ਹੈ ਕਿ ਵਿਧਾਇਕ ਦੇ ਉੱਦਮ ਸਦਕਾ ਹਲਕੇ ਦੇ ਲੋਕਾਂ ਨੂੰ ਕਰੋੜਾਂ ਦੀ ਲਾਗਤ ਨਾਲ ਜੱਚਾ-ਬੱਚਾ ਹਸਪਤਾਲ, ਮੁਹੱਲਾ ਕਲੀਨਿਕਾਂ ਤੋਂ ਬਾਅਦ ਸਿੱਖਿਆ ਦੇ ਸੁਧਾਰ ਦਾ ਉਪਰਾਲਾ ਸ਼ਲਾਘਾਯੋਗ ਹੈ। ਸਕੂਲ ਦੇ ਪ੍ਰਿੰਸੀਪਲ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਹਲਕਾ ਵਿਧਾਇਕ ਦੀ ਕੋਸ਼ਿਸ਼ ਸਦਕਾ ਬੁਢਲਾਡਾ ਸ਼ਹਿਰ ਦੇ ਲੜਕਿਆਂ ਵਾਲੇ ਸਕੂਲ 'ਚ ਸਾਇੰਸ ਕਲਾਸਾਂ ਸ਼ੁਰੂ ਕਰਨ ਦੇ ਸਰਕਾਰ ਦੇ ਇਸ ਫੈਸਲੇ ਨਾਲ ਹਲਕੇ ਦੇ ਹਜਾਰਾਂ ਵਿਦਿਆਰਥੀਆਂ ਨੂੰ ਲਾਭ ਮਿਲੇਗਾ। ਇਹ ਸ਼ੁੱਭ ਸੰਕੇਤ ਇਲਾਕੇ ਦੀ ਤਰੱਕੀ ਅਤੇ ਵਿਕਾਸ ਲਈ ਮੀਲ ਪੱਥਰ ਸਾਬਤ ਹੋਵੇਗਾ। ਅਸੀਂ ਸਕੂਲ ਦਾ ਸਮੂਹ ਸਟਾਫ ਹਲਕਾ ਵਿਧਾਇਕ ਦਾ ਧੰਨਵਾਦੀ ਹਾਂ ਅਤੇ ਉਨ੍ਹਾਂ ਦੇ ਇਸ ਉੱਦਮ ਕਰਨ ਲਈ ਪੂਰੀ ਈਮਾਨਦਾਰੀ ਨਾਲ ਕੰਮ ਕਰਾਂਗੇ।

### ਘਰੇਲੂ ਝਗੜੇ ਨੂੰ ਲੈ ਕੇ ਕੁੱਟਮਾਰ ਕਰਦੇ ਜ਼ਖਮੀ ਕਰਨ ਦੇ ਦੋਸ਼ 'ਚ 6 ਲੋਕਾਂ ਖਿ਼ਲਾਫ ਮਾਮਲਾ ਦਰਜ

ਫਿਰੋਜ਼ਪੁਰ 11 ਜਨਵਰੀ। ਫਿਰੋਜ਼ਪੁਰ ਦੀ ਬਸਤੀ ਭਾਨੇਵਾਲੀ ਵਿੱਚ ਘਰੇਲੂ ਝਗੜੇ ਨੂੰ ਲੈ ਕੇ ਹੋਏ ਲੜਾਈ ਝਗੜੇ ਸਬੰਧੀ ਥਾਣਾ ਆਰਿਫ਼ਕੇ ਦੀ ਪੁਲਸ ਨੇ ਸ਼ਿਕਾਇਤਕਰਤਾ ਮੁਦੱਈ ਮਨਜੀਤ ਸਿੰਘ ਪੁੱਤਰ ਜਗਤਾਰ ਸਿੰਘ ਦੇ ਬਿਆਨਾਂ 'ਤੇ ਕੁੱਟਮਾਰ ਕਰਨ ਦੇ ਦੋਸ਼ ਵਿਚ ਸਮਨਦੀਪ ਕੌਰ, ਜਗਤਾਰ ਸਿੰਘ, ਅਮਰਜੀਤ ਕੌਰ, ਜੀਤੂ ਅਤੇ ਗੋਰਾ ਪੁੱਤਰ ਬਗੀਚਾ ਅਤੇ ਇੱਕ ਅਣਪਛਾਤੇ ਵਿਅਕਤੀ ਖਿ਼ਲਾਫ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ ਵਣ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਮੁਦੱਈ ਨੇ ਪੁਲਸ ਨੂੰ ਦਿੱਤੇ ਆਪਣੇ ਬਿਆਨਾਂ 'ਚ ਦੱਸਿਆ ਹੈ ਕਿ ਘਰੇਲੂ ਝਗੜੇ ਨੂੰ ਲੈ ਕੇ ਨਾਮਜਦ ਵਿਅਕਤੀਆਂ ਵੱਲੋਂ ਉਸਨੂੰ ਕੁੱਟਮਾਰ ਕਰਦੇ ਹੋਏ ਜਖਮੀ ਕਰ ਦਿੱਤਾ, ਜੋ ਇਲਾਜ ਲਈ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਦਾਖਲ ਹੈ। ਉਨ੍ਹਾਂ ਦੱਸਿਆ ਕਿ ਨਾਮਜ਼ਦ ਵਿਅਕਤੀਆਂ ਖਿ਼ਲਾਫ਼ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਸੁਪਰੀਮ ਕੋਰਟ ਵੱਲੋਂ ਮਹਿਲਾ ਰਾਖਵਾਂਕਰਨ ਐਕਟ ਖ਼ਿਲਾਫ਼ ਪਟੀਸ਼ਨਾਂ 'ਤੇ ਗ਼ੌਰ ਕਰਨ ਤੋਂ ਨਾਂਹ

**ਨਵੀਂ ਦਿੱਲੀ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ 2023 ਦੇ 'ਨਾਰੀ ਸ਼ਕਤੀ ਵੰਦਨ ਐਕਟ' ਵਿੱਚ ਹੱਦਬੰਦੀ/ਹਲਕਾਬੰਦੀ ਬਾਰੇ ਧਾਰਾ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਨੂੰ ਘੋਖਣ ਤੋਂ ਇਨਕਾਰ ਕਰ ਦਿੱਤਾ। ਗ਼ੌਰਤਲਬ ਹੈ ਕਿ ਇਸ ਐਕਟ ਤਹਿਤ ਲੋਕ ਸਭਾ ਅਤੇ ਸੂਬਾਈ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਤੀਜਾ ਹਿੱਸਾ ਸੀਟਾਂ ਰਾਖਵੀਆਂ ਰੱਖੀਆਂ ਜਾਣਗੀਆਂ।



ਇਸ ਸਬੰਧੀ ਪਟੀਸ਼ਨਾਂ ਜਯਾ ਠਾਕੁਰ ਅਤੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵਿਮੈਨ (NFIW) ਨੇ ਸੰਵਿਧਾਨ ਦੀ ਧਾਰਾ 32 ਦੇ ਤਹਿਤ ਦਾਇਰ ਕੀਤੀਆਂ ਸਨ, ਜਿਨ੍ਹਾਂ ਉਤੇ ਵਿਚਾਰ ਕਰਨ ਤੋਂ ਜਸਟਿਸ ਬੇਲਾ ਐਮ ਤ੍ਰਿਵੇਦੀ ਅਤੇ ਜਸਟਿਸ ਪੀਬੀ ਵਰਾਲੇ ਦੇ ਬੈਂਚ ਨੇ ਨਾਂਹ ਕਰ ਦਿੱਤੀ। ਬੈਂਚ ਨੇ ਕਿਹਾ ਕਿ ਜਯਾ ਠਾਕੁਰ ਦੀ ਪਟੀਸ਼ਨ ਵਿਚ ਮਹਿਲਾ ਰਾਖਵਾਂਕਰਨ ਬਿੱਲ ਨੂੰ ਚੁਣੌਤੀ ਦਿੱਤੀ ਗਈ ਸੀ, ਪਰ ਹੁਣ ਇਹ ਬਿਲ ਐਕਟ ਬਣ ਗਿਆ ਹੈ, ਜਦੋਂ ਕਿ ਨੇ ਕਾਨੂੰਨ ਦੀ ਹਲਕਾਬੰਦੀ ਬਾਰੇ ਧਾਰਾ ਨੂੰ ਚੁਣੌਤੀ ਦਿੱਤੀ ਸੀ।

ਬੈਂਚ ਨੇ ਠਾਕੁਰ ਦੀ ਪਟੀਸ਼ਨ ਨੂੰ ਬੇਕਾਰ ਕਰਾਰ ਦੇ ਦਿੱਤਾ ਜਦੋਂਕਿ ਧਾਰਾ 32 ਤਹਿਤ NFIW ਦੀ ਪਟੀਸ਼ਨ ਉਤੇ ਗ਼ੌਰ ਕਰਨ ਵਿਚ ਵੀ ਬੈਂਚ ਨੇ ਕੋਈ ਦਿਲਚਸਪੀ ਨਹੀਂ ਦਿਖਾਈ। ਬੈਂਚ ਨੇ ਕਿਹਾ ਕਿ ਇਹ ਪਟੀਸ਼ਨ ਹਾਈ ਕੋਰਟ ਜਾਂ ਕਿਸੇ ਹੋਰ ਢੁਕਵੇਂ ਫੋਰਮ ਵਿੱਚ ਲਿਜਾਈ ਜਾ ਸਕਦੀ ਹੈ। NFIW ਨੇ 2023 ਦੇ ਐਕਟ ਦੀ ਧਾਰਾ 3341 (1) ਜਾਂ ਧਾਰਾ 5 ਦੀ ਸੰਵਿਧਾਨਕ ਵਾਜਬੀਅਤ ਨੂੰ ਚੁਣੌਤੀ ਦਿੱਤੀ ਹੈ, ਕਿਉਂਕਿ ਇਸ ਨੇ ਐਕਟ ਨੂੰ ਲਾਗੂ ਕਰਨ ਲਈ ਹਲਕਾਬੰਦੀ ਨੂੰ ਇੱਕ ਅਗਾਊਂ ਸ਼ਰਤ ਬਣਾ ਦਿੱਤਾ ਹੈ, ਜਿਸ ਤਹਿਤ ਇਹ ਐਕਟ ਮਰਦਮਸ਼ੁਮਾਰੀ ਤੋਂ ਬਾਅਦ ਅਤੇ ਹਲਕਾਬੰਦੀ ਦਾ ਅਮਲ ਮੁਕੰਮਲ ਹੋਣ ਪਿੱਛੋਂ ਲਾਗੂ ਹੋਵੇਗਾ।

ਇਸ ਤੋਂ ਪਹਿਲਾਂ 3 ਨਵੰਬਰ, 2023 ਨੂੰ ਸਿਖਰਲੀ ਅਦਾਲਤ ਨੇ ਠਾਕੁਰ ਦੀ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਕਿਹਾ ਕਿ ਅਦਾਲਤ ਲਈ ਮਹਿਲਾ ਰਾਖਵਾਂਕਰਨ ਐਕਟ ਦੇ ਇੱਕ ਹਿੱਸੇ ਨੂੰ ਰੱਦ ਕਰਨਾ 'ਬਹੁਤ ਮੁਸ਼ਕਲ' ਹੋਵੇਗਾ। ਬੈਂਚ ਨੇ ਠਾਕੁਰ ਦੀ ਪਟੀਸ਼ਨ 'ਤੇ ਨੋਟਿਸ ਜਾਰੀ ਕਰਨ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਪਟੀਸ਼ਨਰ ਦੇ ਵਕੀਲ ਨੂੰ ਕੇਂਦਰ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਨੂੰ ਪਟੀਸ਼ਨ ਦੀ ਕਾਪੀ ਦੇਣ ਲਈ ਕਿਹਾ ਸੀ।

ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਇੱਕ ਤਿਹਾਈ (33 ਫ਼ੀਸਦੀ) ਸੀਟਾਂ ਰਾਖਵੀਆਂ ਕਰਨ ਵਾਲੇ ਇਸ ਬਿੱਲ ਨੂੰ 21 ਸਤੰਬਰ, 2023 ਨੂੰ ਸੰਸਦ ਦੀ ਮਨਜ਼ੂਰੀ ਮਿਲੀ ਸੀ। ਸੰਵਿਧਾਨਕ ਸੋਧ ਬਿੱਲ ਨੂੰ ਲੋਕ ਸਭਾ ਨੇ ਲਗਭਗ ਸਰਬਸੰਮਤੀ ਨਾਲ ਅਤੇ ਰਾਜ ਸਭਾ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ।

# ਕੁੰਦਨ ਗੋਗੀਆ ਬਣੇ ਨਗਰ ਨਿਗਮ ਪਟਿਆਲਾ ਦੇ ਮੇਅਰ

## ਹਰਿੰਦਰ ਕੋਹਲੀ ਸੀਨੀਅਰ ਡਿਪਟੀ ਤੇ ਜਗਦੀਪ ਸਿੰਘ ਰਾਏ ਡਿਪਟੀ ਮੇਅਰ ਚੁਣੇ ਗਏ

**ਪਟਿਆਲਾ, 11 ਜਨਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਦੇ ਹਾਊਸ ਦੇ ਕੌਂਸਲਰਾਂ ਨੂੰ ਸਹੁੰ ਚੁਕਾਏ ਜਾਣ ਮਗਰੋਂ ਅੱਜ ਸ੍ਰੀ ਕੁੰਦਨ ਗੋਗੀਆ ਨੂੰ ਨਗਰ ਨਿਗਮ ਦਾ ਨਵਾਂ ਮੇਅਰ ਚੁਣ ਲਿਆ ਗਿਆ। ਜਦੋਂਕਿ ਹਰਿੰਦਰ ਕੋਹਲੀ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਵਜੋਂ ਜਗਦੀਪ ਸਿੰਘ ਰਾਏ ਨੂੰ ਚੁਣਿਆਂ ਗਿਆ। ਇਹ ਸਮੁਚੀ ਚੋਣ ਪ੍ਰਕ੍ਰਿਆ ਸਰਵਸੰਮਤੀ ਨਾਲ ਨੇਪਰੇ ਚੜ੍ਹੀ। ਇਸ ਤੋਂ ਬਾਅਦ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਤੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਅਤੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਦੀ ਮੌਜੂਦਗੀ ਵਿੱਚ ਮੇਅਰ, ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਨੇ ਆਪਣੇ ਅਹੁਦੇ ਸੰਭਾਲੇ। ਇਸ ਮੌਕੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਤੇ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਆਹਲੂਵਾਲੀਆ ਵੀ ਮੌਜੂਦ ਸਨ।



ਇਸ ਤੋਂ ਪਹਿਲਾ ਨਗਰ ਨਿਗਮ ਦੇ ਸਾਹਿਰ ਲੁਧਿਆਣਵੀ ਮੀਟਿੰਗ ਹਾਲ ਵਿਖੇ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ 1976 ਦੀ ਧਾਰਾ 35 ਅਧੀਨ ਨਵੇਂ ਚੁਣੇ ਗਏ ਕੌਂਸਲਰਾਂ ਨੂੰ ਸਹੁੰ ਚੁਕਾਉਣ ਲਈ ਐਕਟ ਦੀ ਧਾਰਾ 56 ਅਧੀਨ ਪਹਿਲੀ ਮੀਟਿੰਗ ਸੱਦੀ ਗਈ ਸੀ। ਇਸ ਮੌਕੇ ਨਗਰ ਨਿਗਮ ਹਾਊਸ ਦੇ ਐਕਸ ਆਫ਼ਿਸਿਓ ਮੈਂਬਰ ਵਜੋਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵੀ ਸ਼ਾਮਲ ਹੋਏ। ਜਦੋਂ ਕਿ ਪਟਿਆਲਾ ਮੰਡਲ ਦੇ ਮੰਡਲ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਨੇ ਸਹੁੰ ਚੁਕਾਉਣ ਦੀ ਕਾਰਵਾਈ ਨੂੰ ਨੇਪਰੇ ਚਾੜ੍ਹਿਆ ਅਤੇ ਕੌਂਸਲਰਾਂ ਨੇ ਆਪਣੀਆਂ ਸੀਟਾਂ 'ਤੇ ਖੜ੍ਹੇ ਹੋ ਕੇ ਪ੍ਰਮਾਤਮਾ ਦੇ ਨਾਮ 'ਤੇ ਭਾਰਤ ਦੇ ਸੰਵਿਧਾਨ ਪ੍ਰਤੀ ਵਿਸ਼ਵਾਸ਼ ਅਤੇ ਨਿਸ਼ਠਾ ਦੀ ਸਹੁੰ ਚੁੱਕੀ।

ਮੰਡਲ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਨੇ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ 1976 ਦੀ ਧਾਰਾ 38 ਅਧੀਨ ਮੇਅਰ ਅਤੇ ਹੋਰ ਅਹੁਦੇਦਾਰਾਂ ਦੀ ਚੋਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਨ ਲਈ ਐਕਟ ਦੀ ਧਾਰਾ 60 (ਏ) ਅਧੀਨ ਵਾਰਡ ਨੰਬਰ 14 ਤੋਂ ਕੌਂਸਲਰ ਗੁਰਕ੍ਰਿਪਾਲ ਸਿੰਘ ਨੂੰ ਪ੍ਰੀਜਾਈਡਿੰਗ ਅਫ਼ਸਰ ਮਨੋਨੀਤ ਕੀਤਾ। ਇਸ ਤੋਂ ਬਾਅਦ ਕਾਰਵਾਈ ਚਲਾਉਂਦਿਆਂ ਗੁਰਕ੍ਰਿਪਾਲ ਸਿੰਘ ਨੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਦਾ ਸੱਦਾ ਦਿੰਦਿਆਂ ਹਾਊਸ ਤੋਂ ਤਜਵੀਜ ਮੰਗੀ। ਇਸ ਤੋਂ ਬਾਅਦ ਵਾਰਡ ਨੰਬਰ 34 ਦੇ ਕੌਂਸਲਰ ਤੇਜਿੰਦਰ ਮਹਿਤਾ ਨੇ ਵਾਰਡ ਨੰਬਰ 30 ਤੋਂ ਚੁਣੇ ਗਏ ਕੌਂਸਲਰ ਕੁੰਦਨ ਗੋਗੀਆ ਦੇ ਨਾਮ ਦੀ ਤਜਵੀਜ ਕੀਤੀ। ਕੁੰਦਨ ਗੋਗੀਆ ਦੇ ਨਾਮ ਦੀ ਤਾਈਦ ਵਾਰਡ ਨੰਬਰ 29 ਤੋਂ ਕੌਂਸਲਰ ਸ੍ਰੀਮਤੀ ਮੁਕਤਾ ਗੁਪਤਾ ਨੇ ਕੀਤੀ ਅਤੇ ਸਮੂਹ ਹਾਜਰ ਕੌਂਸਲਰਾਂ ਨੇ ਹੱਥ ਖੜ੍ਹੇ ਕਰਕੇ ਕੁੰਦਨ ਗੋਗੀਆ ਦੇ ਨਾਮ 'ਤੇ ਸਰਵਸੰਮਤੀ ਪ੍ਰਗਟਾਈ ਅਤੇ ਕੁੰਦਨ ਗੋਗੀਆ ਨੂੰ ਮੇਅਰ ਚੁਣ ਲਿਆ ਗਿਆ।

ਇਸ ਤੋਂ ਬਾਅਦ ਸੀਨੀਅਰ ਡਿਪਟੀ ਮੇਅਰ ਦੇ ਅਹੁਦੇ ਲਈ ਵਾਰਡ ਨੰਬਰ 6 ਤੋਂ ਕੌਂਸਲਰ ਜਸਬੀਰ ਸਿੰਘ ਨੇ ਵਾਰਡ ਨੰਬਰ 28 ਤੋਂ ਕੌਂਸਲਰ ਹਰਿੰਦਰ ਕੋਹਲੀ ਦੇ ਨਾਮ ਦੀ ਤਜਵੀਜ ਰੱਖੀ ਅਤੇ ਵਾਰਡ ਨੰਬਰ 18 ਤੋਂ ਕੌਂਸਲਰ ਗਿਆਨ ਚੰਦ ਨੇ ਤਾਈਦ ਕੀਤੀ।

ਇਸੇ ਤਰ੍ਹਾਂ ਡਿਪਟੀ ਮੇਅਰ ਦੇ ਅਹੁਦੇ ਲਈ ਵਾਰਡ ਨੰਬਰ 12 ਤੋਂ ਕੌਂਸਲਰ ਜਗਦੀਪ ਸਿੰਘ ਰਾਏ ਦੇ ਨਾਮ ਦੀ ਤਜਵੀਜ ਵਾਰਡ ਨੰਬਰ 8 ਤੋਂ ਕੌਂਸਲਰ ਸ਼ੰਕਰ ਲਾਲ ਨੇ ਕੀਤੀ ਅਤੇ ਇਨ੍ਹਾਂ ਦੇ ਨਾਮ ਦੀ ਤਾਈਦ ਵਾਰਡ ਨੰਬਰ 38 ਤੋਂ ਕੌਂਸਲਰ ਹਰਪਾਲ ਜੁਨੇਜਾ ਨੇ ਕੀਤੀ। ਇਸ ਤਰ੍ਹਾਂ ਹਰਿੰਦਰ ਕੋਹਲੀ ਅਤੇ ਜਗਦੀਪ ਸਿੰਘ ਰਾਏ ਦੀ ਚੋਣ ਵੀ ਸਮੂਹ ਕੌਂਸਲਰਾਂ ਵੱਲੋਂ ਹੱਥ ਖੜ੍ਹੇ ਕਰਕੇ ਸਰਵ ਸੰਮਤੀ ਨਾਲ ਕਰ ਲਈ ਗਈ।

ਵਰਨਣਯੋਗ ਹੈ ਕਿ ਰਾਜ ਚੋਣ ਕਮਿਸ਼ਨ ਵੱਲੋਂ ਨੋਟੀਫਿਕੇਸ਼ਨ ਨੰਬਰ ਐਸ.ਈ.ਸੀ.-ਐਮ.ਈ.-ਐਸ.ਏ.ਐਮ.-2024/63 ਮਿਤੀ 3 ਜਨਵਰੀ 2025 ਨੂੰ ਜਾਰੀ ਕੀਤਾ ਗਿਆ ਸੀ। ਇਸ ਤਹਿਤ ਨਿਗਮ ਐਕਟ ਦੀ ਧਾਰਾਵਾਂ ਤਹਿਤ ਮੰਡਲ ਕਮਿਸ਼ਨਰ ਪਟਿਆਲਾ ਵੱਲੋਂ ਨਵੇਂ ਕੌਂਸਲਰਾਂ ਦੀ ਸਹੁੰ ਚੁੱਕਣ ਬਾਰੇ ਨੋਟਿਸ ਜਾਰੀ ਕੀਤਾ ਗਿਆ ਸੀ। ਅੱਜ ਮੇਅਰ ਤੇ ਹੋਰ ਅਹੁਦੇਦਾਰਾਂ ਦੀ ਚੋਣ ਮੌਕੇ ਨਗਰ ਨਿਗਮ ਦੇ ਕਮਿਸ਼ਨਰ ਡਾ. ਰਜਤ ਓਬਰਾਏ, ਏਡੀਸੀ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਨਗਰ ਨਿਗਮ ਦੇ ਜੁਆਇੰਟ ਕਮਿਸ਼ਨਰ ਬਬਨਦੀਪ ਸਿੰਘ ਤੇ ਦੀਪਜੋਤ ਕੌਰ ਵੀ ਮੌਜੂਦ ਸਨ।

# ਘਰ ਵਿੱਚ ਇਕੋ ਹੀ ਪਰਿਵਾਰ ਦੇ ਪੰਜ ਮੈਂਬਰਾਂ ਦੀਆਂ ਲਾਸ਼ਾਂ ਮਿਲੀਆਂ



**ਮੇਰਠ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਉੱਤਰ ਪ੍ਰਦੇਸ਼ ਦੇ ਮੇਰਠ ਵਿੱਚ ਇੱਕ ਪਰਿਵਾਰ ਦੇ ਪੰਜ ਮੈਂਬਰਾਂ ਦੀਆਂ ਲਾਸ਼ਾਂ ਬਰਾਮਦ ਹੋਣ ਤੋਂ ਬਾਅਦ ਇਲਾਕੇ ਵਿਚ ਸਹਿਮ ਦਾ ਮਾਹੌਲ ਬਣ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਜੋੜੇ ਅਤੇ ਤਿੰਨ ਬੱਚਿਆਂ ਦੀਆਂ ਲਾਸ਼ਾਂ ਉਨ੍ਹਾਂ ਦੇ ਘਰ ਤੋਂ ਬਰਾਮਦ ਕੀਤੀਆਂ ਗਈਆਂ ਹਨ। ਮੇਰਠ ਦੇ ਸੀਨੀਅਰ ਪੁਲਸ ਸੁਪਰਡੈਂਟ (ਐੱਸਐੱਸਪੀ) ਵਿਪਿਨ ਟਾਡਾ ਨੇ ਦੱਸਿਆ ਕਿ ਪੁਲੀਸ ਵੀਰਵਾਰ ਰਾਤ ਨੂੰ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ, ਜਿੱਥੇ ਉਨ੍ਹਾਂ ਨੇ ਬਾਹਰੋਂ ਬੰਦ ਇਕ ਘਰ 'ਚੋਂ ਪੰਜ ਲਾਸ਼ਾਂ ਬਰਾਮਦ ਕੀਤੀਆਂ।

ਅਧਿਕਾਰੀ ਅਨੁਸਾਰ ਮੁਢਲੀ ਜਾਂਚ ਆਧਾਰ 'ਤੇ ਮ੍ਰਿਤਕ ਦੇ ਸਿਰ 'ਤੇ ਸੱਟਾਂ ਦੇ ਨਿਸ਼ਾਨ ਸਨ ਅਤੇ ਸੰਭਾਵਨਾ ਜਤਾਈ ਜਾ ਰਹੀ ਹੈ ਅਤੇ ਕਿਸੇ ਰੰਜਿਸ਼ ਦੇ ਚੱਲਦਿਆਂ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ।ਐਸਐਸਪੀ ਟਾਡਾ ਨੇ ਦੱਸਿਆ ਕਿ ਅਜਿਹਾ ਲੱਗਦਾ ਹੈ ਕਿ ਉਨ੍ਹਾਂ ਦੇ ਸਿਰ 'ਤੇ ਕਿਸੇ ਚੀਜ਼ ਨਾਲ ਮਾਰਿਆ ਗਿਆ ਹੈ, ਮੌਤ ਦੇ ਅਸਲ ਕਾਰਨਾਂ ਦਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਪਤਾ ਲੱਗੇਗਾ।

# ਸਕੂਲਾਂ ਨੂੰ ਬੰਬ ਦੀ ਧਮਕੀ ਮਾਮਲਾ 'ਚ 12ਵੀਂ ਜਮਾਤ ਦੇ ਵਿਦਿਆਰਥੀ ਨੂੰ ਹਿਰਾਸਤ 'ਚ ਲਿਆ

**ਨਵੀਂ ਦਿੱਲੀ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

23 ਸਕੂਲਾਂ ਨੂੰ ਬੰਬ ਦੀ ਧਮਕੀ ਵਾਲੀ ਈਮੇਲ ਭੇਜਣ ਵਾਲੇ 12ਵੀਂ ਜਮਾਤ ਦੇ ਇਕ ਵਿਦਿਆਰਥੀ ਨੂੰ ਦਿੱਲੀ ਤੋਂ ਹਿਰਾਸਤ ਵਿੱਚ ਲਿਆ ਗਿਆ ਹੈ। ਨਾਬਾਲਗ ਦੀ ਨਜ਼ਰਬੰਦੀ ਬੰਬ ਦੀਆਂ ਧਮਕੀਆਂ ਦੀ ਪੁਲੀਸ ਜਾਂਚ ਦੌਰਾਨ ਅਪਰਾਧ ਵਿੱਚ ਉਸਦੀ ਭੂਮਿਕਾ ਦਾ ਪਤਾ ਲੱਗਣ ਤੋਂ ਬਾਅਦ ਹੋਈ ਹੈ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਹ ਇਮਤਿਹਾਨ ਨਹੀਂ ਦੇਣਾ ਚਾਹੁੰਦਾ ਸੀ। ਲੜਕੇ ਨੇ ਆਪਣੇ ਵਿਦਿਅਕ ਅਦਾਰੇ ਨੂੰ ਛੱਡ ਕੇ ਕਈ ਸਕੂਲਾਂ ਨੂੰ ਬੰਬ ਦੀ ਧਮਕੀ ਵਾਲੀਆਂ ਈਮੇਲ ਭੇਜੀਆਂ। ਪਿਛਲੇ ਕੁਝ ਹਫ਼ਤਿਆਂ ਵਿੱਚ ਬੰਬ ਦੀਆਂ ਧਮਕੀਆਂ ਦਾ ਸਿਲਸਿਲਾ ਜਾਰੀ ਸੀ , ਜਿਸ ਨੇ ਪੁਲਿਸ ਨੂੰ ਪਰੇਸ਼ਾਨ ਕਰ ਦਿੱਤਾ ਸੀ। ਸਕੂਲਾਂ ਨੂੰ ਬੰਬ ਦੀਆਂ ਧਮਕੀਆਂ ਮਿਲਣ ਤੋਂ ਬਾਅਦ ਉਥੇ ਦਾ ਮਾਹੌਲ ਤਣਾਅਪੂਰਨ ਹੋ ਜਾਂਦਾ ਸੀ। ਧਮਕੀਆਂ ਦੇ ਮੱਦੇਨਜ਼ਰ ਪੁਲੀਸ ਅਤੇ ਸਿੱਖਿਆ ਵਿਭਾਗ ਨੇ ਸਕੂਲ ਅਧਿਆਪਕਾਂ ਲਈ ਸੈਮੀਨਾਰ ਕਰਵਾਇਆ ਅਤੇ ਕਿਸੇ ਵੀ ਸਥਿਤੀ ਨਾਲ ਨਜਿੱਠਣ ਦੀ ਸਿਖਲਾਈ ਵੀ ਦਿੱਤੀ। ਪਿਛਲੇ ਸਾਲ 20 ਦਸੰਬਰ ਨੂੰ ਦਵਾਰਕਾ ਦੇ ਦਿੱਲੀ ਪਬਲਿਕ ਸਕੂਲ (ਡੀਪੀਐਸ) ਵਿੱਚ ਬੰਬ ਦੀ ਧਮਕੀ ਦਿੱਤੀ ਗਈ ਸੀ। 11 ਦਸੰਬਰ ਨੂੰ ਦਿੱਲੀ ਦੇ 40 ਤੋਂ ਵੱਧ ਸਕੂਲਾਂ ਨੂੰ ਫਿਰੌਤੀ ਦੀ ਮੰਗ ਕਰਨ ਵਾਲੀਆਂ ਅਜਿਹੀਆਂ ਧਮਕੀਆਂ ਮਿਲੀਆਂ ਸਨ, ਹਾਲਾਂਕਿ ਕਿਸੇ ਵੀ ਮਾਮਲੇ ਵਿੱਚ ਕੋਈ ਵਿਸਫੋਟਕ ਨਹੀਂ ਮਿਲਿਆ ਸੀ। ਇਸੇ ਮਹੀਨੇ ਦੱਖਣੀ ਦਿੱਲੀ ਦੇ ਇੰਡੀਅਨ ਪਬਲਿਕ ਸਕੂਲ ਅਤੇ ਉੱਤਰੀ ਪੱਛਮੀ ਦਿੱਲੀ ਦੇ ਕ੍ਰੈਸੈਂਟ ਪਬਲਿਕ ਸਕੂਲ ਨੂੰ ਵੀ ਬੰਬ ਦੀ ਧਮਕੀ ਮਿਲੀ ਸੀ, ਜਿਸ ਕਾਰਨ ਦਹਿਸ਼ਤ ਫੈਲ ਗਈ ਸੀ।

# ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਮਨਜਿੰਦਰ ਸਿੰਘ 'ਤੇ ਇੱਕ ਸਾਲ ਲਈ ਕਮਿਸ਼ਨ ਵਿੱਚ ਅਰਜ਼ੀ ਦਾਖਲ ਕਰਨ ਤੇ ਲਗਾਈ ਰੋਕ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਰਾਜ ਸੂਚਨਾ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਨੇ ਅੱਜ ਇੱਕ ਹੁਕਮ ਜਾਰੀ ਕਰਦਿਆਂ ਮਨਜਿੰਦਰ ਸਿੰਘ, ਵਾਸੀ ਖਰੜ, ਜ਼ਿਲ੍ਹਾ ਸਹਿਬਜ਼ਾਦਾ ਅਜੀਤ ਸਿੰਘ ਨਗਰ, ਉੱਤੇ ਪੰਜਾਬ ਰਾਜ ਸੂਚਨਾ ਕਮਿਸ਼ਨ ਵਿੱਚ ਅਗਲੇ ਇੱਕ ਸਾਲ ਲਈ ਕੋਈ ਹੋਰ ਆਰ.ਟੀ.ਆਈ.ਦਾਖਲ ਕਰਨ 'ਤੇ ਰੋਕ ਲਗਾ ਦਿੱਤੀ ਗਈ ਹੈ।



ਇਸ ਸਬੰਧੀ ਆਰ.ਟੀ.ਆਈ.ਕਮਿਸ਼ਨ ਦੇ ਹੁਕਮਾਂ ਅਨੁਸਾਰ ਮਿਤੀ 8 ਜਨਵਰੀ 2025 ਨੂੰ ਰਾਜ ਸੂਚਨਾ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਨੇ ਮਨਜਿੰਦਰ ਸਿੰਘ ਵੱਲੋਂ ਪੰਜਾਬ ਰਾਜ ਸੂਚਨਾ ਕਮਿਸ਼ਨ ਵਿੱਚ ਸੈਕਿੰਡ ਅਪੀਲ ਤਹਿਤ ਦਾਇਰ 200 ਦੇ ਕਰੀਬ ਆਰ.ਟੀ.ਆਈ. ਸਬੰਧੀ ਕੇਸਾਂ ਵਿਚੋਂ 70 ਮਾਮਲਿਆਂ ਦੀ ਸੁਣਵਾਈ ਕਰ ਰਹੇ ਸਨ ਜਿਸ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਮਨਜਿੰਦਰ ਸਿੰਘ ਵੱਲੋਂ ਮਨਘੜਤ ਕਿਸਮ ਦੀਆਂ ਆਰ.ਟੀ.ਆਈ. ਰਾਹੀਂ ਸਰਕਾਰੀ ਕਰਮਚਾਰੀ ਅਤੇ ਅਧਿਕਾਰੀਆਂ ਨੂੰ ਬਲੈਕਮੇਲ ਅਤੇ ਆਪਣੀਆਂ ਭ੍ਰਿਸ਼ਟ ਗਤੀਵਿਧੀਆ ਰਾਹੀਂ ਸਰਕਾਰੀ ਕੰਮ-ਕਾਜ਼ ਨੂੰ ਆਰ.ਟੀ.ਆਈ. ਐਕਟ ਰਾਹੀਂ ਪ੍ਰਭਾਵਿਤ ਕੀਤਾ ਜਾ ਰਿਹਾ ਹੈ। ਕਮਿਸ਼ਨ ਵੱਲੋਂ ਵਾਰ-ਵਾਰ ਇੰਨ੍ਹਾਂ ਆਰ.ਟੀ.ਆਈ.ਦੇ ਜਨਹਿਤ ਵਿੱਚ ਵਰਤੋਂ ਸਬੰਧੀ ਪੁੱਛਿਆ ਗਿਆ ਜਿਸ ਦਾ ਮਨਜਿੰਦਰ ਸਿੰਘ ਵੱਲੋਂ ਕੋਈ ਵੀ ਜਵਾਬ ਨਹੀ ਦਿੱਤਾ ਗਿਆ।

ਉਨ੍ਹਾਂ ਦੱਸਿਆ ਕਿ ਵੱਖ-ਵੱਖ ਉੱਚ ਅਦਾਲਤਾਂ ਵੱਲੋਂ ਅਤੀਤ ਵਿੱਚ ਇਸ ਤਰ੍ਹਾਂ ਦੇ ਮਾਮਲਿਆ ਦੀ ਸੁਣਵਾਈ ਦੌਰਾਨ ਦਿੱਤੇ ਗਏ ਫੈਸਲਿਆ ਦੀ ਰੋਸ਼ਨੀ ਵਿੱਚ ਰਾਜ ਸੂਚਨਾ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਨੇ ਮਨਜਿੰਦਰ ਸਿੰਘ ਉੱਤੇ ਇੱਕ ਸਾਲ ਲਈ ਕਮਿਸ਼ਨ ਵਿੱਚ ਅਰਜ਼ੀ ਦਾਖਲ ਕਰਨ ਤੇ ਰੋਕ ਲਗਾਉਦਿਆਂ ਮਨਜਿੰਦਰ ਸਿੰਘ ਵੱਲੋਂ ਦਾਇਰ ਵੱਖ ਵੱਖ ਆਰ.ਟੀ.ਆਈਆਂ ਵਿਚ ਅਧਿਕਾਰੀਆਂ ਉੱਤੇ ਲਗਾਏ ਗਏ ਜੁਰਮਾਨੇ ਅਤੇ ਮੁਆਵਜ਼ਿਆ ਨੂੰ ਰੱਦ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਪਬਲਿਕ ਅਥਾਰਟੀਜ਼ ਨੂੰ ਸਲਾਹ ਦਿੱਤੀ ਗਈ ਕਿ ਜੇਕਰ ਮਨਜਿੰਦਰ ਸਿੰਘ ਵੱਲੋਂ ਆਰ.ਟੀ.ਆਈ.ਐਕਟ 2005 ਦੀ ਧਾਰਾ 7 (9) ਅਧੀਨ ਦਾਇਰ ਕੀਤੀਆਂ ਗਈਆਂ ਅਰਜ਼ੀਆਂ ਇਕ ਹੀ ਕਿਸਮ ਦੀਆਂ ਹੋਣ ਜਾਂ ਦਫਤਰ ਤੇ ਬੋਝ ਪਾਉਣ ਵਾਲੀਆਂ ਹੋਣ ਤਾਂ ਉਨ੍ਹਾਂ ਵੱਲ ਧਿਆਨ ਨਾ ਦਿੱਤਾ ਜਾਵੇ।

# ਡਾ. ਬਲਜੀਤ ਕੌਰ ਨੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਿਆ ਜਾਇਜ਼ਾ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸ਼ੁਕਰਵਾਰ ਨੂੰ ਚੰਡੀਗੜ੍ਹ ਵਿਖੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਅਤੇ ਕੀਤੇ ਜਾ ਰਹੇ ਵੱਖ ਵੱਖ ਕੰਮਾਂ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।



ਮੰਤਰੀ ਨੇ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਲੋਕ ਸ਼ੇਖਰ ਅਤੇ ਡਾਇਰੈਕਟਰ ਸ੍ਰੀ ਸੰਦੀਪ ਹੰਸ ਨਾਲ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਕੰਮ-ਕਾਜ ਅਤੇ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਸਬੰਧੀ ਵਿਸ਼ੇਸ਼ ਚਰਚਾ ਕੀਤੀ। ਇਸ ਦੌਰਾਨ ਅਧਿਕਾਰੀਆਂ ਵੱਲੋਂ ਮੰਤਰੀ ਨੂੰ ਲੋਕ ਭਲਾਈ ਸਕੀਮਾਂ ਅਧੀਨ ਕੀਤੀ ਜਾ ਰਹੀ ਕਾਰਵਾਈ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਨੇ ਆਸ਼ੀਰਵਾਦ ਸਕੀਮ, ਪੋਸਟ ਮੈਟ੍ਰਿਕ ਸਕਾਲਰਸਿਪ, ਆਦਰਸ਼ ਗ੍ਰਾਮ ਯੋਜਨਾ, ਪ੍ਰਧਾਨ ਮੰਤਰੀ ਅਭਿਉਦੈ ਯੋਜਨਾ, ਹੋਸਟਲਾਂ ਸਬੰਧੀ ਸਕੀਮਾਂ ਅਤੇ ਡਾ.ਅੰਬੇਡਕਰ ਭਵਨਾਂ ਦੀਆਂ ਇਮਾਰਤਾਂ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ।

ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹਿਆਂ ਵਿੱਚ ਬਣੇ ਡਾ. ਅੰਬੇਦਕਰ ਭਵਨਾਂ ਵਿੱਚ ਲੋਕਾਂ ਦੀ ਸਹੂਲਤ ਲਈ ਜਿੰਮ ਅਤੇ ਲਾਇਬ੍ਰੇਰੀਆਂ ਲਈ ਵਰਤੇ ਜਾਣ ਤਾਂ ਜੋ ਲੋਕ ਇਹਨਾਂ ਭਵਨਾਂ ਦਾ ਭਰਭੂਰ ਲਾਹਾ ਲੈ ਸਕਣ।

# ਪਾਕਿ ਡਰੋਨ ਰਾਹੀਂ ਸੁੱਟਿਆ ਪਿਸਤੌਲ ਅਤੇ ਨਸ਼ੀਲੇ ਪਦਾਰਥ ਬਰਾਮਦ ਕੀਤੇ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਮਾ ਸੁਰੱਖਿਆ ਬਲ ਨੇ ਸਰਹੱਦ 'ਤੇ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਗਈ ਪਿਸਤੌਲ ਅਤੇ ਹੈਰੋਇਨ ਬਰਾਮਦ ਕੀਤੀ ਹੈ। ਬੀਐਸਐਫ ਨੇ ਕਿਹਾ ਕਿ ਦੋ ਅਪਰੇਸ਼ਨਾਂ ਵਿੱਚ ਸੈਨਿਕਾਂ ਨੇ ਪਾਕਿਸਤਾਨੀ ਡਰੋਨਾਂ ਰਾਹੀਂ ਸਰਹੱਦ ਪਾਰ ਤਸਕਰੀ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਵਿੱਚ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ।



ਪਹਿਲੀ ਕਾਰਵਾਈ ਵਿੱਚ ਇੱਕ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਗਈ 520 ਗ੍ਰਾਮ ਹੈਰੋਇਨ ਦਾ ਇੱਕ ਪੈਕੇਟ, ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਖਾਨਵਾਲ ਤੋਂ ਬਰਾਮਦ ਕੀਤਾ ਗਿਆ ਸੀ। ਦੂਜੇ ਆਪ੍ਰੇਸ਼ਨ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਰਾਜਾਤਾਲ ਨੇੜੇ ਸਰਹੱਦੀ ਵਾੜ ਦੇ ਅੱਗੇ ਇੱਕ ਖੇਤ ਵਿੱਚੋਂ ਇੱਕ ਪੀਐਕਸ 5 ਸਟੌਰਮ ਪਿਸਤੌਲ 30 ਬੋਰ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਕੀਤਾ ਗਿਆ।

ਅਰਧ ਸੈਨਿਕ ਬਲ ਨੇ ਅੱਗੇ ਕਿਹਾ ਕਿ ਇਹ ਬਰਾਮਦਗੀ ਬੀਐਸਐਫ ਦੀ ਤੁਰੰਤ ਕਾਰਵਾਈ ਅਤੇ ਤਸਕਰੀ ਦੀਆਂ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਸ ਦੇ ਜਵਾਨਾਂ ਦੀ ਚੌਕਸੀ ਨੂੰ ਦਰਸਾਉਂਦੀ ਹੈ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਿਕਾਰਡ ਕੀਤਾ ਆਪਣਾ ਪਹਿਲਾ ਪੋਡਕਾਸਟ

**ਨਵੀਂ ਦਿੱਲੀ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣਾ ਪਹਿਲਾ ਪੋਡਕਾਸਟ ਰਿਕਾਰਡ ਕੀਤਾ ਹੈ ਜੋ ਸ਼ੁੱਕਰਵਾਰ(ਅੱਜ) ਰਿਲੀਜ਼ ਹੋਣ ਦੀ ਸੰਭਾਵਨਾ ਹੈ। ਪੋਡਕਾਸਟ ਦੀ ਮੇਜ਼ਬਾਨੀ ਕਰਨ ਵਾਲੇ ਜ਼ੀਰੋਧਾ ਦੇ ਸਹਿ-ਸੰਸਥਾਪਕ ਨਿਖਿਲ ਕਾਮਥ ਦੁਆਰਾ ਜਾਰੀ ਕੀਤੇ ਗਏ ਟ੍ਰੇਲਰ ਵਿੱਚ ਦਿਖਾਈ ਦੇ ਰਿਹਾ ਹੈ । ਪ੍ਰਧਾਨ ਮੰਤਰੀ ਨੇ ਟ੍ਰੇਲਰ ਵਿੱਚ ਕਿਹਾ, ਮੈਂ ਵੀ ਇੱਕ ਇਨਸਾਨ ਹਾਂ, ਰੱਬ ਨਹੀਂ। ਪ੍ਰਧਾਨ ਮੰਤਰੀ ਨੇ ਚੰਗੇ ਲੋਕਾਂ ਨੂੰ ਰਾਜਨੀਤੀ ਵਿਚ ਆਉਣ ਦੀ ਵਕਾਲਤ ਵੀ ਕੀਤੀ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਨੂੰ ਇਕ ਮਿਸ਼ਨ ਨਾਲ ਆਉਣਾ ਚਾਹੀਦਾ ਹੈ। 'ਐਕਸ' 'ਤੇ ਟ੍ਰੇਲਰ ਨੂੰ ਸਾਂਝਾ ਕਰਦੇ ਹੋਏ, ਮੋਦੀ ਨੇ ਕਿਹਾ, ਮੈਨੂੰ ਉਮੀਦ ਹੈ ਕਿ ਤੁਸੀਂ ਸਾਰੇ ਇਸ ਦਾ ਓਨਾ ਹੀ ਆਨੰਦ ਲਓਗੇ ਜਿੰਨਾ ਅਸੀਂ ਤੁਹਾਡੇ ਲਈ ਇਸ ਨੂੰ ਬਣਾਉਣ ਦਾ ਆਨੰਦ ਲਿਆ ਹੈ!

# ਨਗਰ ਕੌਂਸਲ ਸਨੌਰ ਪ੍ਰਧਾਨਗੀ 'ਚ ਪ੍ਰਦੀਪ ਜੋਸ਼ਨ ਦੀ ਚਮਕੀ ਕਿਸਮਤ



**ਸਨੌਰ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨੌਰ ਨਗਰ ਕੌਂਸਲ ਦੀਆਂ ਹੋਈਆਂ ਚੋਣਾਂ ਜਿਸ ਬਾਅਦ ਸਨੌਰ ਦੇ 15 ਵਾਰਡਾਂ ਦੇ ਵਿੱਚ ਸਰਬ ਸੰਮਤੀ ਹੋ ਚੁੱਕੀ ਸੀ । ਜਿਸ ਸਬੰਧ ਵਿੱਚ ਨਗਰ ਕੌਂਸ਼ਲ ਦਫਤਰ ਸਨੌਰ ਦੇ ਨਵੇਂ ਬਣੇ ਕੌਂਸਲਰਾਂ ਦੇ ਸੌਂਹ ਚੁੱਕ ਸਮਾਗਮ ਕਰਵਾਏ ਗਏ। ਜਿਸ ਵਿੱਚ ਇੱਕ ਮੀਟਿੰਗ ਕੀਤੀ ਗਈ । ਜਿਸ ਵਿੱਚ ਪੰਜਾਬ ਦੇ ਕੈਬਨਟ ਮੰਤਰੀ ਹਰਦੀਪ ਸਿੰਘ ਮੁੰਡੀਆ , ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ, ਪੀਸੀਐਸ ਮਨਜੀਤ ਕੌਰ, ਐਸਡੀਐਮ ਪਟਿਆਲਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਕੈਬਨਟ ਮੰਤਰੀ ਹਰਦੀਪ ਸਿੰਘ ਮੁੰਡੀਆ ਅਤੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਦੀ ਸਰਪਰਸਤੀ ਹੇਠ ਪ੍ਰਦੀਪ ਜੋਸ਼ਨ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਨਿਯੁਕਤ ਕੀਤੇ ਗਏ । ਵਾਰਡ ਨੰਬਰ 1 ਅਵਨੀਤ ਕੌਰ, ਵਾਰਡ ਨੰਬਰ 2 ਵਿਕਾਸ ਅਟਵਾਲ, ਵਾਰਡ ਨੰਬਰ 3 ਸੁਨੀਤਾ ਦੇਵੀ ,ਵਾਰਡ ਨੰਬਰ 4ਚਰਨਜੀਤ ਸਿੰਘ ,ਵਾਰਡ ਨੰਬਰ 5 ਚਰਨਜੀਤ ਕੌਰ ,ਵਾਰਡ ਨੰਬਰ 6 ਤਰਸੇਮ ਸਿੰਘ ,ਵਾਰਡ ਨੰਬਰ 7 ਬਲਜੀਤ ਸਿੰਘ, ਵਾਰਡ ਨੰਬਰ 8 ਯੁਵਰਾਜ ਸਿੰਘ ,ਵਾਰਡ ਨੰਬਰ 9 ਸਤਨਾਮ ਕੌਰ,ਵਾਰਡ ਨੰਬਰ 10 ਗੁਰਮੀਤ ਸਿੰਘ ਮੀਤਾ ,ਵਾਰਡ ਨੰਬਰ 11 ਜਸਵੀਰ ਕੌਰ ,ਵਾਰਡ ਨੰਬਰ 12 ਨਰਿੰਦਰ ਤੱਖਰ ਵਾਰਡ ਨੰਬਰ 13 ਪਿੰਕੀ ਰਾਣੀ ਵਾਰਡ ,ਨੰਬਰ 14 ਪ੍ਰਦੀਪ ਜੋਸਨ ,ਵਾਰਡ ਨੰਬਰ 15 ਕਮਲਜੀਤ ਕੌਰ ਨੂੰ ਸਿਰੋਪਾਏ ਸਾਹਿਬ ਪਾ ਕੇ ਵਿਧਾਇਕ ਸਨੌਰ ਵੱਲੋਂ ਸਨਮਾਨਿਤ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਪਠਾਣ ਮਾਜਰਾ ਨੇ ਕਿਹਾ ਕਿ ਵਾਰਡ 14 ਦੇ ਕੌਂਸਲਰ ਪ੍ਰਦੀਪ ਜੋਸ਼ਨ ਨੂੰ ਸਨੌਰ ਨਗਰ ਕੌਂਸਲ ਦਾ ਪ੍ਰਧਾਨ, ਨਰਿੰਦਰ ਸਿੰਘ ਤੱਖਰ ਨੂੰ ਸੀਨੀਅਰ ਮੀਤ ਪ੍ਰਧਾਨ, ਕਮਲਜੀਤ ਕੌਰ ਨੂੰ ਮੀਤ ਪ੍ਰਧਾਨ ਮੂੰਹ ਮਿੱਠਾ ਕਰਵਾ ਕੇ ਹਾਰ ਪਾ ਕੇ ਨਿਯੁਕਤ ਕੀਤਾ ਗਿਆ। ਇਸ ਅਫਸਰ ਤੇ ਕੈਬਨਟ ਮੰਤਰੀ ਹਰਦੀਪ ਮੁੰਡੀਆ ਨੇ ਸਨੌਰ ਦੇ ਸਮੂੰਹ ਕੌਂਸਲਰਾਂ ਤੇ ਪ੍ਰਧਾਨਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਨੌਰ ਦਾ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਰਹੇਗਾ , ਮੁੱਖ ਮੰਤਰੀ ਪੰਜਾਬ ਮਾਨਯੋਗ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਪੰਜਾਬ ਨੂੰ ਤਰੱਕੀ ਦੀ ਰਾਹ ਤੇ ਲਿਆਂਦਾ। ਵੱਧ ਤੋਂ ਵੱਧ ਗਰਾਂਟਾਂ ਦੇ ਕੇ ਵਿਕਾਸ ਕਾਰਜ ਜਾਰੀ ਰੱਖੇ ਜਾ ਰਹੇ ਹਨ। ਅਹੁਦਾ ਸੰਭਾਲਣ ਤੋਂ ਬਾਅਦ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਜੋਸ਼ਨ ਨੇ ਕਿਹਾ ਕਿ ਜੋ ਮੈਨੂੰ ਅੱਜ ਪਦਵੀ ਉਹਦਾ ਦਿੱਤਾ ਗਿਆ ਹੈ ਮੈਂ ਇਸ ਨੂੰ ਪੱਦਵੀਂ ਨਹੀਂ ਮੰਨਦਾ। ਮੈਂ ਇਸ ਨੂੰ ਜਿੰਮੇਵਾਰੀ ਸਮਝਦਾ ਹਾਂ ਤੇ ਆਪਣੀ ਤਨਦੇਹੀ ਦਿਲੋਂ ਜਿੰਮੇਵਾਰੀ ਨਿਭਾਵਾਂਗਾ ਵਿਧਾਇਕ ਪਠਾਣ ਮਾਜਰਾ ਦੀ ਰਹਿਨੁਮਾਈ ਹੇਠ 15 ਵਾਰਡਾਂ ਦੇ ਕੌਂਸਲਰਾ ਨੇ ਰਲ ਕੇ ਵਿਕਾਸ ਕੀਤਾ ਜਾਵੇਗਾ। ਇਸ ਮੌਕੇ ਪੀਆਰਟੀਸੀ ਚੇਅਰਮੈਨ ਰਣਜੋਤ ਸਿੰਘ ਹਡਾਣਾ, ਪ੍ਰਦੀਪ ਪਠਾਣ ਮਾਜਰਾ, ਸਾਬਕਾ ਨਗਰ ਕੌਂਸਲਰ ਸਨੌਰ ਦੇ ਪ੍ਰਧਾਨ ਇੰਦਰ ਕੁਮਾਰ ਸਿੰਦੀ, ਨਗਰ ਕੌਂਸਲ ਸਨੌਰ ਦੇ ਕਾਰਜ ਸਾਧਕ ਅਫਸਰ ਲਖਵੀਰ ਸਿੰਘ, ਸਨੌਰ ਦੇ ਸ਼ਹਿਰੀ ਪ੍ਰਧਾਨ ਸ਼ਾਮ ਸਿੰਘ,ਡਾਂ ਅਨੀਲ ਰੂਪ ਰਾਏ, ਡਾਂ ਬਿਲੂ, ਮਨਜੀਤ ਸਿੰਘ ਮੂੰਨਾ, ਅਮਰ ਸੰਘੇੜਾ, ਬਲਜਿੰਦਰ ਸਿੰਘ ਯੂਐਸਏ, , ਜੱਸੀ ਢੋਟ, ਸਤਵਿੰਦਰ ਸਿੰਘ, ਜਸਵੀਰ ਸਿੰਘ ਠੇਕੇਦਾਰ, ਬੱਬੂ ਐਮਸੀ,ਅੰਕੁਰ ਸਿੰਗਲਾ ਨਾਲ ਸਨੌਰ ਥਾਣਾ ਇੰਚਾਰਜ ਹਰਦੀਪ ਸਿੰਘ, ਲਖਵਿੰਦਰ ਸਿੰਘ ਥਾਣਾ ਸਨੌਰ ਨਾਲ ਹੋਰ ਸਹਿਬਾਨ ਵੀ ਮੌਜੂਦ ਰਹੇ।

# ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲਾਂ ਨੂੰ ਰਜਿਸਟਰਡ ਕਰਨ ਲਈ ਨੋਟੀਫਿਕੇਸ਼ਨ ਜਾਰੀ

**ਬਠਿੰਡਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲ ਜੋ ਕਿ ਅਰਲੀ ਚਾਈਲਡ ਕੇਅਰ ਐਂਡ ਐਜੂਕੇਸਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਹਨ, ਨੂੰ ਰਜਿਸਟਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ।

ਇਹ ਜਾਣਕਾਰੀ ਦਿੰਦਿਆਂ ਜਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਪੰਕਜ਼ ਕੁਮਾਰ ਨੇ ਦੱਸਿਆ ਕਿ ਪੰਜਾਬ ਰਾਜ ਵਿੱਚ 3-6 ਸਾਲ ਦੇ ਬੱਚਿਆਂ ਲਈ ਈ.ਸੀ.ਸੀ.ਈ. ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਵੱਲੋਂ ਰਜਿਸਟ੍ਰੇਸ਼ਨ ਸ਼ੁਰੂ ਕੀਤੀਆਂ ਗਈਆਂ ਹਨ।

ਰਜਿਸਟ੍ਰੇਸ਼ਨ ਲਾਜ਼ਮੀ ਬਣਾਉਣ ਲਈ ਤੁਰੰਤ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਬਠਿੰਡਾ ਜਾਂ ਸਬੰਧਤ ਬਲਾਕ ਦੇ ਸੀ.ਡੀ.ਪੀ.ਓ. ਨਾਲ ਤਾਲਮੇਲ ਕਰ ਕੇ ਐਪਲੀਕੇਸ਼ਨ ਫਾਰਮ ਨੰਬਰ-1 ਪ੍ਰਾਪਤ ਕੀਤਾ ਜਾ ਸਕਦਾ ਹੈ।

ਜੇਕਰ ਰਜਿਸਟ੍ਰੇਸ਼ਨ ਦੌਰਾਨ ਕਿਸੇ ਕਿਸਮ ਦੀ ਪਰੇਸ਼ਾਨੀ ਹੁੰਦੀ ਹੈ ਤਾਂ ਜਿਲ੍ਹਾ ਪ੍ਰੋਗਰਾਮ ਅਫ਼ਸਰ ਬਠਿੰਡਾ ਜਾਂ ਸਬੰਧਤ ਬਲਾਕ ਦੇ ਸੀ.ਡੀ.ਪੀ.ਓ. ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਸਿੰਘ ਸਾਹਿਬਾਨ ਕੋਲ ਜਾਣ ਦੀ ਬਜਾਏ ਪ੍ਰਧਾਨ ਮੰਤਰੀ ਨੂੰ ਮਿਲਣ ਬੀ.ਜੇ.ਪੀ. ਆਗੂ: ਡੱਲੇਵਾਲ



**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲ ਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਰਨ ਵਰਤ ਖਤਮ ਕਰਨ ਦਾ ਆਦੇਸ਼ ਜਾਰੀ ਕਰਨ ਦੀ ਅਪੀਲ ਕਰਨ ਵਾਲੇ ਭਾਜਪਾ ਆਗੂ ਸੁਖਮਿੰਦਰ ਸਿੰਘ ਗਰੇਵਾਲ ਦਾ ਹਮਦਰਦੀ ਲਈ ਧੰਨਵਾਦ ਕਰਦਿਆਂ ਜਗਜੀਤ ਸਿੰਘ ਡੱਲੇਵਾਲ ਨੇ ਆਖਿਆ ਕਿ ਉਨ੍ਹਾਂ ਨੂੰ ਚਾਹੀਦਾ ਹੈ ਕਿ ਸਿੰਘ ਸਾਹਿਬਾਨ ਦੀ ਬਜਾਏ ਉਹ ਪ੍ਰਧਾਨ ਮੰਤਰੀ ਨੂੰ ਮਿਲਣ ਅਤੇ ਉਨ੍ਹਾਂ ਉੱਪਰ ਕਿਸਾਨਾਂ ਦੀਆਂ ਮੰਗਾਂ ਮੰਨਣ ਲਈ ਜ਼ੋਰ ਪਾਉਣ।

ਕਿਸਾਨ ਆਗੂ ਡੱਲੇਵਾਲ ਨੇ ਕਿਹਾ ਕਿ ਜੇ ਮੰਗਾਂ ਮੰਨੀਆਂ ਜਾਂਦੀਆਂ ਹਨ, ਤਾਂ ਉਹ ਮਰਨ ਵਰਤ ਖਤਮ ਕਰ ਦੇਣਗੇ, ਕਿਉਂਕਿ ਉਹਨਾਂ ਨੂੰ ਮਰਨ ਵਰਤ ਰੱਖਣ ਜਾਂ ਕਿਸਾਨਾਂ ਨਾਲ ਸੜਕਾਂ 'ਤੇ ਬੈਠਣ ਦਾ ਕੋਈ ਸ਼ੌਕ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿਸਾਨ ਸਿਰਫ਼ ਆਪਣੀਆਂ ਜਾਇਜ਼ ਮੰਗਾਂ ਦੀ ਪੂਰਤੀ ਲਈ ਹੀ ਅਜਿਹਾ ਕਰਨ ਲਈ ਮਜਬੂਰ ਹਨ।

ਜ਼ਿਕਰਯੋਗ ਹੈ ਕਿ ਭਾਜਪਾ ਆਗੂ ਨੇ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲ ਕੇ ਕਿਸਾਨ ਆਗੂ ਡੱਲੇਵਾਲ ਦਾ ਮਰਨ ਵਰਤ ਖਤਮ ਕਰਨ ਲਈ ਆਦੇਸ਼ ਜਾਰੀ ਕਰਨ ਦੀ ਅਪੀਲ ਕੀਤੀ ਸੀ। ਇਸ ਦੌਰਾਨ ਸੰਯੁਕਤ ਕਿਸਾਨ ਮੋਰਚਾ ਦੀ ਛੇ ਮੈਂਬਰੀ ਏਕਤਾ ਕਮੇਟੀ ਵੱਲੋਂ ਦੇ ਵੀ ਅੱਜ ਕਿਸਾਨ ਜਥੇਬੰਦੀਆਂ ਦੇ ਏਕੇ ਦਾ ਮਤਾ ਲੈ ਕੇ ਢਾਬੀ ਗੁਜਰਾਂ/ਖਨੌਰੀ ਤੇ ਸ਼ੰਭੂ ਬਾਰਡਰ ਵਿਖੇ ਪੁੱਜਣ ਦੀ ਖ਼ਬਰ ਹੈ। ਗ਼ੌਰਤਲਬ ਹੈ ਕਿ ਇਸ ਕਮੇਟੀ ਵਿਚ ਕਿਸਾਨ ਆਗੂ ਰਾਕੇਸ਼ ਟਿਕੈਤ, ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਰਾਮਿੰਦਰ ਸਿੰਘ ਪਟਿਆਲਾ, ਡਾ. ਦਰਸ਼ਨਪਾਲ ਤੇ ਕ੍ਰਿਸ਼ਨਾ ਪ੍ਰਸਾਦ ਸ਼ਾਮਲ ਹਨ।

## 'ਆਪ' ਨੇ ਪੰਜਾਬ ਭਰ ਵਿੱਚ ਕਈ ਨਗਰ ਕੌਂਸਲਾਂ ਵਿੱਚ ਦਰਜ ਕੀਤੀ ਸ਼ਾਨਦਾਰ ਜਿੱਤ

# ਪੰਜਾਬ ਵਿੱਚ ਲੋਕ-ਕੇਂਦ੍ਰਿਤ ਸਥਾਨਕ ਸ਼ਾਸਨ ਦਾ ਇੱਕ ਨਵਾਂ ਯੁੱਗ ਹੋਇਆ ਸ਼ੁਰੂ: ਅਮਨ ਅਰੋੜਾ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਨਗਰ ਕੌਂਸਲ ਚੋਣਾਂ ਵਿੱਚ ਸ਼ਾਨਦਾਰ ਜਿੱਤ ਦਾ ਜਸ਼ਨ ਮਨਾਇਆ। 'ਆਪ' ਦੇ ਉਮੀਦਵਾਰ ਸਰਬਸੰਮਤੀ ਨਾਲ ਆਪੋ-ਆਪਣੇ ਨਗਰ ਕੌਂਸਲਾਂ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਚੁਣੇ ਗਏ ਹਨ। ਨਗਰ ਕੌਂਸਲ ਚੀਮਾ (ਸੁਨਾਮ) ਤੋਂ ਬਲਜਿੰਦਰ ਕੌਰ ਨੂੰ ਪ੍ਰਧਾਨ, ਅੰਜੂ ਬਾਲਾ ਨੂੰ ਸੀਨੀਅਰ ਉਪ ਪ੍ਰਧਾਨ ਅਤੇ ਮਨਪ੍ਰੀਤ ਸਿੰਘ ਨੂੰ ਉਪ ਪ੍ਰਧਾਨ ਚੁਣਿਆ।



ਨਗਰ ਕੌਂਸਲ ਮੱਲਾਂਵਾਲਾ (ਜ਼ੀਰਾ) ਵਿੱਚ ਕਰਮਜੀਤ ਕੌਰ ਨੂੰ ਪ੍ਰਧਾਨ, ਰਿਤੂ ਕੱਕੜ ਨੂੰ ਸੀਨੀਅਰ ਉਪ ਪ੍ਰਧਾਨ ਅਤੇ ਧਰਮ ਸਿੰਘ ਨੂੰ ਉਪ ਪ੍ਰਧਾਨ ਚੁਣਿਆ ਗਿਆ। ਨਗਰ ਕੌਂਸਲ ਨਰੋਟ ਜੈਮਲ ਸਿੰਘ (ਭੋਆ) ਵਿੱਚ ਬਬਲੀ ਕੁਮਾਰ ਪ੍ਰਧਾਨ ਬਣੇ ਅਤੇ ਮਨੀਸ਼ਾ ਮਹਾਜਨ ਅਤੇ ਮਾਇਆ ਦੇਵੀ ਨੂੰ ਕ੍ਰਮਵਾਰ ਸੀਨੀਅਰ ਉਪ ਪ੍ਰਧਾਨ ਅਤੇ ਉਪ ਪ੍ਰਧਾਨ ਚੁਣਿਆ ਗਿਆ।

ਨਗਰ ਕੌਂਸਲ ਘਨੌਰ ਨੇ ਮਨਦੀਪ ਕੌਰ ਨੂੰ ਪ੍ਰਧਾਨ, ਅੰਕਿਤ ਸੂਦ ਨੂੰ ਸੀਨੀਅਰ ਉਪ ਪ੍ਰਧਾਨ ਅਤੇ ਰਵੀ ਕੁਮਾਰ ਨੂੰ ਉਪ ਪ੍ਰਧਾਨ ਚੁਣਿਆ। ਨਗਰ ਕੌਂਸਲ ਘੱਗਾ ਵਿੱਚ ਮਿੱਠੂ ਸਿੰਘ ਪ੍ਰਧਾਨ, ਸ਼ਕਤੀ ਗੋਇਲ ਸੀਨੀਅਰ ਉਪ ਪ੍ਰਧਾਨ ਅਤੇ ਜਸਵੰਤ ਸਿੰਘ ਉਪ ਪ੍ਰਧਾਨ ਹੋਣਗੇ।

ਨਗਰ ਕੌਂਸਲ ਸਨੌਰ ਵਿੱਚ ਪ੍ਰਦੀਪ ਜੋਸ਼ਨ ਨੂੰ ਪ੍ਰਧਾਨ, ਨਰਿੰਦਰ ਸਿੰਘ ਤੱਖਰ ਨੂੰ ਸੀਨੀਅਰ ਉਪ ਪ੍ਰਧਾਨ ਅਤੇ ਕੰਵਲਜੀਤ ਕੌਰ ਨੂੰ ਉਪ ਪ੍ਰਧਾਨ ਚੁਣਿਆ ਗਿਆ। ਨਗਰ ਕੌਂਸਲ ਦੇਵੀ ਗੜ੍ਹ ਵਿੱਚ ਸਵਿੰਦਰ ਕੌਰ ਧੰਜੂ ਪ੍ਰਧਾਨ, ਸੀਨੀਅਰ ਉਪ ਪ੍ਰਧਾਨ ਲਖਵੀਰ ਸਿੰਘ ਲੱਖੀ ਅਤੇ ਉਪ ਪ੍ਰਧਾਨ ਅਮਰਜੀਤ ਕੌਰ ਨੂੰ ਚੁਣਿਆ ਗਿਆ। 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਨਵੇਂ ਚੁਣੇ ਸਾਰੇ ਆਗੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਉਨ੍ਹਾਂ ਦੀ ਮਿਸਾਲੀ ਅਗਵਾਈ ਲਈ ਵਧਾਈ ਦਿੱਤੀ ਅਤੇ ਇਨ੍ਹਾਂ ਜਿੱਤਾਂ ਦਾ ਸਿਹਰਾ ਉਨ੍ਹਾਂ ਦੇ ਦ੍ਰਿਸ਼ਟੀਕੋਣ ਅਤੇ ਨੀਤੀਆਂ ਨੂੰ ਦਿੱਤਾ। ਅਰੋੜਾ ਨੇ ਪਾਰਟੀ ਵਰਕਰਾਂ ਦੇ ਅਣਥੱਕ ਯਤਨਾਂ ਦੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਲਈ ਸ਼ਲਾਘਾ ਕੀਤੀ। ਅਮਨ ਅਰੋੜਾ ਨੇ ਕਿਹਾ ਕਿ ਵੱਖ-ਵੱਖ ਨਗਰ ਕੌਂਸਲਾਂ ਵਿੱਚ ਇਹ ਜਿੱਤ ਪੰਜਾਬ ਵਿੱਚ ਪਾਰਦਰਸ਼ੀ ਅਤੇ ਲੋਕ-ਕੇਂਦ੍ਰਿਤ ਸ਼ਾਸਨ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਜਿੱਤ ਲੋਕਾਂ ਵੱਲੋਂ 'ਆਪ' ਦੀਆਂ ਵਿਕਾਸ-ਮੁਖੀ ਨੀਤੀਆਂ ਵਿੱਚ ਰੱਖੇ ਗਏ ਵਿਸ਼ਵਾਸ ਨੂੰ ਦਰਸਾਉਂਦੀਆਂ ਹਨ। ਅਰੋੜਾ ਨੇ ਭਰੋਸਾ ਦਿੱਤਾ ਕਿ ਨਵੀਆਂ ਚੁਣੀਆਂ ਗਈਆਂ ਟੀਮਾਂ ਸਥਾਨਕ ਮੁੱਦਿਆਂ ਨੂੰ ਹੱਲ ਕਰਨ, ਲਾਗੂ ਕਰਨ ਅਤੇ ਵਸਨੀਕਾਂ ਦੀ ਭਲਾਈ ਅਤੇ ਇੱਛਾਵਾਂ ਨੂੰ ਤਰਜੀਹ ਦੇਣ ਲਈ ਕੰਮ ਕਰਨਗੀਆਂ।

# ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਕੌਮੀ ਤੇ ਕੌਮਾਂਤਰੀ ਫੂਡ ਕੰਪਨੀਆਂ ਨੂੰ ਪੰਜਾਬ ਵਿੱਚ ਨਿਵੇਸ਼ ਦਾ ਸੱਦਾ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਉਦਯੋਗ ਤੇ ਵਣਜ ਅਤੇ ਪੂੰਜੀ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੇਸ਼ ਵਿਦੇਸ਼ ਦੀਆਂ ਫੂਡ ਕੰਪੀਆਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਹੈ। ਨੋਇਡਾ ਵਿਖੇ ਟ੍ਰੇਡ ਪ੍ਰਮੋਸ਼ਨ ਕਾਊਂਸਲ ਆਫ ਇੰਡੀਆ (ਟੀਪੀਸੀਆਈ) ਅਤੇ ਕੇਂਦਰ ਸਰਕਾਰ ਦੇ ਵਣਜ ਮੰਤਰਾਲੇ ਦੇ ਸਹਿਯੋਗ ਨਾਲ ਚੱਲ ਰਹੇ ਅੱਠਵੇਂ ਇੰਡਸ ਫੂਡ ਮੇਲੇ ਦੌਰਾਨ ਫੂਡ ਖੇਤਰ ਦੇ 40 ਦੇ ਕਰੀਬ ਮੈਨੇਜਿੰਗ ਡਾਇਰੈਕਟਰਾਂ ਅਤੇ ਸੀਈਓਜ਼ ਨੂੰ ਸੰਬੋਧਨ ਕਰਦਿਆਂ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਵਿੱਚ ਨਿਵੇਸ਼ ਦੀਆਂ ਸੰਭਾਵਨਾਵਾਂ ਬਾਰੇ ਚਾਨਣਾ ਪਾਇਆ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਫੂਡ ਖੇਤਰ 'ਚ ਨਿਵੇਸ਼ ਦੀਆਂ ਸੰਭਾਵਨਾਵਾਂ ਬਹੁਤ ਉੱਜਵਲ ਹਨ ਕਿਉਂ ਕਿ ਪੰਜਾਬ ਦੇ ਲਜੀਜ਼ ਖਾਣਿਆਂ ਬਾਰੇ ਜਗ ਜਾਹਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਖਾਣਿਆਂ ਪ੍ਰਤੀ ਪੂਰੀ ਦੁਨੀਆਂ ਵਿੱਚ ਖਿੱਚ ਹੈ ਅਤੇ ਦੇਸ਼ ਵਿਦੇਸ਼ ਦੇ ਲੋਕ ਪੰਜਾਬੀ ਖਾਣਿਆਂ ਅਤੇ ਜ਼ਾਇਕੇ ਦਾ ਆਨੰਦ ਮਾਣਦੇ ਹਨ। ਸੌਂਦ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਟੀਚਾ ਸੂਬੇ ਦੇ ਫੂਡ ਖੇਤਰ ਨੂੰ ਗਲੋਬਲ ਪੱਧਰ ਤੱਕ ਲਿਜਾਣਾ ਹੈ ਅਤੇ ਪੰਜਾਬ ਸਰਕਾਰ ਸੂਬੇ ਦੇ ਵੇਰਕਾ, ਸੋਹਣਾ, ਫਾਈਵ ਰਿਵਰਜ਼ ਅਤੇ ਹੋਰ ਬਰਾਂਡਾਂ ਨੂੰ ਅੰਤਰ-ਰਾਸ਼ਟਰੀ ਪੱਧਰ 'ਤੇ ਸਥਾਪਤ ਕਰਨ ਲਈ ਵਿਸ਼ੇਸ਼ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਖਾਣਿਆਂ ਤੇ ਫੂਡ ਉਤਪਾਦਾਂ ਦੀ ਕੌਮਾਂਤਰੀ ਪੱਧਰ ਉੱਤੇ ਮੰਗ ਦਿਨੋਂ ਦਿਨ ਵੱਧ ਰਹੀ ਹੈ।

ਇਸ ਮੌਕੇ ਉਨ੍ਹਾਂ ਨਿਵੇਸ਼ਕਾਂ ਤੇ ਉਦਯੋਗਾਂ ਦੀ ਸਹੂਲਤ ਲਈ ਸਿੰਗਲ ਵਿੰਡੋ ਪ੍ਰਣਾਲੀ ਤੇ ਇੰਨਵੈਸਟ ਪੰਜਾਬ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨਿਵੇਸ਼ਕਾਂ ਦੀ ਹਰ ਪ੍ਰਕਾਰ ਦੀ ਸਹਾਇਤਾ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਕਈ ਕੰਪਨੀਆਂ ਦੇ ਨੁਮਾਇੰਦਿਆਂ ਨੇ ਇਸ ਮੌਕੇ ਪੰਜਾਬ ਵਿੱਚ ਨਿਵੇਸ਼ ਕਰਨ ਦੀ ਇੱਛਾ ਜਤਾਈ ਅਤੇ ਮਸਾਲਿਆਂ, ਫੂਡ ਪ੍ਰੋਸੈਸਿੰਗ, ਫਲਾਂ ਤੇ ਸਬਜ਼ੀ ਦੀ ਪ੍ਰੋਸੈਸਿੰਗ ਸਬੰਧੀ ਜਲਦ ਆਪਣੇ ਪ੍ਰਸਤਾਵ ਪੇਸ਼ ਕਰਨ ਦੀ ਗੱਲ ਆਖੀ। ਉਦਯੋਗ ਮੰਤਰੀ ਨੇ ਕੈਨੇਡਾ, ਆਸਟ੍ਰੇਲੀਆ, ਚੀਨ ਅਤੇ ਅਮਰੀਕਾ ਦੇ ਨਿਵੇਸ਼ਕਾਂ ਨਾਲ ਵੱਖਰੇ ਤੌਰ 'ਤੇ ਮੁਲਾਕਾਤਾਂ ਕੀਤੀਆਂ ਅਤੇ ਪੰਜਾਬ ਵਿੱਚ ਨਿਵੇਸ਼ ਲਈ ਪ੍ਰੇਰਿਤ ਕੀਤਾ। ਉਨ੍ਹਾਂ ਹਲਦੀਰਾਮ ਦੇ ਮਾਲਕ ਮਨੋਹਰ ਲਾਲ ਸਮੇਤ ਦੇਸ਼ ਦੀਆਂ ਬਹੁਤ ਸਾਰੀਆਂ ਕੰਪਨੀਆਂ ਦੇ ਨੁਮਾਇੰਦਿਆਂ ਨਾਲ ਵੀ ਮੀਟਿੰਗ ਕੀਤੀ।

ਬਾਅਦ ਵਿੱਚ ਤਰੁਨਪ੍ਰੀਤ ਸਿੰਘ ਸੌਂਦ ਨੇ ਮੇਲੇ ਵਿੱਚ ਲੱਗੀਆਂ 1500 ਦੇ ਕਰੀਬ ਪ੍ਰਦਰਸ਼ਨੀਆਂ ਵਿੱਚੋਂ ਕਈ ਸਟਾਲਾਂ ਦਾ ਦੌਰਾ ਕੀਤਾ। ਉਨ੍ਹਾਂ ਲੈਬਨਾਨ, ਪੁਰਤਗਾਲ, ਚੀਨ ਅਤੇ ਤੁਰਕੀ ਦੇ ਫੂਡ ਸਟਾਲਾਂ 'ਤੇ ਜਾ ਕੇ ਇਨ੍ਹਾਂ ਮੁਲਕਾਂ ਦੇ ਖਾਣਿਆਂ ਦਾ ਜ਼ਾਇਕਾ ਵੀ ਲਿਆ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ, ਇਨਵੈਸਟ ਪੰਜਾਬ ਦੇ ਸੀਈਓ ਡੀਪੀਐਸ ਖਰਬੰਦਾ ਅਤੇ ਟੀਪੀਸੀਆਈ ਦੇ ਚੇਅਰਮੈਨ ਮੋਹਿਤ ਸਿੰਗਲਾ ਹਾਜ਼ਰ ਸਨ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵੱਖ-ਵੱਖ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਮੰਗਾਂ ਸਬੰਧੀ ਮੀਟਿੰਗਾਂ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ 'ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ', 'ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ', 'ਕੰਪਿਊਟਰ ਅਧਿਆਪਕ ਯੂਨੀਅਨ', 'ਬੇਰੁਜ਼ਗਾਰ ਸਾਂਝਾ ਮੋਰਚਾ' ਅਤੇ 'ਭਾਰਤ ਨੇਤਰਹੀਣ ਸੇਵਕ ਸਮਾਜ' ਨਾਲ ਮੀਟਿੰਗਾਂ ਕਰਕੇ ਇੰਨ੍ਹਾਂ ਯੂਨੀਅਨਾਂ ਦੀਆਂ ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਅਤੇ ਮੁੱਦਿਆਂ ਬਾਰੇ ਵਿਸਥਾਰ ਵਿੱਚ ਚਰਚਾ ਕਰਦਿਆਂ ਇੰਨ੍ਹਾਂ ਦੇ ਹੱਲ ਵੱਲ ਕਦਮ ਪੁੱਟਿਆ।



ਭਾਰਤ ਨੇਤਰਹੀਣ ਸੇਵਕ ਸਮਾਜ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਮਾਜਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਵਿਭਾਗ ਸੂਬੇ ਵਿੱਚ ਨੇਤਰਹੀਣਾਂ ਲਈ ਨਵਾਂ ਸਕੂਲ ਖੋਲ੍ਹਣ ਅਤੇ ਜਮਾਲਪੁਰ, ਲੁਧਿਆਣਾ ਸਥਿਤ ਸਕੂਲ ਦੇ ਸਟਾਫ ਦੀ ਗਿਣਤੀ ਅਤੇ ਹੋਰ ਲੜੀਂਦੀਆਂ ਸਹੂਲਤਾਂ ਮੁਹੱਈਆ ਕਰਨ ਸਬੰਧੀ ਅਧਿਐਨ ਕਰੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਰਿਪੋਰਟ ਤਿਆਰ ਕਰਕੇ ਵਿੱਤ ਵਿਭਾਗ ਨੂੰ ਭੇਜੀ ਜਾਵੇ ਤਾਂ ਜੋ ਵਿੱਤੀ ਸਾਲ 2025-26 ਲਈ ਬਜ਼ਟ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਨਾਲ ਮੀਟਿੰਗ ਦੌਰਾਨ ਯੂਨੀਅਨ ਵੱਲੋਂ ਪੀ.ਐਸ.ਪੀ.ਸੀ.ਐਲ ਅਤੇ ਪੀ.ਐਸ.ਟੀ.ਸੀ.ਐਲ ਵਿੱਚ ਆਊਟਸੋਰਸ ਦੇ ਆਧਾਰ 'ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਦਿੱਕਤਾਂ ਅਤੇ ਮੰਗਾਂ ਨੂੰ ਸਾਂਝਾ ਕੀਤਾ ਗਿਆ। ਵਿੱਤ ਮੰਤਰੀ ਨੇ ਬਿਜਲੀ ਵਿਭਾਗ ਨੂੰ ਯੂਨੀਅਨ ਨਾਲ ਮੀਟਿੰਗ ਕਰਕੇ ਯੋਗ ਮੰਗਾਂ ਦੇ ਹੱਲ ਲਈ ਲੋੜੀਂਦੇ ਕਦਮ ਪੁੱਟਣ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਯੂਨੀਅਨ ਨਾਲ ਮੀਟਿੰਗ ਦੇ ਸਿੱਟੇ ਦੇ ਆਧਾਰ 'ਤੇ ਕੈਬਨਿਟ ਸਬ-ਕਮੇਟੀ ਦੀ ਅਗਲੀ ਮੀਟਿੰਗ ਵਿੱਚ ਮਾਮਲੇ ਨੂੰ ਵਿਚਾਰਿਆ ਜਾਵੇਗਾ ਤਾਂ ਜੋ ਯੂਨੀਅਨ ਦੀਆਂ ਮੁੱਖ ਮੰਗਾਂ ਨੂੰ ਜਲਦੀ ਤੋਂ ਜਲਦੀ ਹੱਲ ਕੀਤਾ ਜਾ ਸਕੇ।

ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਅਤੇ ਕੰਪਿਊਟਰ ਅਧਿਆਪਕ ਯੂਨੀਅਨ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਵਿੱਤ ਵਿਭਾਗ ਵੱਲੋਂ ਉਨ੍ਹਾਂ ਦੀ ਮਹਿੰਗਾਈ ਭੱਤੇ ਨਾਲ ਸਬੰਧਤ ਮੰਗ ਨੂੰ ਗੰਭੀਰਤਾ ਨਾਲ ਵਿਚਾਰਿਆ ਜਾ ਰਿਹਾ ਹੈ। ਵਿੱਤ ਮੰਤਰੀ ਨੇ ਕਿਹਾ ਕਿ ਕੰਪਿਊਟਰ ਅਧਿਆਪਕਾਂ ਦੀਆਂ ਹੋਰ ਜਾਇਜ਼ ਮੰਗਾਂ ਵੀ ਵਿਚਾਰ ਅਧੀਨ ਹਨ। ਬੇਰੁਜ਼ਗਾਰ ਸਾਂਝਾ ਮੋਰਚਾ, ਪੰਜਾਬ ਵੱਲੋਂ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਖਾਲੀ ਅਸਾਮੀਆਂ ਨੂੰ ਭਰਨ ਅਤੇ ਭਰਤੀ ਵਿੱਚ ਉਮਰ ਹੱਦ ਦੀ ਛੋਟ ਦੇਣ ਸਬੰਧੀ ਮੰਗਾਂ ਉਠਾਈਆਂ ਗਈਆਂ। ਵਿੱਤ ਮੰਤਰੀ ਵੱਲੋਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਮੋਰਚੇ ਦੀਆਂ ਮੰਗਾਂ ਦੀ ਵੈਧਤਾ ਸਬੰਧੀ ਕਾਨੂੰਨੀ ਮਾਹਿਰਾਂ ਅਤੇ ਮੋਰਚੇ ਦੇ ਆਗੂਆਂ ਦੀ ਹਾਜਰੀ ਵਿੱਚ ਮੀਟਿੰਗ ਕੀਤੀ ਜਾਵੇ ਤਾਂ ਜੋ ਇਨ੍ਹਾਂ ਮੰਗਾਂ ਦਾ ਕਾਨੂੰਨੀ ਤੌਰ 'ਤੇ ਸਹੀ ਹੱਲ ਮਿਲ ਸਕੇ।

ਅੱਜ ਦੀਆਂ ਮੀਟਿੰਗਾਂ ਵਿੱਚ ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਤੋਂ ਸੂਬਾ ਪ੍ਰਧਾਨ ਬਲਿਹਾਰ ਸਿੰਘ, ਸੂਬਾ ਸਹਾਇਕ ਸਕੱਤਰ ਟੇਕ ਚੰਦ, ਸੂਬਾ ਦਫਤਰੀ ਸਕੱਤਰ ਸ਼ੇਰ ਸਿੰਘ, ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਤੋਂ ਪਰਮਵੀਰ ਸਿੰਘ ਅਤੇ ਪ੍ਰਦੀਪ ਕੁਮਾਰ, ਕੰਪਿਊਟਰ ਅਧਿਆਪਕ ਯੂਨੀਅਨ ਤੋਂ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ, ਮੀਤ ਪ੍ਰਧਾਨ ਅਨਿਲ ਐਰੀ, ਜਨਰਲ ਸਕੱਤਰ ਹਰਪ੍ਰੀਤ ਸਿੰਘ, ਰਬੀ ਮੰਨਣ, ਬੇਰੁਜ਼ਗਾਰ ਸਾਂਝਾ ਮੋਰਚਾ ਤੋਂ ਜਸਵੰਤ ਸਿੰਘ ਘੁਬਾਇਆ, ਰਮਨ ਕੁਮਾਰ ਮਲੋਟ ਅਤੇ ਸੁਖਵਿੰਦਰ ਸਿੰਘ ਢਿਲਵਾਂ, ਨੇਤਰਹੀਣਾਂ ਦੇ ਮੁੱਦੇ ਉਠਾਉਣ ਲਈ ਭਾਰਤ ਨੈਸ਼ਨਲ ਫੈਡਰੇਸ਼ਨ ਆਫ਼ ਬਲਾਈਂਡ ਦੇ ਜਨਰਲ ਸਕੱਤਰ ਬਲਵਿੰਦਰ ਸਿੰਘ ਅਤੇ ਨੇਤਰਹੀਣ ਸਮਾਜ ਸੇਵਕ ਤੋਂ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਆਦਿ ਹਾਜਰ ਸਨ।

# 18 ਤੋਂ 19 ਸਾਲ ਦੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਵੋਟਾਂ ਬਣਾਉਣ ਲਈ ਜਾਗਰੂਕ ਕਰਨ ਸਿਆਸੀ ਆਗੂ-ਜ਼ਿਲ੍ਹਾ ਚੋਣ ਅਫਸਰ



ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀਆਂ ਸੌਂਪਦੇ ਹੋਏ।

**ਫਤਹਿਗੜ੍ਹ ਸਾਹਿਬ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਆਸੀ ਪਾਰਟੀਆਂ ਦੇ ਨੁਮਾਇੰਦੇ ਜ਼ਿਲ੍ਹੇ ਵਿੱਚ 18 ਤੋਂ 19 ਸਾਲ ਦੇ ਨੌਜਵਾਨਾਂ ਨੂੰ ਵੋਟਾਂ ਬਣਾਉਣ ਲਈ ਵੱਧ ਤੋਂ ਵੱਧ ਜਾਗਰੂਕ ਕਰਨ ਤਾਂ ਜੋ ਨੌਜਵਾਨ ਆਪਣੇ ਸੰਵਿਧਾਨਕ ਹੱਕ ਦੀ ਸੁਚੱਜੇ ਢੰਗ ਨਾਲ ਵਰਤੋਂ ਕਰਕੇ ਦੇਸ਼ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾ ਸਕਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾਂ ਸਬੰਧੀ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਤੇ ਸਮਾਜ ਦਾ ਭਵਿੱਖ ਹੁੰਦੇ ਹਨ ਅਤੇ ਸਾਡਾ ਭਵਿੱਖ ਤਾਂ ਹੀ ਸੁਰੱਖਿਅਤ ਰਹਿ ਸਕਦਾ ਹੈ ਕਿ ਜੇਕਰ ਸਾਡੇ ਨੌਜਵਾਨ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਹੋ ਕੇ ਲੋਕਤੰਤਰ ਦੀ ਮਜਬੂਤੀ ਵਿੱਚ ਆਪਣਾ ਯੋਗਦਾਨ ਪਾ ਸਕਣ। ਉਨ੍ਹਾਂ ਇਸ ਮੌਕੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਫੋਟੋ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਦੀ ਕਾਪੀ ਤੇ ਸੀ.ਡੀਜ਼ ਵੀ ਸੌਂਪੀਆਂ।

ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਵੋਟਰ ਸੂਚੀਆਂ ਦੀ ਸਪੈਸ਼ਲ ਸਰਸਰੀ ਸੁਧਾਈ ਕਰਵਾਉਣ ਉਪਰੰਤ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਗਈ ਹੈ ਜਿਸ ਅਨੁਸਾਰ ਜ਼ਿਲ੍ਹੇ ਅੰਦਰ ਕੁੱਲ 04 ਲੱਖ 49 ਹਜ਼ਾਰ 222 ਵੋਟਰ ਰਜਿਸਟਰ ਹੋਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚ 02 ਲੱਖ 36 ਹਜ਼ਾਰ 113 ਮਰਦ ਵੋਟਰ, 02 ਲੱਖ 13 ਹਜ਼ਾਰ 098 ਮਹਿਲਾ ਵੋਟਰ ਅਤੇ 11 ਤੀਜੇ ਲਿੰਗ ਦੇ ਵੋਟਰ ਹਨ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਉਪਰੰਤ ਜ਼ਿਲ੍ਹੇ ਅੰਦਰ 18 ਤੋਂ 19 ਸਾਲ ਦੇ 6640 ਵੋਟਰ ਹਨ।

ਡਾ: ਸੋਨਾ ਥਿੰਦ ਨੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੱਧ ਤੋਂ ਵੱਧ ਨੌਜਵਾਨਾਂ ਦੀਆਂ ਵੋਟਾਂ ਬਣਾਉਣ ਲਈ ਇੱਕ ਸਾਲ ਅੰਦਰ ਚਾਰ ਮਿਤੀਆਂ ਤੈਅ ਕੀਤੀਆਂ ਗਈਆਂ ਹਨ ਤਾਂ ਜੋ ਸਾਰੇ ਯੋਗ ਨੌਜਵਾਨਾਂ ਦੀਆਂ ਵੋਟਾਂ ਬਣਾਈਆਂ ਜਾ ਸਕਣ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਤੈਅ ਕੀਤੀਆਂ ਮਿਤੀਆਂ ਅਨੁਸਾਰ 01 ਜਨਵਰੀ, 01 ਅਪ੍ਰੈਲ, 01 ਜੁਲਾਈ ਤੇ 01 ਅਕਤੂਬਰ ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨ ਫਾਰਮ ਨੰਬਰ 06 ਭਰ ਕੇ ਆਪਣੀ ਵੋਟ ਬਣਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨੌਜਵਾਨ ਆਪਣੀ ਵੋਟ ਬਣਵਾਉਣ ਲਈ ਭਾਰਤੀ ਚੋਣ ਕਮਿਸ਼ਨ ਦੀ ਵੈਬ ਸਾਇਟ www.nvsp.in ਜਾਂ ਵੋਟਰ ਹੈਲਪ ਲਾਇਨ ਮੋਬਾਇਲ ਐਪ ਰਾਹੀਂ ਆਨ ਲਾਇਨ ਵੀ ਫਾਰਮ ਨੰਬਰ 6 ਭਰ ਸਕਦੇ ਹਨ।

ਜ਼ਿਲ੍ਹਾ ਚੋਣ ਅਫਸਰ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾ ਲਈ ਵੋਟਰ ਸੂਚੀ ਦਾ ਖਰੜਾ ਜਾਰੀ ਕੀਤਾ ਜਾ ਚੁੱਕਾ ਹੈ ਅਤੇ ਇਸ ਖਰੜਾ ਵੋਟਰ ਸੂਚੀ ਸਬੰਧੀ 24 ਜਨਵਰੀ ਤੱਕ ਦਾਅਵੇ ਤੇ ਇਤਰਾਜ ਦਾਖਲ ਕਰਵਾਏ ਜਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਦਾਅਵੇ ਤੇ ਇਤਰਾਜਾਂ ਦਾ ਨਿਪਟਾਰਾ 06 ਫਰਵਰੀ ਤੱਕ ਕੀਤਾ ਜਾਵੇਗਾ ਅਤੇ 25 ਫਰਵਰੀ ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾਂ ਕੀਤੀ ਜਾਵੇਗੀ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਨਵਦੀਪ ਸਿੰਘ ਨਵੀ, ਭਾਰਤੀ ਜਨਤਾ ਪਾਰਟੀ ਦੇ ਹਰੀਸ਼ ਅਗਰਵਾਲ, ਸ਼੍ਰੋਮਣੀ ਅਕਾਲੀ ਦਲ (ਬ) ਦੇ ਹਰਵਿੰਦਰ ਸਿੰਘ ਬੱਬਲ, ਬਹੁਜਨ ਸਮਾਜ ਪਾਰਟੀ ਦੇ ਮੋਹਨ ਸਿੰਘ ਭੱਟਮਾਜਰਾ, ਚੋਣ ਤਹਿਸੀਲਦਾਰ ਨਿਰਮਲਾ ਰਾਣੀ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜਰ ਸਨ।

# ਡੈਮੋਕਰੈਟਿਕ ਟੀਚਰਜ ਫਰੰਟ ਅਤੇ ਸਾਂਝੇ ਅਧਿਆਪਕ ਮੋਰਚੇ ਵੱਲੋਂ ਤਰੱਕੀ ਯਾਫਤਾ ਅਧਿਆਪਕਾਂ ਨੂੰ ਸਹੀ ਸਟੇਸ਼ਨ ਚੋਣ ਨਾ ਦੇਣ ਖ਼ਿਲਾਫ਼ ਸੰਧਵਾਂ ਦੇ ਘਰ ਵੱਲ ਰੋਸ ਮਾਰਚ ਦਾ ਐਲਾਨ

**ਮਾਛੀਵਾੜਾ ਸਾਹਿਬ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ 23 ਸਾਲਾਂ ਤੋਂ ਵਿਭਾਗੀ ਤਰੱਕੀਆਂ ਦੇ ਹੱਕਦਾਰ ਅਤੇ ਸਰਕਾਰੀ ਬੇਰੁੱਖੀ ਦਾ ਸ਼ਿਕਾਰ ਪ੍ਰਾਇਮਰੀ ਵਿਭਾਗ ਵਿੱਚ ਕੰਮ ਕਰਦੇ ਈ.ਟੀ.ਟੀ.ਕਾਡਰ ਤੋਂ ਮਾਸਟਰ,ਮਾਸਟਰ ਕਾਡਰ ਤੋਂ ਲੈਕਚਰਾਰ ਅਤੇ ਪੀ.ਟੀ.ਆਈ.ਤੋਂ ਡੀ.ਪੀ.ਈ.ਦੀ ਤਰੱਕੀ ਤੋਂ ਵਾਂਝੇ ਅਧਿਆਪਕਾਂ ਨੂੰ ਲੰਬੀ ਉਡੀਕ ਅਤੇ ਖੱਜਲ ਖੁਆਰੀ ਤੋਂ ਬਾਅਦ ਤਰੱਕੀ ਦੇਣ ਸਮੇਂ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਅਫ਼ਸਰਸ਼ਾਹੀ ਵੱਲੋਂ ਮਨਮਾਨੀਆਂ ਕਰਦਿਆਂ ਧੱਕੇ ਨਾਲ ਇਨ੍ਹਾਂ ਅਧਿਆਪਕਾਂ ਨੂੰ ਆਪਣੇ ਪਿੱਤਰੀ ਜ਼ਿਲ੍ਹਿਆਂ ਤੋਂ ਬਾਹਰ ਦੂਰ-ਦੁਰਾਡੇ ਸਟੇਸ਼ਨਾਂ ਤੇ ਜਾਣ ਲਈ ਮਜਬੂਰ ਕੀਤਾ ਜਾ ਰਿਹਾ ਹੈ।



ਵਿਭਾਗ ਦੀ ਧੱਕੇਸ਼ਾਹੀ ਖ਼ਿਲਾਫ਼ ਅਧਿਆਪਕਾਂ ਵਿੱਚ ਭਾਰੀ ਰੋਸ ਫ਼ੈਲਿਆ ਹੋਇਆ ਹੈ। ਪ੍ਰਤਿਨਿਧ ਅਧਿਆਪਕ ਜੱਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਅਤੇ ਸਾਂਝੇ ਅਧਿਆਪਕ ਮੋਰਚੇ ਵੱਲੋਂ ਵਿਭਾਗ ਦੀ ਤਰੱਕੀ ਨੀਤੀ ਦਾ ਜ਼ੋਰਦਾਰ ਵਿਰੋਧ ਕਰਦਿਆਂ ਇਸ ਖ਼ਿਲਾਫ਼ ਲਗਾਤਾਰ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਡੀ.ਟੀ.ਐੱਫ.ਦੇ ਜਿਲ੍ਹਾ ਪ੍ਰਧਾਨ ਦਲਜੀਤ ਸਿੰਘ ਸਮਰਾਲਾ ਅਤੇ ਜਨਰਲ ਸਕੱਤਰ ਹਰਜੀਤ ਸਿੰਘ ਸੁਧਾਰ ਨੇ ਵਿਭਾਗ ਦੀਆਂ ਤਾਨਾਸ਼ਾਹੀ ਨੀਤੀਆਂ ਦੀ ਜੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਸਿੱਖਿਆ ਅਤੇ ਸਿਹਤ ਦੇ ਖ਼ੇਤਰ ਵਿਚ ਇਨਕਲਾਬੀ ਤਬਦੀਲੀ ਦਾ ਨਾਅਰਾ ਮਾਰਨ ਵਾਲੀ ਪੰਜਾਬ ਸਰਕਾਰ ਦਾ ਹੀਜ -ਪਿਆਜ ਲੋਕਾਂ ਸਾਹਮਣੇ ਬੁਰੀ ਤਰ੍ਹਾਂ ਨੰਗਾ ਹੋ ਚੁੱਕਾ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਦਵਿੰਦਰ ਸਿੰਘ ਸਿੱਧੂ,ਪ੍ਰੈੱਸ ਸਕੱਤਰ ਹੁਸ਼ਿਆਰ ਸਿੰਘ ਅਤੇ ਵਿੱਤ ਸਕੱਤਰ ਗੁਰਬਚਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਵੀਂ ਸਿੱਖਿਆ ਨੀਤੀ 2020 ਨੂੰ ਲਾਗੂ ਕਰਦਿਆਂ ਲਗਭਗ 2400 ਮਿਡਲ ਸਕੂਲਾਂ ਨੂੰ ਹਾਈ ਸਕੂਲਾਂ ਵਿਚ ਮਰਜ਼ ਕਰਨ ਦਾ ਫੈਸਲਾ ਕੀਤਾ ਜਾ ਚੁੱਕਾ ਹੈ। ਜਿਸ ਤਹਿਤ ਪੇਂਡੂ ਖੇਤਰ ਦੇ ਲੋੜਵੰਦ ਵਿਦਿਆਰਥੀਆਂ ਦੇ ਭਵਿੱਖ ਨੂੰ ਖ਼ਤਰਾ ਖੜ੍ਹਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਘੱਟ ਗਿਣਤੀ ਵਿਦਿਆਰਥੀਆਂ ਦੀ ਆੜ ਹੇਠ 800 ਪ੍ਰਾਇਮਰੀ ਸਕੂਲਾਂ ਨੂੰ ਜਿੰਦੇ ਮਾਰੇ ਜਾ ਚੁੱਕੇ ਹਨ। ਜਿਲ੍ਹਾ ਜਥੇਬੰਦਕ ਸਕੱਤਰ ਗੁਰਪ੍ਰੀਤ ਸਿੰਘ ਖੰਨਾ ਅਤੇ ਮੀਤ ਪ੍ਰਧਾਨ ਗੁਰਦੀਪ ਸਿੰਘ ਹੇਰਾਂ ਨੇ ਤਰੱਕੀ ਨੀਤੀ ਦੀ ਜੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਅਧਿਆਪਕਾਂ ਨੂੰ ਤਰੱਕੀ ਦੇਣ ਦੀ ਥਾਂ ਸਜਾਵਾਂ ਦਿੱਤੀਆਂ ਜਾ ਰਹੀਆਂ ਹਨ। ਪਹਿਲਾਂ ਵੀ ਮਾਸਟਰ ਕਾਡਰ ਤੋਂ ਲੈਕਚਰਾਰ ਦੀ ਤਰੱਕੀ ਦੇਣ ਸਮੇਂ ਅਧਿਆਪਕਾਂ ਨੂੰ ਪਹਿਲਾਂ ਸਕੂਲ ਆਫ ਐਮੀਨੈਂਸ ਅਤੇ ਫਿਰ ਜ਼ਿਲ੍ਹਾ ਸਿੱਖਿਆ ਸੰਸਥਾਵਾਂ ਵਿੱਚ,ਇਸ ਤੋਂ ਬਾਅਦ ਵੱਧ ਗਿਣਤੀ ਵਿਦਿਆਰਥੀਆਂ ਵਾਲੇ ਸਕੂਲਾਂ ਵਿੱਚ ਸਟੇਸ਼ਨ ਲੈਣ ਲਈ ਮਜਬੂਰ ਕੀਤਾ ਗਿਆ। ਆਗੂਆਂ ਨੇ ਵਿਭਾਗ ਦੀ ਜ਼ੁਬਾਨੀ-ਕਲਾਮੀ ਤਰੱਕੀ ਨੀਤੀ ਦੀ ਜੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਪੇਂਡੂ ਖੇਤਰ ਦੇ ਹਾਈ ਅਤੇ ਮਿਡਲ ਸਕੂਲਾਂ ਵਿਚ ਖਾਲੀ ਅਸਾਮੀਆਂ ਨੂੰ ਜਬਰੀ ਲੁਕਾ ਕੇ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਲੱਗਭਗ ਪਿਛਲੇ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਅਧਿਆਪਕਾਂ ਨੂੰ ਤਰੱਕੀ ਦੇ ਨਾਲ਼-ਨਾਲ ਸਜਾ ਵੀ ਦਿੱਤੀ ਗਈ ਹੈ। ਇਸ ਤੋਂ ਬਿਨਾਂ 16 ਫਰਵਰੀ 2024 ਦੀ ਹੜਤਾਲ ਵਿੱਚ ਸ਼ਾਮਲ ਅਧਿਆਪਕ ਆਗੂਆਂ ਦੀ ਤਨਖ਼ਾਹ ਕਟੌਤੀ ਦਾ ਪੱਤਰ ਵਾਪਸ ਲੈਣ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸੰਘਰਸ਼ ਦੇ ਅਗਲੇ ਪੜਾਅ ਦੌਰਾਨ 11 ਜਨਵਰੀ ਨੂੰ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਵੱਲ ਰੋਸ ਮਾਰਚ ਕੀਤਾ ਜਾਵੇਗਾ। ਉਨ੍ਹਾਂ ਇਨਸਾਫ਼ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਅਤੇ ਭਰਾਤਰੀ ਜਥੇਬੰਦੀਆਂ ਨੂੰ ਹੱਕ-ਸੱਚ ਦੀ ਲੜਾਈ ਵਿਚ ਡਟਵੀਂ ਹਮਾਇਤ ਦੇਣ ਅਪੀਲ ਕੀਤੀ। ਇਸ ਸਮੇਂ ਬਲਾਕ ਪ੍ਰਧਾਨ ਖੰਨਾ ਹਰਪਿੰਦਰ ਸ਼ਾਹੀ,ਬਲਾਕ ਪ੍ਰਧਾਨ ਸਮਰਾਲਾ ਜਸਕਰਨ ਸਿੰਘ,ਹਰਦੀਪ ਸਿੰਘ ਸਕੱਤਰ ਬਲਾਕ ਸਕੱਤਰ ਸਿੱਧਵਾਂ ਬੇਟ,ਲਾਲ ਸਿੰਘ ਬਲਾਕ ਪ੍ਰਧਾਨ ਮਾਂਗਟ,ਬਲਾਕ ਪ੍ਰਧਾਨ ਲੁਧਿਆਣਾ ਅਰਵਿੰਦਰ ਭੰਗੂ,ਬਲਾਕ ਪ੍ਰਧਾਨ ਮਾਛੀਵਾੜਾ ਸਾਹਿਬ ਰਾਜਿੰਦਰ ਸਿੰਘ,ਜਸਵਿੰਦਰ ਸਿੰਘ ਰਾਏਕੋਟੀ,ਗੁਰਪ੍ਰੀਤ ਮਾਹੀ,ਪਰਮਜੀਤ ਸਿੰਘ ਬਲਾਕ ਸਕੱਤਰ ਖੰਨਾ,ਜਗਵਿੰਦਰ ਸਿੰਘ ਅਕਾਲਗੜ,ਸੁਖਮਿੰਦਰ ਸਿੰਘ ਅਕਾਲਗੜ, ਬਲਜੀਤ ਸਿੰਘ ਮਾਛੀਵਾੜਾ,ਰਾਜਿੰਦਰ ਸਿੰਘ ਸਮਰਾਲਾ ਅਧਿਆਪਕ ਸਾਥੀ ਸ਼ਾਮਿਲ ਸਨ।

# ਵਿਸ਼ਵ ਜਾਗ੍ਰਿਤੀ ਮਿਸ਼ਨ ਵੱਲੋਂ ਰਾਜਪੁਰਾ ਰੋਡ ਵਿਖੇ 11 ਕੁੰਡੀਆ ਹਵਨ ਯੱਗ ਦਾ ਆਯੋਜਨ

**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ਵ ਜਾਗ੍ਰਿਤੀ ਮਿਸ਼ਨ ਦੇ ਪਟਿਆਲਾ ਮੰਡਲ ਵੱਲੋਂ ਸਥਾਨਕ ਗੋਵਿੰਦਬਾਗ ਆਸ਼ਰਮ ਵਿਖੇ ਰਾਜਪੁਰਾ ਰੋਡ ਵਿਖੇ 11 ਕੁੰਡੀਆ ਹਵਨ ਯੱਗ ਦਾ ਆਯੋਜਨ ਕੀਤਾ ਗਿਆ। ਇਹ ਯੱਗ ਸ੍ਰੀ ਰਾਕੇਸ਼ ਦਿਵੇਦੀ, ਪ੍ਰਚਾਰਯ ਆਨੰਦ ਧਾਮ ਆਸ਼ਰਮ, ਦਿੱਲੀ ਦੀ ਅਗਵਾਈ ਅਤੇ ਅਚਾਰੀਆਵਾਂ ਦੀ ਅਗਵਾਈ ਹੇਠ ਕੀਤਾ ਗਿਆ। ਇਸ ਯੱਗ ਵਿੱਚ ਪ੍ਰਸਿੱਧ ਸਮਾਜ ਸੇਵੀ ਅਤੇ ਐਮਡੀ ਵਰਧਮਾਨ ਹਸਪਤਾਲ ਸ੍ਰੀ ਸੌਰਭ ਜੈਨ ਆਪਣੇ ਪਰਿਵਾਰ ਸਮੇਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਨ੍ਹਾਂ ਤੋਂ ਇਲਾਵਾ ਇਸ ਯੱਗ ਵਿੱਚ ਸ੍ਰੀ ਯਸ਼ਪਾਲ ਕੱਕੜ ਪ੍ਰਸਿੱਧ ਸਮਾਜ ਸੇਵੀ ,ਸ੍ਰੀ ਸੰਜੇ ਸਿੰਗਲਾ, ਸ਼੍ਰੀ ਦੀਪਾਂਸ਼ੂ ਸਿੰਗਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸ਼੍ਰੀਮਤੀ ਅਤੇ ਸ਼੍ਰੀ ਤਰਸੇਮ ਸ਼ਰਮਾ, ਸ਼੍ਰੀ ਨਰੇਸ਼ ਗੋਇਲ, ਸ਼੍ਰੀ ਮਤੀ ਅਤੇ ਸ਼੍ਰੀ ਜੇ ਕੇ ਕਲਿਆਣ , ਸ਼੍ਰੀ ਆਰ ਕੇ ਵਰਮਾ, ਸ਼੍ਰੀਮਤੀ ਸ਼ਕਤੀ ਸ਼ਰਮਾ ਨੇ ਇਸ ਹਵਨ ਯੱਗ ਵਿੱਚ ਮੁੱਖ ਯਜਮਾਨ ਵਜੋਂ ਆਪਣੀ ਹਾਜ਼ਰੀ ਦਿੱਤੀ।



ਇਸ 11 ਕੁੰਡੀਆ ਯੱਗ ਵਿੱਚ 500 ਤੋਂ ਵੱਧ ਸ਼ਰਧਾਲੂਆਂ ਨੇ ਨਵੇਂ ਸਾਲ ਦੇ ਸ਼ੁਭ ਅਵਸਰ 'ਤੇ ਆਹੂਤੀਆਂ ਪਾ ਕੇ ਆਪਣੇ ਜੀਵਨ ਨੂੰ ਸਫਲ ਕੀਤਾ। ਸ਼੍ਰੀ ਸੌਰਭ ਜੈਨ ਨੇ ਦੱਸਿਆ ਕਿ ਨਵੇਂ ਸਾਲ ਦੇ ਮੌਕੇ 'ਤੇ ਅੱਜ ਦੇ ਹਵਨ ਯੱਗ 'ਚ ਹਿੱਸਾ ਲੈਣ ਤੋਂ ਬਾਅਦ ਉਨ੍ਹਾਂ ਦਾ ਮਨ ਬਾਗ ਬਾਗ ਹੋ ਗਿਆ । ਉਨ੍ਹਾਂ ਦੱਸਿਆ ਕਿ ਨਵੇਂ ਸਾਲ ਦੀ ਪੂਰਵ ਸੰਧਿਆ 'ਤੇ ਜਿੱਥੇ ਪੂਰੀ ਦੁਨੀਆ ਹੋਟਲਾਂ ਵਿਚ ਨਵੇਂ ਸਾਲ ਦੀਆਂ ਪਾਰਟੀਆਂ ਵਿਚ ਗਾਉਣ ਅਤੇ ਨੱਚਣ ਵਿਚ ਰੁੱਝੀ ਹੋਈ ਹੈ, ਉਥੇ ਵਿਸ਼ਵ ਜਾਗ੍ਰਿਤੀ ਮਿਸ਼ਨ ਵਲੋਂ ਹਵਨ ਦਾ ਇਹ ਪਵਿੱਤਰ ਕਾਰਜ ਕਰਵਾਉਣਾ ਆਪਣੇ ਆਪ ਵਿਚ ਇਕ ਸ਼ਲਾਘਾਯੋਗ ਕਾਰਜ ਹੈ ।
ਪਟਿਆਲਾ ਮੰਡਲ ਦੇ ਪ੍ਰਧਾਨ ਸ੍ਰੀ ਅਜੇ ਅਲੀਪੁਰੀਆ ਨੇ ਦੱਸਿਆ ਕਿ ਆਚਾਰੀਆ ਗੁਰੂਵਰ ਸੁਧਾਂਸ਼ੂਜੀ ਮਹਾਰਾਜ ਦੇ ਮਾਰਗ ਦਰਸ਼ਨ ਅਤੇ ਆਸ਼ੀਰਵਾਦ ਨਾਲ ਸਮੁੱਚੇ ਵਿਸ਼ਵ ਵਿੱਚ ਸ਼ਾਂਤੀ ਅਤੇ ਸਦਭਾਵਨਾ, ਅਨੇਕਾਂ ਬਿਮਾਰੀਆਂ ਤੋਂ ਮੁਕਤੀ, ਸਮੂਹ ਪਰਿਵਾਰਾਂ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਇਹ 11 ਕੁੰਡੀਆ ਹਵਨ ਕਰਵਾਇਆ ਜਾ ਰਿਹਾ ਹੈ। ਭਵਿੱਖ ਵਿੱਚ ਵੀ ਮਿਸ਼ਨ ਵੱਲੋਂ ਅਜਿਹੇ ਪੁੰਨ ਦੇ ਸਮਾਜਿਕ ਅਤੇ ਧਾਰਮਿਕ ਕੰਮ ਕਰਵਾਏ ਜਾਂਦੇ ਰਹਿਣਗੇ। ਦਿੱਲੀ ਤੋਂ ਆਏ ਆਚਾਰੀਆਂ ਦੇ ਮੰਤਰ ਜਾਪ ਨਾਲ ਸਾਰਾ ਮਾਹੌਲ ਪਵਿੱਤਰ ਹੋ ਗਿਆ।

# ਅੰਮ੍ਰਿਤਸਰ ਵਿੱਚ ਪੀਐਸਪੀਸੀਐਲ ਮੁਲਾਜ਼ਮਾਂ 'ਤੇ ਹੋਏ ਹਮਲੇ ਦੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਦੀ ਮੰਗ

**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੰਜ: ਦੇਸ ਰਾਜ ਬਾਂਗੜ, ਚੀਫ਼ ਇੰਜਨੀਅਰ, ਬਾਰਡਰ ਜ਼ੋਨ, ਪੀ.ਐਸ.ਪੀ.ਸੀ.ਐਲ., ਅੰਮ੍ਰਿਤਸਰ ਨੇ 4 ਜਨਵਰੀ ਨੂੰ ਫੇਅਰਲੈਂਡ ਕਲੋਨੀ, ਅੰਮ੍ਰਿਤਸਰ ਵਿੱਚ ਖਰਾਬ ਬਿਜਲੀ ਮੀਟਰਾਂ ਦੀ ਜਾਂਚ ਕਰਨ ਅਤੇ ਬਦਲਣ ਦੀ ਡਿਊਟੀ 'ਤੇ ਤਾਇਨਾਤ ਪੀ.ਐਸ.ਪੀ.ਸੀ.ਐਲ. ਦੇ ਕਰਮਚਾਰੀਆਂ 'ਤੇ ਹੋਏ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ।

ਅੱਜ ਜਾਰੀ ਇੱਕ ਬਿਆਨ ਵਿੱਚ, ਇੰਜ: ਬਾਂਗੜ ਨੇ ਦੱਸਿਆ ਕਿ ਕੁਲਦੀਪ ਕੁਮਾਰ, ਜੇ.ਈ. ਪੀ.ਐਸ.ਪੀ.ਸੀ.ਐਲ. ਗੋਪਾਲ ਨਗਰ ਸਬ-ਡਵੀਜ਼ਨ, ਅੰਮ੍ਰਿਤਸਰ, ਨੂੰ ਆਪਣੀ ਟੀਮ ਸਮੇਤ ਫੇਅਰਲੈਂਡ ਕਲੋਨੀ ਵਿੱਚ 2022 ਤੋਂ ਖਰਾਬ ਊਰਜਾ ਮੀਟਰਾਂ ਨੂੰ ਬਦਲਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਉਣ ਲਈ ਤਾਇਨਾਤ ਕੀਤਾ ਗਿਆ ਸੀ।

ਇਸ ਮੁਹਿੰਮ ਦੌਰਾਨ ਟੀਮ ਨੇ ਖਪਤਕਾਰ ਕੰਵਲਜੀਤ ਸਿੰਘ ਦਾ ਊਰਜਾ ਮੀਟਰ ਬਦਲ ਦਿੱਤਾ। ਜਦੋਂ ਕਿ ਕੁਲਦੀਪ ਕੁਮਾਰ ਨੇ ਕੰਵਲਜੀਤ ਸਿੰਘ ਦੇ ਬੇਟੇ ਨੂੰ ਮੀਟਰ ਚੇਂਜ ਆਰਡਰ (ਐਮਸੀਓ) 'ਤੇ ਦਸਤਖ਼ਤ ਕਰਨ ਲਈ ਬੇਨਤੀ ਕੀਤੀ, ਉਸਨੇ ਆਪਣੇ ਪਿਤਾ ਨੂੰ ਬੁਲਾਇਆ, ਜੋ ਮਜੀਠਾ ਵਿੱਚ ਪੁਲਿਸ ਵਿਭਾਗ ਵਿੱਚ ਕੰਮ ਕਰਦਾ ਹੈ। ਇਸ ਤੋਂ ਬਾਅਦ ਕੰਵਲਜੀਤ ਸਿੰਘ ਅਤੇ ਉਸਦੇ ਲੜਕੇ ਦੋਵਾਂ ਨੇ ਜੇ.ਈ ਕੁਲਦੀਪ ਕੁਮਾਰ ਅਤੇ ਲਾਈਨਮੈਨ ਕੁਲਵੰਤ ਸਿੰਘ 'ਤੇ ਸਰੀਰਕ ਤੌਰ 'ਤੇ ਹਮਲਾ ਕਰ ਦਿੱਤਾ।

ਘਟਨਾ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਗਈ ਅਤੇ ਦੋਸ਼ੀਆਂ ਦੇ ਖਿਲਾਫ ਐਫਆਈਆਰ (ਨੰਬਰ 0001, ਮਿਤੀ 6/1/25) ਦਰਜ ਕੀਤੀ ਗਈ। ਇੰਜ: ਬਾਂਗੜ ਨੇ ਪੀ.ਐਸ.ਪੀ.ਸੀ.ਐਲ. ਦੇ ਕਰਮਚਾਰੀਆਂ ਵਿੱਚ ਇਸ ਘਟਨਾ ਕਾਰਨ ਪੈਦਾ ਹੋਏ ਡਰ ਅਤੇ ਅਸੁਰੱਖਿਆ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਇੰਜ: ਬਾਂਗੜ ਨੇ ਕਿਹਾ, ਅਜਿਹੀਆਂ ਘਟਨਾਵਾਂ ਅਸਵੀਕਾਰਨਯੋਗ ਹਨ ਅਤੇ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਪੀਐਸਪੀਸੀਐਲ ਕਰਮਚਾਰੀਆਂ ਦੀ ਸੁਰੱਖਿਆ ਸਾਡੀ ਪ੍ਰਮੁੱਖ ਤਰਜੀਹ ਹੈ।÷

ਐਫਆਈਆਰ ਦਰਜ ਕਰਨ ਦੀ ਸ਼ਲਾਘਾ ਕਰਦੇ ਹੋਏ, ਇੰਜ: ਬਾਂਗੜ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕਾਫੀ ਨਹੀਂ ਹੈ। ਉਨ੍ਹਾਂ ਪੁਲੀਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਹਮਲੇ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।

# ਸਿਵਲ ਸਰਜਨ ਨੇ ਠੰਢ ਦੇ ਮੌਸਮ ਦੋਰਾਨ ਬਿਮਾਰ ਹੋਣ ਤੋਂ ਬੱਚਣ ਲਈ ਜਿਲਾ ਵਾਸੀਆਂ ਨੂੰ ਸੁਝਾਅ ਦਿੱਤ

**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ ਵੱਲੋਂ ਠੰਢ ਦੇ ਮੌਸਮ ਦੋਰਾਨ ਬਿਮਾਰ ਹੋਣ ਤੋਂ ਬੱਚਣ ਲਈ ਜਿਲਾ ਵਾਸੀਆਂ ਨੂੰ ਸੁਝਾਅ ਦਿੱਤੇ ਗਏ ਹਨ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ.ਜਗਪਾਲਇੰਦਰ ਸਿੰਘ ਸਿਵਲ ਸਰਜਨ ਨੇ ਦੱਸਿਆ ਕਿ ਠੰਢ ਨਾਲ ਸਿਹਤ ਸਬੰਧੀ ਕਈ ਤਰਾ ਦੀਆਂ ਸਿਹਤ ਸਮੱਸਿਆਵਾਂ ਜਿਵੇਂ ਖੰਘ,ਜ਼ੁਕਾਮ,ਨਮੂਨੀਆਂ,ਸਰੀਰ ਵਿੱਚ ਖ਼ੂਨ ਦਾ ਪ੍ਰਵਾਹ ਘੱਟ ਜਾਣਾ ਆਦਿ ਪੈਦਾ ਹੋ ਸਕਦੀਆਂ ਹਨ ।ਉਨ੍ਹਾਂ ਦੱਸਿਆ ਕਿ ਠੰਢ ਦੋਰਾਨ ਪੂਰੀ ਤਰਾਂ ਸਰੀਰ ਢੱਕਦੇ ਗਰਮ ਕਪੜੇ ਜਿਵੇਂ ਦਸਤਾਨੇ,ਟੋਪੀ,ਮਫਲਰ,ਜੁਰਾਬਾਂ ਅਤੇ ਬੂਟ ਪਾਏ ਜਾਣ ।ਇਸ ਦੇ ਨਾਲ ਹੀ ਸਰੀਰ ਵਿੱਚ ਬੀਮਾਰੀਆਂ ਨਾਲ ਲੜਨ ਦੀ ਤਾਕਤ ਨੂੰ ਵਧਾਉਣ ਲਈ ਪੌਸ਼ਟਿਕ ਆਹਾਰ ਜਿਵੇਂ ਵਿਟਾਮਿਨ ਸੀ ਭਰਪੂਰ ਭੋਜਨ,ਫਲ ਅਤੇ ਸਬਜੀਆਂ ਦੀ ਵਰਤੋ ਕੀਤੀ ਜਾਵੇ ।



ਖਾਣ-ਪੀਣ ਲਈ ਗਰਮ ਵਸਤੂਆਂ ਦਾ ਇਸਤੇਮਾਲ ਕੀਤਾ ਜਾਵੇ ।ਸ਼ਰਾਬ ਪੀਣ ਤੋਂ ਪ੍ਰਹੇਜ ਕੀਤਾ ਜਾਵੇ ,ਕਿਉਨ ਕਿ ਸ਼ਰਾਬ ਪੀਣ ਨਾਲ ਖੂਨ ਦਾ ਸੰਚਾਰ ਘੱਟਣ ਨਾਲ ਸਰੀਰ ਦਾ ਤਾਪਮਾਨ ਘੱਟ ਜਾਂਦਾ ਹੈ ।ਉਨ੍ਹਾਂ ਕਿਹਾ ਕਿ ਠੰਢ ਦੋਰਾਨ ਕਰੋਨਿਕ ਬੀਮਾਰੀਆਂ ਜਿਵੇਂ ਕਿ ਸ਼ੂਗਰ,ਹਾਈ ਬਲੱਡ ਪ੍ਰੈਸ਼ਰ,ਸਾਹ ਦੀ ਤਕਲੀਫ ਦੇ ਮਰੀਜ,ਦਿਲ ਦੀਆਂ ਬੀਮਾਰੀਆਂ ਦੇ ਮਰੀਜ,ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ,ਗਰਭਵਤੀ ਮਾਵਾਂ ਅਤੇ ਬਜੁਰਗਾਂ ਦਾ ਖਾਸ ਧਿਆਨ ਰੱਖਿਆ ਜਾਵੇ ਕਿਉਂ ਕਿ ਇਨ੍ਹਾਂ ਮਰੀਜਾ ਨੂੰ ਵਧੇਰੇ ਸਾਵਧਾਨੀਆਂ ਵਰਤਣ ਦੀ ਜਰੂਰਤ ਹੁੰਦੀ ਹੈ।

ਇਸ ਮੋਕੇ ਜਿਲਾ ਐਪੀਡੀਮੋਲਿਜਸਟ ਡਾ.ਸੁਮੀਤ ਸਿੰਘ ਨੇ ਦੱਸਿਆ ਕਿ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਬਜੁਰਗਾਂ ਲਈ ਖਾਸ ਪ੍ਰਬੰਧ ਕੀਤੇ ਗਏ ਹਨ ।ਉ.ਪੀ.ਡੀ ਵਿੱਚ ਬਜੁਰਗਾਂ ਦੀ ਪਰਚੀ ਪਹਿਲ ਦੇ ਆਧਾਰ ਤੇ ਕੱਟੀ ਜਾਂਦੀ ਹੈ ।ਡਾਕਟਰਾਂ ਵੱਲੋਂ ਬਜੁਰਗਾਂ ਦਾ ਪਹਿਲ ਦੇ ਆਧਾਰ ਤੇ ਚੈਕਅੱਪ ਤੇ ਇਲਾਜ ਕੀਤਾ ਜਾਂਦਾ ਹੈ ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਲੋੜੀਦੀਆਂ ਜਰੂਰੀ ਦਵਾਈਆਂ ਅਤੇ ਸਾਜੋ ਸਮਾਨ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਉਪਲੱਬਦ ਹੈ ।ਉਨ੍ਹਾਂ ਜਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਠੰਢ ਦੋਰਾਨ ਗਰਮ ਕਪੜੇ ਪਾਉ,ਜਿੰਨ੍ਹਾਂ ਸੰਭਵ ਹੋ ਸਕੇ ਘਰ ਹੀ ਰਹੋ,ਯਾਤਰਾ ਤੋਂ ਪ੍ਰਹੇਜ ਕਰੋ ਅਤੇ ਅਪਣੇ ਆਪ ਨੂੰ ਸੁੱਕਾ ਰੱਖੋ ।

# ਜੰਗਲਾਤ ਵਰਕਰਜ ਯੂਨੀਅਨ ਦੀ ਵਿੱਤਮੰਤਰੀ ਨਾਲ ਮੀਟਿੰਗ 11 ਜਨਵਰੀ ਨੂੰ




**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਗਲਾਤ ਵਰਕਰਜ ਯੂਨੀਅਨ ਪੰਜਾਬ ਜਿਲਾ ਪਟਿਆਲਾ ਦੀ ਮੀਟਿੰਗ ਜਸਵਿੰਦਰ ਸਿੰਘ ਸੌਜਾ ,ਜਗਤਾਰ ਸਿੰਘ ਸ਼ਾਹਪੁਰ ਦੀ ਅਗਵਾਈ ਹੇਠ ਪਟਿਆਲਾ ਵਿਖੇ ਹੋਈ।

ਇਸ ਮੀਟਿੰਗ ਨੂੰ ਸਬੋਧਨ ਕਰਦਿਆ ਸੇਰ ਸਿੰਘ ਸਰਹਿੰਦ, ਭੁਪਿੰਦਰ ਸਿੰਘ ਸਾਧੋਹੇੜੀ,ਨਰੇਸ ਕੁਮਾਰ ਬੋਸਰ, ਜੋਗਾ ਸਿੰਘ ਭਾਦਸੋਂ ਅਤੇ ਬਿੰਦਰ ਘੱਗਾ ਨੇ ਕਿਹਾ ਕਿ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵਿੱਚ 25-25 ਸਾਲਾਂ ਤੋਂ ਡੇਲੀਵੇਜ ਤੇ ਕੰਮ ਕਰਦੇ ਵਰਕਰਾਂ ਦੀਆਂ ਮੰਗਾਂ ਸਬੰਧੀ ਵਣ ਮੰਤਰੀ ਮਾਣਯੋਗ ਸ੍ਰੀ ਲਾਲ ਚੰਦ ਕਟਾਰੂਚੱਕ ਜੀ ਦੇ ਨਾਲ ਮਿਤੀ 16.05.2023 ਅਤੇ 22.06.2023 ਨੂੰ ਮੀਟਿੰਗਾਂ ਕੀਤੀਆ ਗਈਆ।

ਜੰਥੇਬੰਦੀ ਦੀਆਂ ਵਿੱਤ ਮੰਤਰੀ ਨਾਲ 22.11. 2023 ਅਤੇ 13.12. 2023 ਨੂੰ ਦੋ ਮੀਟਿੰਗਾਂ ਕੀਤੀਆਂ ਗਈਆਂ ਪ੍ਰੰਤੂ ਵਿੱਤ ਮੰਤਰੀ ਜੀ ਤੇ ਵਣ ਮੰਤਰੀ ਜੀ ਨੇ ਮੀਟਿੰਗਾਂ ਵਿੱਚ ਮੰਗਾਂ ਨੂੰ ਜਲਦੀ ਹੱਲ ਕਰਨ ਦਾ ਵਿਸ਼ਵਾਸ ਅਤੇ ਭਰੋਸਾ ਤਾਂ ਜ਼ਰੂਰ ਦਿਵਾਇਆ ਜਾਂਦਾ ਰਿਹਾ, ਪ੍ਰੰਤੂ ਇਕ ਵੀ ਮੰਗ ਦਾ ਹੁਣ ਤੱਕ ਹੱਲ ਨਹੀਂ ਕੀਤਾ ਗਿਆ। ਸੋ ਜੰਥੇਬੰਦੀ ਨੇ ਮਾਨਯੋਗ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਜੀ ਦੇ ਨਾਲ 22 ਫਰਵਰੀ ਦੀ ਮੀਟਿੰਗ ਨੂੰ ਅੱਗੇ ਤੋ ਅੱਗੇ 5 ਮਾਰਚ ਅਤੇ ਫਿਰ 22 ਮਾਰਚ ਕੀਤਾ ਗਿਆ, ਪ੍ਰੰਤੂ ਇਹ ਮੀਟਿੰਗਾਂ ਵਿੱਤ ਮੰਤਰੀ ਜੀ ਵਲੋ ਹੁਣ ਤੱਕ ਨਹੀਂ ਕੀਤੀਆ ਗਈਆਂ।

ਫਿਰ ਵਿੱਤ ਮੰਤਰੀ ਵੱਲੋਂ ਜਥੇਬੰਦੀ ਨੂੰ ਦੁਆਰਾ 20 ਅਗਸਤ 2024 ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ, ਫਿਰ ਇਹ ਮੀਟਿੰਗ ਆਪ ਜੀ ਵੱਲੋਂ ਅੱਗੇ ਤੋਂ ਅੱਗੇ 11 ਸਤੰਬਰ ਅਤੇ ਦੁਆਰਾ ਫੇਰ ਅੱਗੇ 12 ਸਤੰਬਰ 2024 ਦੀ ਕੀਤੀ ਗਈ। ਪਰ ਇਹ ਮੀਟਿੰਗ ਆਪ ਜੀ ਵੱਲੋਂ ਹੁਣ ਤੱਕ ਨਹੀਂ ਕੀਤੀ ਗਈ। ਜੰਥੇਬੰਦੀ ਨੇ ਲੋਕ ਸਭਾ ਹਲਕਾ ਬਰਨਾਲਾ ਵਿੱਚ 6 ਨਵੰਬਰ ਨੂੰ ਧਰਨਾ-ਪ੍ਰਦਰਸ਼ਨ ਕਰਕੇ ਬਰਨਾਲਾ ਪ ?ਸਾਸਨ ਨੇ ਜੰਥੇਬੰਦੀ ਨੂੰ 11 ਨਵੰਬਰ 2024 ਨੂੰ ਮਾਣਯੋਗ ਅਜੋਏ ਸਿਨਹਾ IAS ( ਪ੍ਰਮੁੱਖ ਸਕੱਤਰ ਵਿੱਤ ਵਿਭਾਗ) ਨਾਲ ਜਥੇਬੰਦੀ ਦੀ ਮੀਟਿੰਗ ਕੀਤੀ ਗਈ। ਜਿਸ ਵਿਚ ਵਿਸ਼ਵਾਸ ਦਿਵਾਇਆ ਗਿਆ ਕਿ ਤੁਹਾਡੀਆਂ ਮੰਗਾਂ ਹੱਲ ਕੀਤੀਆ ਜਾਣ ਗਈਆਂ ਪ੍ਰੰਤੂ ਇਕ ਵੀ ਮੰਗ ਹੱਲ ਨਹੀ ਹੋਈ

ਜੰਗਲਾਤ ਕਾਮਿਆਂ ਦੇ ਰੋਹ ਨੂੰ ਦੇਖਦਿਆ ਜੰਥੇਬੰਦੀ ਵਲੋ ਮਿਤੀ 4ਜਨਵਰੀ 2025ਨੂੰ ਵਿਧਾਨ ਸਭਾ ਹਲਕਾ ਦਿੜਬਾ ਵਿਖੇ ਸੂਬਾ ਪੱਧਰੀ ਰੋਸ ਧਰਨਾ ਦੇਣਾ ਸੀ ਪਰ ਮਾਨਯੋਗ ਵਿੱਤ ਮੰਤਰੀ ਜੀ ਵਲੋ ਜੰਥੇਬੰਦੀ ਨੂੰ ਮਿਤੀ 10ਜਨਵਰੀ ਦਾ ਮੀਟਿੰਗ ਕਰਨ ਦਾ ਸਮਾ ਦਿੱਤਾ ਗਿਆ।

ਜਸਵੰਤ ਸਿੰਘ ਸਰਹਿੰਦ, ਹਲੀਮ ਖਾਨ, ਹਰਮੇਸ ਨਾਭਾ,ਬਲਵੀਰ ਖਾਨ,ਅਮਰਜੀਤ ਲਾਛੜੂ ਅਤੇ ਦਵਿੰਦਰ ਚੌਧਰੀਮਾਜਰਾ ਨੇ ਕਿਹਾ ਕੀ ਅਗਰ ਵਿੱਤ ਮੰਤਰੀ ਜੀ ਵਲੋ 10ਜਨਵਰੀ ਮੀਟਿੰਗ ਨਾ ਕੀਤੀ ਤਾ ਜੰਥੇਬੰਦੀ 16ਜਨਵਰੀ ਨੂੰ ਰੋਸ ਧਰਨਾ ਦੇਣ ਉਪਰੰਤ ਸਹਿਰ ਚ ਰੋਸ ਪ੍ਰਦਰਸ਼ਨ ਕਰਕੇ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਜਿਸ ਦੀ ਸਮੂਚੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਰਾਸ਼ਟਰੀ ਜਯੋਤੀ ਕਲਾ ਮੰਚ ਅਤੇ ਸਹਾਇਤਾ ਵੈਲਫੇਅਰ ਸੋਸਾਇਟੀ ਨੇ ਕਰਵਾਏ ਚਾਰ ਜਰੂਰਤਮੰਦ ਲੜਕੀਆਂ ਦੇ ਵਿਆਹ




**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀਆ ਜਯੋਤੀ ਕਲਾ ਮੰਚ (ਰਜਿ.) ਅਤੇ ਸਹਾਇਤਾ ਵੈੱਲਫੇਅਰ ਸੁਸਾਇਟੀ ਵੱਲੋਂ ਡਾਇਰੈਕਟਰ ਰਾਕੇਸ਼ ਠਾਕੁਰ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ 4 ਜ਼ਰੂਰਤਮੰਦ ਲੜਕੀਆਂ ਦੇ ਵਿਆਹ ਪੂਰੇ ਰੀਤੀ ਰਿਵਾਜ ਨਾਲ ਨਾਭਾ ਰੋਡ ਸਥਿਤ ਲਕਸ਼ਮੀ ਫਾਰਮਜ਼ ਵਿਖੇ ਮੋਹਨ ਸਿੰਗਲਾ ਬਾਪੂ ਜੀ, ਅਤੇ ਨਵਦੀਪ ਵਾਲੀਆ ਜੀ ਦੇ ਆਸ਼ੀਰਵਾਦ ਨਾਲ ਕਰਵਾਏ ਗਏ। ਇਸ ਮੌਕੇ ਉੱਘੇ ਭਗਵਾਨ ਦਾਸ ਜੁਨੇਜਾ (ਗਰੀਨਮੈਨ), ਸੀਤਾ ਰਾਮ ਜੈਨ (ਸਮਾਜ ਸੇਵਕ), ਰਾਜੀਵ ਗੋਇਲ (ਸਮਾਜ ਸੇਵਕ) ਸੰਤ ਲਾਲ ਬਾਂਗਾ ਉਚੇਚੇ ਤੌਰ ਤੇ ਪਹੁੰਚੇ। ਮੰਚ ਦੇ ਚੇਅਰਮੈਨ ਸੰਜੇ ਗੋਇਲ, ਬੀਰ ਚੰਦ ਖੁਰਮੀ (ਸਰਪ੍ਰਸਤ), ਇੰਜ. ਨਰਿੰਦਰ ਸਿੰਘ (ਸੀਨੀਅਰ ਪ੍ਰਧਾਨ), ਗਗਨ ਗੋਇਲ (ਜਨਰਲ ਸਕੱਤਰ), ਬਰਿੰਦਰ ਵਰਮਾ, ਦਰਸ਼ਨ ਜਿੰਦਲ, ਹਰਕੇਸ਼ ਮਿੱਤਲ, ਤ੍ਰਿਭਵਨ ਗੁਪਤਾ, ਹਰਮੇਸ਼ ਸਿੰਗਲਾ, ਰਵਿੰਦਰ ਸਿੰਗਲਾ, ਐਡ. ਸਤਿਆਪਾਲ ਸਲੂਜਾ, ਅਕਸ਼ੇ ਗੋਪਾਲ (ਐਮ ਡੀ ਹੋਟਲ ਫਲਾਈਓਵਰ ਕਲਾਸਿਕ) ਨੇ ਨਵੇਂ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ। ਨਵੇਂ ਵਿਆਹੇ 4 ਜੋੜਿਆਂ ਨੂੰ ਮੰਚ ਵਲੋਂ ਡਬਲ ਬੈਡ, ਅਲਮਾਰੀ, ਕੁਰਸੀਆਂ, ਟੇਬਲ, ਸਿਲਾਈ ਮਸ਼ੀਨ ਅਤੇ ਚਾਂਦੀ ਦੇ ਗਹਿਣਿਆਂ ਸਣੇ ਘਰੇਲੂ ਵਰਤੋਂ ਲਈ ਸਮਾਨ ਦਿੱਤਾ ਗਿਆ।ਇਸ ਸਮਾਗਮ ਵਿੱਚ ਸ਼ਹਿਰ ਦੀਆਂ ਉੱਘੀਆਂ ਸਮਾਜਸੇਵੀ ਸੰਸਥਾਵਾਂ ਦੇ ਅਹੁਦੇਦਾਰਾਂ ਅਤੇ ਹਸਤੀਆਂ ਵਿਚ ਕਾਂਤਾ ਬਾਂਸਲ, ਐੱਲ ਆਰ ਗੁਪਤਾ, ਵਰਿੰਦਰ ਗੋਇਲ, ਸ਼ਮਸ਼ੇਰ ਸਿੰਘ (ਐਮ ਡੀ ਗੋਪਾਲ ਸਵੀਟ), ਡਾਕਟਰ ਰਜਨੀਸ਼ ਗੁਪਤਾ (ਪ੍ਰਿੰਸੀਪਲ), ਕਮਲ ਗਾਬਾ, ਬਿਮਲ ਗਾਬਾ, ਬਾਬਾ ਬਲਬੀਰ ਸਿੰਘ, ਡਾ. ਸੁਭਾਸ਼ ਡਾਬਰ, ਐਡ. ਸਰਿਤਾ ਨਹੋਰੀਆ, ਰੋਟੇਰੀਅਨ ਦਵਿੰਦਰ ਕੌਰ, ਅਨੁ ਮਹੰਤ, ਸ਼੍ਰੀਮਤੀ ਰੋਮੀ ਸ਼ਰਮਾ, ਡਾਕਟਰ ਗੀਤਾ ਗੁਪਤਾ, ਡਾਕਟਰ ਨਰੇਸ਼ ਗਰਗ, ਡਾਕਟਰ ਮੀਨਾ ਗਰਗ, ਲੋਆਇਨ ਕੇ.ਵੀ. ਪੁਰੀ, ਸ਼੍ਰੀ ਮੋਹਿਤ ਗੋਇਲ, ਸਰਦਾਰ ਭੁਪਿੰਦਰ ਸਿੰਘ, ਪ੍ਰਵੀਨ ਕੁਮਾਰ ਗੋਇਲ, ਸੁਖਦੇਵ ਸਿੰਘ ਭੋਲਾ, ਕੇ ਕੇ ਜੁਨੇਜਾ, ਧੀਰਜ ਗੋਇਲ, ਦਰਸ਼ਨ ਜਿੰਦਲ, ਇੰਜੀਨੀਅਰ ਸੁਭਾਸ਼ ਸ਼ਰਮਾ ਆਦਿ ਹਾਜ਼ਰ ਸਨ। ਡਾਕਟਰ ਨਵੀਨ ਸਾਰੋਵਾਲ, ਨਰੇਸ਼ ਗੁਪਤਾ, ਪੀ ਐਸ ਗਾਂਧੀ, ਸ੍ਰੀਮਤੀ ਰੀਮਾ, ਵਰਿੰਦਰ ਆਹੂਜਾ, ਸਤੀਸ਼ ਕੁਮਾਰ, ਅਸ਼ੋਕ ਕੁਮਾਰ, ਵਿਨੋਦ ਚਾਵਲਾ, ਐਡਵੋਕੇਟ ਸੁਰਿੰਦਰ ਮੋਹਨ ਸਿੰਗਲਾ, ਤ੍ਰਿਪਤਾ ਪੁਰੀ, ਲਾਇਨ ਕਲੱਬ ਫੋਰਟ, ਸ਼ਾਮ ਦੀਵਾਨੇ ਵੈਲਫੇਅਰ ਸੋਸਾਇਟੀ ਨੇ ਜੋੜਿਆਂ ਨੂੰ ਸ਼ੁੱਭ ਇੱਛਾਵਾਂ ਭੇਟ ਕੀਤੀਆਂ। ਇਸ ਸਮਾਗਮ ਨੂੰ ਕਾਮਯਾਬ ਕਰਨ ਵਿੱਚ ਮਮਤਾ ਠਾਕੁਰ, ਪੂਨਮ ਠਾਕੁਰ, ਸ਼੍ਰੀਮਤੀ ਸੁਨੀਤਾ ਪਾਲ, ਪਿੰਕੀ, ਵਿਲੀਅਮ, ਦਿਗਵਿਜੇ ਨੇ ਆਪਣਾ ਯੋਗਦਾਨ ਪਾਇਆ।

# ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਭਾਸ਼ਾ ਵਿਭਾਗ ਨੇ ਕੀਤੀ ਕਿਤਾਬਾਂ ਦੀ ਮੰਗ

## ਪੁਰਸਕਾਰਾਂ ਦਾ ਘੇਰਾ ਵਧਾਉਣ ਲਈ ਵਿਭਾਗ ਨੇ ਨਿਯਮਾਂ 'ਚ ਕੀਤੀਆਂ ਸੋਧਾਂ: ਜਸਵੰਤ ਸਿੰਘ ਜ਼ਫ਼ਰ

**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰ-2025 ਲਈ ਕਿਤਾਬਾਂ ਦੀ ਮੰਗ ਕੀਤੀ ਹੈ। ਇੰਨਾਂ 11 ਪੁਰਸਕਾਰਾਂ ਲਈ 2024 'ਚ ਛਪੀਆਂ ਪੁਸਤਕਾਂ ਵਿਭਾਗ ਦੇ ਮੁੱਖ ਦਫ਼ਤਰ ਸ਼ੇਰਾਂ ਵਾਲਾ ਗੇਟ ਵਿਖੇ ਡਾਕ ਰਾਹੀਂ ਜਾਂ ਦਸਤੀ 31 ਮਾਰਚ, 2025 ਤੱਕ ਜਮਾਂ ਕਰਵਾਈਆਂ ਜਾ ਸਕਦੀਆਂ ਹਨ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਇਸ ਸਬੰਧੀ ਦੱਸਿਆ ਕਿ ਵਿਭਾਗ ਵੱਲੋਂ ਵੱਧ ਤੋਂ ਵੱਧ ਲੇਖਕਾਂ ਨੂੰ ਇਨਾਮਾਂ ਦੇ ਘੇਰੇ 'ਚ ਲਿਆਉਣ ਹਿੱਤ ਨਿਯਮਾਂ ਵਿੱਚ ਕੁਝ ਸੋਧਾਂ ਕੀਤੀਆਂ ਹਨ। ਜਿੰਨਾਂ ਤਹਿਤ ਅੱਗੇ ਤੋਂ ਹਰ ਸਾਲ ਨਾਵਲ ਤੇ ਕਹਾਣੀ/ ਮਿੰਨੀ ਕਹਾਣੀ ਦੀਆਂ ਸਰਵੋਤਮ ਪੁਸਤਕਾਂ ਨੂੰ ਵੱਖ-ਵੱਖ ਪੁਰਸਕਾਰ ਦਿੱਤੇ ਜਾਣਗੇ। ਦੱਸਣਯੋਗ ਹੈ ਕਿ ਪਹਿਲਾ ਇਹ ਪੁਰਸਕਾਰ ਵਾਰੋ-ਵਾਰੀ (ਇੱਕ ਸਾਲ ਨਾਵਲ ਤੇ ਇੱਕ ਸਾਲ ਕਹਾਣੀ/ ਮਿੰਨੀ ਕਹਾਣੀ) ਨੂੰ ਦਿੱਤੇ ਜਾਂਦੇ ਸਨ। ਇਸ ਦੇ ਨਾਲ ਹੀ ਭਾਰਤੀ ਸਾਹਿਤ ਅਕਾਦਮੀ, ਯੁਵਾ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਪੁਸਤਕਾਂ ਨੂੰ ਭਾਸ਼ਾ ਵਿਭਾਗ ਦੇ ਪੁਰਸਕਾਰਾਂ ਲਈ ਵਿਚਾਰਿਆ ਨਹੀਂ ਜਾਵੇਗਾ। ਕਿਸੇ ਵੀ ਲੇਖਕ ਦੀ ਪੁਸਤਕ ਪ੍ਰਕਾਸ਼ਕ ਜਾਂ ਕੋਈ ਹੋਰ ਵੀ ਪੁਰਸਕਾਰਾਂ ਲਈ ਭੇਜ ਸਕਦਾ ਹੈ। ਇੱਕ ਲੇਖਕ ਇੱਕ ਵਿਧਾ 'ਚ ਇੱਕ ਵਾਰ ਹੀ ਭਾਸ਼ਾ ਵਿਭਾਗ ਦਾ ਪੁਰਸਕਾਰ ਪ੍ਰਾਪਤ ਕਰ ਸਕਦਾ ਹੈ।

ਵੱਖ-ਵੱਖ ਵਿਧਾਵਾਂ 'ਚ ਇੱਕ-ਇੱਕ ਵਾਰ ਪੁਰਸਕਾਰ ਹਾਸਲ ਕਰਨ 'ਤੇ ਕੋਈ ਬੰਦਿਸ਼ ਨਹੀਂ ਹੋਵੇਗੀ। ਜੇਕਰ ਕੋਈ ਲੇਖਕ ਇੱਕ ਸਾਲ ਵਿੱਚ ਇੱਕ ਤੋਂ ਵੱਧ ਵਿਧਾਵਾਂ 'ਚ ਪੁਰਸਕਾਰ ਜੇਤੂ ਬਣਦਾ ਹੈ ਤਾਂ ਉਸ ਨੂੰ ਸਿਰਫ਼ ਇੱਕ ਵਿਧਾ 'ਚ ਹੀ ਪੁਰਸਕਾਰ ਦਿੱਤਾ ਜਾਵੇਗਾ। ਵੱਖ-ਵੱਖ ਪੁਸਤਕਾਂ ਨੂੰ ਸੰਪਾਦਿਤ ਕਰਕੇ ਇੱਕ ਪੁਸਤਕ ਦੇ ਰੂਪ 'ਚ ਛਪਵਾ ਕੇ ਕਿਸੇ ਵੀ ਪੁਰਸਕਾਰ ਲਈ ਬਿਨੈ ਪੱਤਰ ਨਹੀਂ ਦਿੱਤਾ ਜਾ ਸਕਦਾ। ਸ. ਜ਼ਫ਼ਰ ਨੇ ਦੱਸਿਆ ਕਿ ਪੁਰਸਕਾਰਾਂ ਲਈ ਨਿਯਮ ਅਤੇ ਬਿਨੈ ਪੱਤਰ ਦਾ ਨਮੂਨਾ ਵਿਭਾਗ ਦੀ ਵੈਬਸਾਈਟ ਅਤੇ ਫੇਸਬੁੱਕ ਪੇਜ 'ਤੇ ਉਪਲਬਧ ਹਨ।

ਦੱਸਣਯੋਗ ਹੈ ਕਿ ਸਰਵੋਤਮ ਪੁਸਤਕ ਪੁਰਸਕਾਰਾਂ ਤਹਿਤ ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ, ਸਵੈ-ਜੀਵਨੀ, ਯਾਦਾਂ ਤੇ ਰੇਖਾ ਚਿੱਤਰ), ਨਾਨਕ ਸਿੰਘ ਪੁਰਸਕਾਰ (ਨਾਵਲ), ਪ੍ਰਿੰ. ਸੁਜਾਨ ਸਿੰਘ ਪੁਰਸਕਾਰ (ਕਹਾਣੀ ਤੇ ਮਿੰਨੀ ਕਹਾਣੀ), ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ, ਸਫ਼ਰਨਾਮਾ ਤੇ ਵਿਅੰਗ), ਗਿਆਨੀ ਗੁਰਮੁੱਖ ਸਿੰਘ ਮੁਸਾਫ਼ਿਰ ਪੁਰਸਕਾਰ (ਕਵਿਤਾ), ਈਸ਼ਵਰ ਚੰਦਰ ਨੰਦਾ ਪੁਰਸਕਾਰ (ਨਾਟਕ ਤੇ ਇਕਾਂਗੀ), ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ), ਐੱਮ.ਐਸ. ਰੰਧਾਵਾ ਪੁਰਸਕਾਰ (ਗਿਆਨ ਸਾਹਿਤ ਤੇ ਸੰਪਾਦਨ), ਸ੍ਰੀ ਗੁਰੂ ਹਰਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ), ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ ਤੇ ਖੋਜ) ਅਤੇ ਭਾਈ ਕਾਨ੍ਹ ਸਿੰਘ ਨਾਭਾ ਪੁਰਸਕਾਰ (ਟੀਕਾਕਾਰੀ, ਕੋਸ਼ਕਾਰੀ, ਭਾਸ਼ਾ ਵਿਗਿਆਨ, ਵਿਆਕਰਣ ਅਤੇ ਹਵਾਲਾ ਗ੍ਰੰਥ) ਲਈ ਭਾਸ਼ਾ ਵਿਭਾਗ ਵੱਲੋਂ 2024 'ਚ ਛਪੀਆ ਪੁਸਤਕਾਂ ਦੀ ਮੰਗ ਕੀਤੀ ਗਈ ਹੈ।

## ਸੰਪਾਦਕੀ

# ਮੌਤ ਦੀ ਕਤਾਰ ਵਿੱਚ ਖੜ੍ਹੀ ਭਾਰਤੀ ਔਰਤ

ਯਮਨ ਵਿੱਚ ਸਜ਼ਾ-ਏ-ਮੌਤ ਦੀ ਕਤਾਰ ਵਿੱਚ ਖੜ੍ਹੀ ਭਾਰਤੀ ਔਰਤ ਨੂੰ ਬਚਾਉਣ ਦੇ ਯਤਨ ਕਰਦਿਆਂ ਸਾਨੂੰ ਇਸ ਮੁਤੱਲਕ ਮੁੜ ਵਿਚਾਰ ਕਰਨਾ ਚਾਹੀਦਾ ਹੈ ਕਿ ਸਾਨੂੰ ਇਸ ਕਿਸਮ ਦੀ ਸਜ਼ਾ ਜਾਰੀ ਰੱਖਣਾ ਚਾਹੀਦੀ ਹੈ। ਨਿਮੀਸ਼ਾ ਪ੍ਰਿਆ ਪੇਸ਼ੇ ਵਜੋਂ ਨਰਸ ਹੈ ਅਤੇ ਉਸ ’ਤੇ ਦੋਸ਼ ਹੈ ਕਿ ਉਸ ਨੇ ਜੇਲ੍ਹ ਵਿੱਚ ਬੰਦ ਯਮਨੀ ਨਾਗਰਿਕ ਜਿਸ ਨੂੰ ਉਹ ਪਹਿਲਾਂ ਤੋਂ ਜਾਣਦੀ ਸੀ, ਨੀਂਦ ਦਾ ਟੀਕਾ ਲਾ ਕੇ ਮਾਰ ਦਿੱਤਾ ਸੀ। ਅਜੇ ਤੱਕ ਉਸ ਦੀ ਸਜ਼ਾ-ਏ-ਮੌਤ ਨੂੰ ਰਫ਼ਾ-ਦਫ਼ਾ ਕਰਨ ਦੀਆਂ ਜਿੰਨੀਆਂ ਵੀ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ, ਉਨ੍ਹਾਂ ਦਾ ਕੋਈ ਸਿੱਟਾ ਨਹੀਂ ਨਿਕਲਿਆ। ਹੁਣ ਸੱਜਰੀ ਕੋਸ਼ਿਸ਼ ਇਹ ਕੀਤੀ ਜਾ ਰਹੀ ਹੈ ਕਿ ਮਕਤੂਲ ਦੇ ਪਰਿਵਾਰ ਨੂੰ ਬਲੱਡ ਮਨੀ (ਦੀਆ) ਦੇ ਕੇ ਮੁਆਫ਼ੀ ਮੰਗੀ ਜਾਵੇ। ਸੁਣਨ ਵਿੱਚ ਆਇਆ ਹੈ ਕਿ 40 ਹਜ਼ਾਰ ਅਮਰੀਕੀ ਡਾਲਰ ਦੀ ਰਕਮ ਦਿੱਤੀ ਜਾਵੇਗੀ ਜੋ ਭਾਰਤੀ ਕਰੰਸੀ ਵਿਚ 34 ਲੱਖ ਰੁਪਏ ਬਣਦੇ ਹਨ। ਇਸ ਦਾ ਚੋਖਾ ਹਿੱਸਾ ਕਿਸੇ ਵਕੀਲ ਦੇ ਪਰਿਵਾਰ ਵੱਲੋਂ ਜੁਟਾ ਕੇ ਜਮ੍ਹਾ ਕਰਵਾ ਦਿੱਤਾ ਗਿਆ ਹੈ। ਖ਼ੈਰ, ਇਸ ਦੇ ਵਿੱਤੀ ਪੱਖ ਨੂੰ ਤਾਂ ਸੰਭਾਲ ਲਿਆ ਗਿਆ ਹੈ ਪਰ ਹੁਣ ਜਿਸ ਗੱਲ ਦੀ ਬੇਸਬਰੀ ਨਾਲ ਉਡੀਕ ਹੋ ਰਹੀ ਹੈ, ਉਹ ਹੈ- ਕੀ ਪਰਿਵਾਰ ਮੁਆਫ਼ੀ ਲਈ ਤਿਆਰ ਹੋ ਸਕੇਗਾ। ਸਾਡੀ ਸਰਕਾਰ ਪਰਿਵਾਰ ਦੀ ਸਹਾਇਤਾ ਲਈ ਜੋ ਕੁਝ ਵੀ ਹੋ ਸਕਦਾ ਹੈ, ਕਰ ਰਹੀ ਹੈ। ਅਸੀਂ ਹਮੇਸ਼ਾ ਕਹਿੰਦੇ ਹਾਂ- ਕਾਨੂੰਨ ਨੂੰ ਆਪਣਾ ਰਾਹ ਅਖ਼ਤਿਆਰ ਕਰਨ ਦਿਓ ਤੇ ਇਸ ਔਰਤ ਦੇ ਕੇਸ ਵਿੱਚ ਵੀ ਇਵੇਂ ਹੀ ਹੋਣ ਦੇਣਾ ਚਾਹੀਦਾ ਹੈ। ਇਸ ਲਈ ਸਰਕਾਰ ਇਸ ਔਰਤ ਨੂੰ ਫਾਂਸੀ ਦੇ ਰੱਸੇ ਤੋਂ ਬਚਾਉਣ ਦੀ ਕੋਸ਼ਿਸ਼ ਕਿਉਂ ਕਰ ਰਹੀ ਹੈ ? ਕੀ ਸਰਕਾਰ ਨੂੰ ਯਕੀਨ ਹੈ ਕਿ ਉਹ ਔਰਤ ਦੋਸ਼ੀ ਨਹੀਂ ਹੈ, ਜਾਂ ਕੀ ਉਸ ਨੂੰ ਆਪਣੇ ਬਚਾਉਣ ਦਾ ਸਹੀ ਢੰਗ ਨਾਲ ਕਾਨੂੰਨੀ ਹੱਕ ਨਹੀਂ ਮਿਲਿਆ ? ਕੀ ਇਹ ਇਸ ਕਰ ਕੇ ਹੈ ਕਿਉਂਕਿ ਉਹ ਭਾਰਤੀ ਨਾਗਰਿਕ ਹੈ ਅਤੇ ਸਰਕਾਰ ਕਿਸੇ ਭਾਰਤੀ ਦੀ ਜਾਨ ਬਚਾਉਣ ਲਈ ਪੂਰੀ ਵਾਹ ਲਾ ਸਕਦੀ ਹੈ ? ਕੀ ਇਹ ਇਸ ਕਰ ਕੇ ਹੈ ਕਿ ਸਰਕਾਰ ਮਹਿਸੂਸ ਕਰਦੀ ਹੈ ਕਿ ਉਸ ਨੂੰ ਜੋ ਸਜ਼ਾ ਦਿੱਤੀ ਗਈ ਹੈ, ਉਹ ਬਹੁਤ ਜ਼ਿਆਦਾ ਸਖ਼ਤ ਹੈ ? ਕਾਰਨ ਕੁਝ ਵੀ ਹੋਵੇ ਪਰ ਇਸ ਗੱਲੋਂ ਸਰਕਾਰ ਦੀ ਪ੍ਰਸ਼ੰਸਾ ਕੀਤੀ ਜਾਣੀ ਬਣਦੀ ਹੈ ਕਿ ਉਸ ਨੇ ਸਹਾਇਤਾ ਦਿੱਤੀ ਹੈ। ਇਸ ਕੇਸ ਦੇ ਆਧਾਰ ’ਤੇ ਆਪਣੇ ਕਾਨੂੰਨਾਂ ’ਚ ਫਾਂਸੀ ਦੀ ਸਜ਼ਾ ਬਾਰੇ ਮੁੜ ਵਿਚਾਰ ਕਰਨੀ ਚਾਹੀਦੀ ਹੈ। ਆਖ਼ਿਰਕਾਰ ਜਦੋਂ ਅਸੀਂ ਕਿਸੇ ਸ਼ਖ਼ਸ ਨੂੰ ਸਜ਼ਾ-ਏ-ਮੌਤ ਦਿੰਦੇ ਹਾਂ ਤਾਂ ਉਹ ਭਾਰਤੀ ਨਾਗਰਿਕ ਹੀ ਹੁੰਦਾ ਹੈ। ਇਸ ਗੱਲ ਨਾਲ ਬਹੁਤਾ ਫ਼ਰਕ ਨਹੀਂ ਪੈਂਦਾ ਕਿ ਉਸ ਨੂੰ ਸਾਡੇ ਦੇਸ਼ ਅੰਦਰ ਸਜ਼ਾ-ਏ-ਮੌਤ ਦਿੱਤੀ ਜਾਂਦੀ ਹੈ ਜਾਂ ਫਿਰ ਕਿਸੇ ਬਾਹਰਲੇ ਦੇਸ਼ ਵਿੱਚ। ਇਹ ਗੱਲ ਸੱਚ ਹੈ ਕਿ ਸਾਡੇ ਦੇਸ਼ ਦੀਆਂ ਅਦਾਲਤਾਂ ਫ਼ਾਂਸੀ ਦੀ ਸਜ਼ਾ ਦੇਣ ਸਮੇਂ ਬਹੁਤ ਸੋਚ ਵਿਚਾਰ ਕਰ ਕੇ ਅਤੇ ਬਹੁਤ ਸਾਵਧਾਨੀ ਨਾਲ ਵਿਚਾਰ ਕਰਦੀਆਂ ਹਨ ਜਿਸ ਕਰ ਕੇ ਬਹੁਤ ਹੀ ਵਿਰਲੇ ਟਾਵੇਂ ਕੇਸਾਂ ਵਿੱਚ ਹੀ ਅਜਿਹੀ ਸਜ਼ਾ ਦਿੱਤੀ ਜਾਂਦੀ ਹੈ ਪਰ ਕੀ ਇਹ ਸਹੀ ਨਹੀਂ ਹੋਵੇਗਾ ਕਿ ਇਸਤਗਾਸਾ ਉੱਕਾ ਹੀ ਸਜ਼ਾ-ਏ-ਮੌਤ ਦੀ ਮੰਗ ਕਰਨ ਤੋਂ ਗੁਰੇਜ਼ ਕਰੇ ? ਕਿਸੇ ਸ਼ਖ਼ਸ ਨੂੰ ਫਾਂਸੀ ’ਤੇ ਚੜ੍ਹਾ ਦੇਣ ਨਾਲ ਕੀ ਸੰਵਰਦਾ ਹੈ ? ਜਦੋਂ ਵੀ ਕਦੇ ਸਜ਼ਾ-ਏ-ਮੌਤ ਦੇ ਸਵਾਲ ’ਤੇ ਵਿਚਾਰ ਚਰਚਾ ਹੁੰਦੀ ਹੈ ਤਾਂ ਆਮ ਜਵਾਬ ਇਹੀ ਹੁੰਦਾ ਹੈ ਕਿ ਇਹ (ਫਾਂਸੀ ਦੀ ਸਜ਼ਾ) ਘਿਨਾਉਣੇ ਅਪਰਾਧਾਂ ਖ਼ਿਲਾਫ਼ ਡਰਾਵੇ ਦਾ ਕੰਮ ਦਿੰਦੀ ਹੈ। ਅਫ਼ਸੋਸ ਦੀ ਗੱਲ ਇਹ ਹੈ ਕਿ ਇਸ ਦਲੀਲ ਨੂੰ ਸਹੀ ਠਹਿਰਾਉਣ ਦਾ ਕੋਈ ਸਬੂਤ ਨਹੀਂ ਮਿਲਦਾ। ਅਮਰੀਕਾ ਵਿੱਚ ਸਜ਼ਾ-ਏ-ਮੌਤ ਦੀ ਕਤਾਰ ਵਿੱਚ ਲੱਗੇ ਲੋਕਾਂ ਦੀ ਗਿਣਤੀ ਸਭ ਤੋਂ ਵੱਧ ਹੈ; ਉੱਥੇ ਕਾਫ਼ੀ ਗਿਣਤੀ ਵਿੱਚ ਲੋਕਾਂ ਨੂੰ ਇਹ ਸਜ਼ਾ ਦਿੱਤੀ ਵੀ ਜਾਂਦੀ ਹੈ। ਕੀ ਇਸ ਨਾਲ ਲੋਕਾਂ ਦੇ ਮਨ ਵਿੱਚ ਹੱਤਿਆ ਜਾਂ ਸਕੂਲਾਂ ਵਿੱਚ ਸਮੂਹਿਕ ਗੋਲੀ ਕਾਂਡ ਜਾਂ ਫਿਰ ਹੁਣੇ ਜਿਹੇ ਨਿਊ ਓਰਲੀਅਨਜ਼ ਵਿੱਚ ਹੋਈ ਘਟਨਾ ਜਿਹੇ ਅਪਰਾਧਾਂ ਤੋਂ ਡਰ ਬਿਠਾਇਆ ਜਾ ਸਕਿਆ ਹੈ ? ਦੂਜੇ ਪਾਸੇ, ਇਹ ਵੀ ਨਜ਼ਰ ਆਉਂਦਾ ਹੈ ਕਿ ਜਿਨ੍ਹਾਂ ਦੇਸ਼ਾਂ ਨੇ ਫਾਂਸੀ ਦੀ ਸਜ਼ਾ ਖ਼ਤਮ ਕਰ ਦਿੱਤੀ ਸੀ, ਉੱਥੇ ਘਿਨਾਉਣੇ ਅਪਰਾਧਾਂ ਦੀ ਗਿਣਤੀ ਵਿੱਚ ਕੋਈ ਵਾਧਾ ਨਹੀਂ ਹੋਇਆ। ਫਰਾਂਸ ਨੇ 1981 ਵਿੱਚ ਹੀ ਸਜ਼ਾ-ਏ-ਮੌਤ ਖ਼ਤਮ ਕਰ ਦਿੱਤੀ ਸੀ; ਕਰੀਬ ਚਾਰ ਦਹਾਕਿਆਂ ਤੋਂ ਵੱਧ ਅਰਸੇ ਦੌਰਾਨ ਉੱਥੇ ਅਜਿਹਾ ਕੋਈ ਸਬੂਤ ਨਹੀਂ ਮਿਲਿਆ ਜਿਸ ਤੋਂ ਇਹ ਪਤਾ ਲੱਗਦਾ ਹੋਵੇ ਕਿ ਘਿਨਾਉਣੇ ਅਪਰਾਧਾਂ ਦੀ ਦਰ ਵਿੱਚ ਇਜ਼ਾਫਾ ਹੋਇਆ ਹੈ। ਜ਼ਿੰਬਾਬਵੇ ਜੋ ਪਿਛਲੇ ਸਾਲ ਦਸੰਬਰ ਵਿੱਚ ਸਜ਼ਾ-ਏ-ਮੌਤ ਉੱਪਰ ਰੋਕ ਲਾਉਣ ਵਾਲੇ ਸੰਯੁਕਤ ਰਾਸ਼ਟਰ ਦੇ ਮਤੇ ਦੀ ਵੋਟਿੰਗ ਸਮੇਂ ਗ਼ੈਰ-ਹਾਜ਼ਰ ਹੋ ਗਿਆ ਸੀ, ਨੇ ਹੁਣ ਸਜ਼ਾ-ਏ-ਮੌਤ ਖ਼ਤਮ ਕਰ ਦਿੱਤੀ ਹੈ। ਦੇਖਦੇ ਹਾਂ ਕਿ ਇਸ ਫ਼ੈਸਲੇ ਨਾਲ ਉੱਥੇ ਕਿਹੋ ਜਿਹਾ ਅਸਰ ਸਾਹਮਣੇ ਆਉਂਦਾ ਹੈ। ਹਰੇਕ ਸਾਲ ਸਾਡੇ ਦੇਸ਼ ਵਿੱਚ ਲੱਖਾਂ ਹੱਤਿਆ ਤੇ ਜਬਰ-ਜਨਾਹ ਦੇ ਕੇਸ ਦਰਜ ਹੁੰਦੇ ਹਨ। ਅਤਿਵਾਦੀ ਹਮਲਿਆਂ ਦੀਆਂ ਘਟਨਾਵਾਂ ਵੀ ਵਾਪਰਦੀਆਂ ਹਨ। ਮੈਨੂੰ ਲੱਗਦਾ ਹੈ ਕਿ ਘਿਨਾਉਣੇ ਅਪਰਾਧਾਂ ਵਾਲੇ ਇਨ੍ਹਾਂ ਸਾਰੇ ਮਾਮਲਿਆਂ ’ਚ, ਜੇਕਰ ਜਾਂਚ ਤੇਜ਼ੀ ਨਾਲ ਮੁਕੰਮਲ ਕੀਤੀ ਜਾਂਦੀ ਹੈ ਤੇ ਸੁਣਵਾਈ ਸਾਲ ਦੇ ਅੰਦਰ ਪੂਰੀ ਹੁੰਦੀ ਹੈ ਤਾਂ ਕਾਫੀ ਹੱਦ ਤੱਕ ਨਿਆਂ ਦਿੱਤਾ ਜਾ ਸਕੇਗਾ। ਇਸ ਲਈ ਪੁਲੀਸ ਨੂੰ ਅਪਰਾਧਾਂ ਦੀ ਜਾਂਚ ਲਈ ਉੱਚ ਪੱਧਰੀ ਸਿਖਲਾਈ ਨਾਲ ਤਿਆਰ ਕਰਨਾ ਪਏਗਾ; ਸਾਡੀਆਂ ਜਾਂਚ ਏਜੰਸੀਆਂ ਤੇ ਜਾਂਚ ਕਰਤਾਵਾਂ ਨੂੰ ਵੀ ਪੂਰੀ ਤਰ੍ਹਾਂ ਠੋਸ ਤੇ ਵਿਗਿਆਨਕ ਸਬੂਤਾਂ ਨਾਲ ਲੈਸ ਹੋਣਾ ਚਾਹੀਦਾ ਹੈ। ਇੱਕ ਅਖ਼ਬਾਰ ਵਿੱਚ ਹਾਲ ਹੀ ’ਚ ਛਪੀ ਖ਼ਬਰ ਮੁਤਾਬਿਕ, 49 ਵਿੱਚੋਂ 48 ਗਵਾਹ ਪਲਟ ਗਏ। ਇਸ ਤੋਂ ਸਾਨੂੰ ਸਾਡੇ ਅਪਰਾਧਿਕ ਨਿਆਂਤੰਤਰ ਬਾਰੇ ਕੀ ਪਤਾ ਲੱਗਦਾ ਹੈ ? ਇਹੀ ਕਿ ਵਿਆਪਕ ਪੱਧਰ ’ਤੇ ਤਬਦੀਲੀਆਂ ਦੀ ਲੋੜ ਹੈ ਪਰ ਆਪਣੇ ਢਾਂਚੇ ’ਚ ਸੁਧਾਰ ਦੀ ਬਜਾਇ, ਸਭ ਤੋਂ ਸਖ਼ਤ ਸਜ਼ਾ ਦਿੱਤੇ ਜਾਣ ਦੀ ਮੰਗ ਉੱਠਦੀ ਹੈ- ਸਜ਼ਾ-ਏ-ਮੌਤ। ਇਸ ਨਾਲ ਤੰਤਰ ’ਚ ਕੋਈ ਸੁਧਾਰ ਨਹੀਂ ਆਏਗਾ। ਪੂਰੇ ਦੇਸ਼ ’ਚ ਅਦਾਲਤਾਂ ਨੂੰ ਅਪਰਾਧਿਕ ਕੇਸਾਂ ਵਿੱਚ ਸੁਣਵਾਈ ਤੇ ਅਪੀਲਾਂ ਦਾ ਨਿਬੇੜਾ ਤੇਜ਼ ਕਰਨ ਦੀ ਲੋੜ ਹੈ ਤਾਂ ਕਿ ਜਲਦੀ ਤੋਂ ਜਲਦੀ ਨਤੀਜੇ ਉੱਤੇ ਪਹੁੰਚਿਆ ਜਾ ਸਕੇ। ਘਿਨਾਉਣੇ ਜਾਂ ਹੋਰ ਕਿਸਮ ਦੇ ਅਪਰਾਧ ਕਰਨ ਵਾਲਿਆਂ ਨੂੰ ਇਹ ਸੁਨੇਹਾ ਜਾਵੇਗਾ ਕਿ ਉਨ੍ਹਾਂ ਨੂੰ ਦੇਰੀ ਨਾਲ ਨਹੀਂ ਬਲਕਿ ਜਲਦੀ ਅਡਿ ?ਕੇ ਲੈ ਲਿਆ ਜਾਵੇਗਾ ਅਤੇ ਜੇਲ੍ਹ ਦੀ ਹਵਾ ਖਾਣੀ ਪਵੇਗੀ। ਕਈ ਅਦਾਲਤਾਂ ਨੇ ਇਹ ਨਜ਼ਰੀਆ ਰੱਖਣਾ ਆਰੰਭ ਦਿੱਤਾ ਹੈ ਕਿ ਕਿਸੇ ਨੂੰ ਫਾਂਸੀ ’ਤੇ ਲਟਕਾਉਣਾ ਸ਼ਾਇਦ ਲਾਜ਼ਮੀ ਤੌਰ ’ਤੇ ਸਭ ਤੋਂ ਵਧੀਆ ਹੱਲ ਨਹੀਂ ਹੈ। ਹਾਲ ਦੇ ਸਮਿਆਂ ’ਚ ਕਈ ਇਸ ਤਰ੍ਹਾਂ ਦੇ ਕੇਸ ਹਨ ਜਿੱਥੇ ਅਦਾਲਤਾਂ ਨੇ ਦੋਸ਼ੀ ਨੂੰ ਮੌਤ ਦੀ ਸਜ਼ਾ ਸੁਣਾਉਣ ਦੀ ਬਜਾਇ 20-25 ਸਾਲਾਂ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਕਈ ਵਾਰ, ਇਸ ਤਰ੍ਹਾਂ ਦੀ ਲੰਮੀ ਕੈਦ ਦੀ ਸਜ਼ਾ ਮੁਆਫ਼ੀ ਦੀ ਕਿਸੇ ਤਜਵੀਜ਼ ਤੋਂ ਬਿਨਾਂ ਸੁਣਾਈ ਜਾਂਦੀ ਹੈ। ਕੁਝ ਕੇਸ ਇਸ ਤਰ੍ਹਾਂ ਦੇ ਵੀ ਹੋਏ ਹਨ ਜਿਨ੍ਹਾਂ ’ਚ ਦੋਸ਼ੀ ਨੂੰ ਤਾ-ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਕੀ ਇਹ ਮੌਤ ਦੀ ਸਜ਼ਾ ਜਿੰਨਾ ਹੀ ਮਾੜਾ ਚੰਗਾ ਹੈ ? ਜਾਪਦਾ ਹੈ, ਬਹੁਤੇ ਦੇਸ਼ ਇਹੀ ਸੋਚਦੇ ਹਨ। ਇਹ ਨਾ ਭੁੱਲੀਏ ਕਿ ਅਬੂ ਸਲੇਮ ਨੂੰ ਪੁਰਤਗਾਲ ਨੇ ਇਸ ਸ਼ਰਤ ਉੱਤੇ ਭਾਰਤ ਦੇ ਹਵਾਲੇ ਕੀਤਾ ਸੀ ਕਿ ਉਸ ਨੂੰ ਮੌਤ ਦੀ ਸਜ਼ਾ ਨਹੀਂ ਦਿੱਤੀ ਜਾਵੇਗੀ। ਇਸ ’ਚ ਕੋਈ ਸ਼ੱਕ ਨਹੀਂ ਕਿ ਮੌਤ ਦੀ ਸਜ਼ਾ ਖ਼ਤਮ ਕਰਨਾ ਬਹੁਤ ਵਿਵਾਦ ਵਾਲਾ ਤੇ ਪੇਚੀਦਾ ਵਿਸ਼ਾ ਹੈ, ਖ਼ਾਸ ਤੌਰ ’ਤੇ ਜਬਰ-ਜਨਾਹ, ਹੱਤਿਆ, ਬੱਚਿਆਂ ਦੇ ਜਿਨਸੀ ਸ਼ੋਸ਼ਣ ਤੇ ਅਤਿਵਾਦੀ ਹਮਲਿਆਂ ਦੇ ਕੇਸਾਂ ਵਿੱਚ। ਫਿਰ ਵੀ ਲੋੜ ਹੈ, ਅਸੀਂ ਇਸ ਵਿਸ਼ੇ ਨੂੰ ਬਾਰੀਕੀ ਨਾਲ ਵਿਚਾਰੀਏ ਅਤੇ ਕਿਸੇ ਕਿਸਮ ਦੀ ਸਹਿਮਤੀ ਜਾਂ ਨੀਤੀ ਬਣਾਈਏ; ਨਹੀਂ ਤਾਂ ਮੌਤ ਦੀ ਸਜ਼ਾ ਸ਼ਾਇਦ ਇਤਫ਼ਾਕ ਜਾਂ ਸੰਜੋਗ ਦੀ ਖੇਡ ਬਣ ਕੇ ਰਹਿ ਜਾਵੇਗੀ। ਇਸ ਦੌਰਾਨ ਆਓ ਯਮਨ ’ਚ ਸਜ਼ਾ ਦਾ ਸਾਹਮਣਾ ਕਰ ਰਹੀ ਭਾਰਤੀ ਨਰਸ ਲਈ ਪ੍ਰਾਰਥਨਾ ਕਰੀਏ।

## ਚੰਡੀਗੜ੍ਹ ਦਾਖਲ ਹੋਣ ਵਾਲੇ ਵਾਹਨਾਂ ਦੀ ਚੈਕਿੰਗ




**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਇਨਸਾਫ਼ ਮੋਰਚਾ ਵੱਲੋਂ ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਵੱਲ ਮਾਰਚ ਦੇ ਐਲਾਨ ਨੂੰ ਲੈ ਕੇ ਜ਼ੀਰਕਪੁਰ-ਚੰਡੀਗੜ੍ਹ ਬੈਰੀਅਰ ’ਤੇ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਅਤੇ ਪੰਜਾਬ ਪੁਲਿਸ ਤਾਇਨਾਤ ਕੀਤੀ ਗਈ ਸੀ। ਜਥੇਬੰਦੀ ਨੇ ਲੋਕਾਂ ਨੂੰ ਚੰਡੀਗੜ੍ਹ ਵਿੱਚ ਮਾਰਚ ਲਈ ਇਕੱਠੇ ਹੋਣ ਦਾ ਸੱਦਾ ਦਿੱਤਾ ਸੀ, ਪਰ ਪੁਲੀਸ ਨੇ ਚੰਡੀਗੜ੍ਹ ਵਿੱਚ ਕੋਈ ਵੀ ਸ਼ੱਕੀ ਵਿਅਕਤੀ ਦਾਖ਼ਲ ਨਾ ਹੋਣ ਨੂੰ ਯਕੀਨੀ ਬਣਾਉਣ ਲਈ ਸਖ਼ਤ ਕਦਮ ਚੁੱਕੇ ਸ਼ਨ। ਕਰੀਬ ਦੋ ਸਾਲਾਂ ਤੋਂ ਜਾਰੀ ਕੌਮੀ ਇਨਸਾਫ ਮੋਰਚੇ ਵੱਲੋਂ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਦੀ ਮੰਗ ਲਈ ਚੰਡੀਗੜ੍ਹ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਸੀ। ਜਥੇਬੰਦੀ ਨੇ ਦਾਅਵਾ ਹੈ ਕਿ ਸਰਕਾਰਾਂ ਵੱਲੋਂ ਸਜ਼ਾ ਪੂਰੀ ਕਰ ਚੁੱਕੇ ਬਹੁਤ ਸਾਰੇ ਸਿੱਖਾਂ ਨੂੰ ਬੇਇਨਸਾਫ਼ੀ ਨਾਲ ਜੇਲ੍ਹਾਂ ਵਿੱਚ ਡੱਕਿਆ ਗਿਆ ਹੈ। ਉਨ੍ਹਾਂ ਸੂਬੇ ਭਰ ਦੇ ਲੋਕਾਂ ਨੂੰ ਉਨ੍ਹਾਂ ਦੇ ਸ਼ਾਂਤਮਈ ਧਰਨੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਸੀ। ਹਾਲਾਂਕਿ ਪੰਜਾਬ ਅਤੇ ਚੰਡੀਗੜ੍ਹ ਪੁਲਿਸ ਨੇ ਕਨੂੰਨ ਵਿਵਸਥਾ ਬਰਕਰਾਰ ਰੱਖਣ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਣ ਲਈ ਸਖ਼ਤ ਕਦਮ ਚੁੱਕੇ ਹਨ।

ਜ਼ੀਰਕਪੁਰ-ਚੰਡੀਗੜ੍ਹ ਬੈਰੀਅਰ ’ਤੇ ਭਾਰੀ ਪੁਲਸ ਫੋਰਸ ਤਾਇਨਾਤ ਕੀਤੀ ਗਈ ਸੀ ਅਤੇ ਚੰਡੀਗੜ੍ਹ ’ਚ ਦਾਖਲ ਹੋਣ ਵਾਲੇ ਹਰ ਵਾਹਨ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ ਸੀ। ਪੁਲਿਸ ਨੇ ਸ਼ਹਿਰ ਵਿੱਚ ਦਾਖਲ ਹੋਣ ਵਾਲੇ ਵਿਅਕਤੀਆਂ ਦੀ ਰੋਕ ਕੇ ਜਾਂਚ ਵੀ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਸ਼ੱਕੀ ਵਿਅਕਤੀ ਚੰਡੀਗੜ੍ਹ ਵਿੱਚ ਦਾਖਲ ਹੋ ਕੇ ਸ਼ਾਂਤੀ ਭੰਗ ਨਾ ਕਰ ਸਕੇ।

## ਬੈਨੀਪਾਲ ਗਰੁੱਪ ਤੇ ਸ਼ੇਰੇ ਪੰਜਾਬ ਯੂਨੀਅਨ ਵੱਲੋ ਕਿਸਾਨੀ ਧਰਨੇ ਵਿੱਚ ਸ਼ਮੂਲੀਅਤ ਕਰਦਿਆਂ ਅਠਾਰਵੇਂ ਦਿਨ ਭੱਖ ਹੜਤਾਲ ’ਤੇ ਬੇਠੈ




**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਬੈਨੀਪਾਲ ਗਰੁੱਪ ਤੇ ਸ਼ੇਰੇ ਪੰਜਾਬ ਯੂਨੀਅਨ ਵੱਲੋ ਕਿਸਾਨੀ ਧਰਨੇ ਵਿੱਚ ਸ਼ਮੂਲੀਅਤ ਕਰਦਿਆਂ ਖਨੌਰੀ ਬਾਰਡਰ ਤੇ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਸ ਜਗਜੀਤ ਸਿੰਘ ਡੱਲੇਵਾਲ ਨੂੰ ਸਮਰਥਨ ਵਿੱਚ ਬੜੋਦੀ ਟੌਲ ਪਲਾਜਾ ਤੇ ਲੜੀਵਾਰ ਭੱਖ ਹੜਤਾਲ ਸ਼ੁਰੂ ਕੀਤੀ ਗਈ ਅੱਜ ਅਠਾਰਵੇਂ ਦਿਨ ਭੱਖ ਹੜਤਾਲ ਤੇ ਬੇਠੈ ਸ ਗੁਰਪ੍ਰੀਤ ਸਿੰਘ ਲਖਵੀਰ ਸਿੰਘ ਜੰਟੀ ਜਗਦੀਸ ਸਿੰਘ ਦੀਸਾ ਬਲਵੀਰ ਸਿੰਘ ਸਾਰੇ ਪਿੰਡ ਕਾਦੀ ਮਾਜਰਾ ਮਾਸਟਰ ਹਰਨੇਕ ਸਿੰਘ ਮਾਵੀ ਸਾਰੇ ਹੀ ਵੀਰਾਂ ਦਾ ਬੈਨੀਪਾਲ ਗਰੁੱਪ ਵੱਲੋ ਬਹੁਤ ਬਹੁਤ ਧੰਨਵਾਦ ਜੋ ਸ ਜਗਜੀਤ ਸਿੰਘ ਡੱਲੇਵਾਲ ਜੀ ਦੇ ਮਰਨ ਵਰਤ ਤੇ ਬਾਡਰਾ ਤੇ ਚੱਲ ਰਹੇ ਧਰਨੇ ਵਿੱਚ ਆਪਣਾ ਬਣਦਾ ਸਹਿਯੋਗ ਪਾ ਰਹੇ ਕਿਸਾਨ ਮਜ਼ਦੂਰ ਏਕਤਾ ਜ਼ਿੰਦਾਬਾਦ ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਖੀਰ ਅਤੇ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰ ਸਾਲ ਦੀ ਤਰ੍ਹਾਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਯੂਥ ਅਕਾਲੀ ਆਗੂ ਹਰਜਿੰਦਰ ਸਿੰਘ ਮੁੰਧੋਂ ਦੀ ਅਗਵਾਈ ਵਿੱਚ ਸੰਗਤਾਂ ਦੇ ਸਹਿਯੋਗ ਨਾਲ ਖੀਰ ਅਤੇ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਵੀ ਮੁੰਧੋਂ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਇਹ ਲੰਗਰ ਹਰ ਸਾਲ ਸੰਗਤਾਂ ਦੇ ਭਰਵੇਂ ਸਹਿਯੋਗ ਨਾਲ ਚਲ ਰਿਹਾ ਹੈ।

ਇਸ ਮੌਕੇ ਉਚੇਚੇ ਤੌਰ ਤੇ ਪੁੱਜੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਾਣਾ ਰਣਜੀਤ ਸਿੰਘ ਗਿੱਲ ਨੇ ਹਰਜਿੰਦਰ ਸਿੰਘ ਮੁੰਧੋਂ ਤੇ ਹੋਰਨਾਂ ਨੌਜਵਾਨਾਂ ਦੀ ਸ਼ਲਾਘਾ ਕਰਦਿਆਂ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਯੂਥ ਆਗੂ ਰਣਧੀਰ ਸਿੰਘ ਵੀਰਾ, ਜਥੇਦਾਰ ਮਨਜੀਤ ਸਿੰਘ ਮੁੰਧੋਂ, ਜਥੇਦਾਰ ਚਰਨਜੀਤ ਸਿੰਘ ਚੰਨਾ ਕਾਲੇਵਾਲ ਮੈਂਬਰ ਐਸਜੀਪੀਸੀ, ਅਮਨ ਮਾਵੀ, ਮਨਮੋਹਨ ਸਿੰਘ ਮਾਵੀ ਸਾਬਕਾ ਸਰਪੰਚ, ਬਲਜੀਤ ਸਿੰਘ, ਮਾਨਖੇੜੀ, ਸੰਜੂ ਪੰਡਤ ਕਾਲੇਵਾਲ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

## ਕੰਮ ਨਾ ਮਿਲਣ ਕਰਕੇ ਬੀਡੀਪੀਓ ਦਫਤਰ ਮੂਹਰੇ ਲਗਾਇਆ ਧਰਨਾ



**ਮਲੋਟ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਨਾਮ ਸਿੰਘ/ਨਰਿੰਦਰ ਵਧਵਾ/ਮਲੋਟ ਦੇ ਪਿੰਡ ਸ਼ੇਰਗੜ ਦੇ ਨਰੇਗਾ ਮਜਦੂਰਾਂ ਵੱਲੋਂ, ਕੰਮ ਨਾ ਮਿਲਣ ਅਤੇ ਆਪਣੇ ਬਕਾਏ ਲੈਣ ਲਈ ਬੀਡੀਪੀਓ ਦਫਤਰ ਮਲੋਟ ਵਿਖੇ ਇੱਕ ਧਰਨਾ ਯੂਨੀਅਨ ਦੇ ਕਨਵੀਨਰ ਗੁਰਜੰਟ ਸਿੰਘ ਸਾਂਓਂਕੇ ਦੀ ਅਗਵਾਈ ਹੇਠ ਲਗਾਇਆ ਗਿਆ। ਜਿਸ ਦੌਰਾਨ ਸੰਬੋਧਨ ਕਰਦਿਆਂ ਗੁਰਜੰਟ ਸਿੰਘ ਨੇ ਕਿਹਾ ਕਿ ਬਦਲਾਅ ਅਤੇ ਚੰਗਾ ਪ੍ਰਸ਼ਾਸ਼ਕੀ ਢਾਂਚਾ ਦੇਣ ਦਾ ਵਾਅਦਾ ਕਰਕੇ ਸੱਤਾ ’ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਮਜਦੂਰਾਂ ਦਾ ਹੱਕ ਵੀ ਖੋਹਣ ਲੱਗ ਪਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਪੱਖੀਂ ਪੰਚਾਇਤ ਦੇ ਖਾਸਮਖਾਸ ਮਜਦੂਰਾਂ ਨੂੰ ਤਾਂ ਲਗਾਤਾਰ ਕੰਮ ਦਿੱਤਾ ਜਾ ਰਿਹਾ ਹੈ ਪਰ ਜਿਹੜੇ ਉਹਨਾਂ ਦੀ ਜੀ-ਹਜੂਰੀ ਨਹੀਂ ਕਰਦੇ, ਉਨ੍ਹਾਂ ਨੂੰ ਕੰਮ ਤੋਂ ਵਾਝੇ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ 4 ਦਸੰਬਰ ਨੂੰ ਬੀਡੀਪੀਓ ਤੋਂ ਦਰਖਾਸਤਾਂ ਮਨਜੂਰ ਕਰਵਾ ਕੇ ਏਪੀਓ ਨੂੰ ਦਿੱਤੀਆਂ ਹੋਈਆਂ ਹਨ, ਜੋ ਅੱਜ ਤੱਕ ਕੰਮ ਚਾਲੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਲਕੇ ਮਲੋਟ ਦੀ ਵਿਧਾਇਕਾ ਵੱਲੋਂ ਹੀ ਏਪੀਓ ਨੂੰ ਮਸਟਰੋਲ ਜਾਰੀ ਨਾ ਕਰਨ ਲਈ ਜੋਰ ਪਾਇਆ ਗਿਆ ਹੈ, ਜਿਸ ਕਰਕੇ ਮਸਟਰੋਲ ਆਊਟ ਨਹੀਂ ਹੋ ਰਹੇ। ਉਨ੍ਹਾਂ ਕਿਹਾ ਕਿ ਜੇਕਰ ਸੂਬੇ ਦਾ ਮੁੱਖ ਮੰਤਰੀ ਮਜਦੂਰਾਂ ਨੂੰ ਨੌ ਵਾਰ ਮੀਟਿੰਗ ਦਾ ਸੱਦਾ ਦੇ ਕੇ ਮੁੱਕਰ ਸਕਦਾ ਹੈ ਤਾਂ ਇਥੋਂ ਦੇ ਲੀਡਰ ਤਾਂ ਉਨ੍ਹਾਂ ਦੇ ਪੈਰ ’ਚ ਪੈਰ ਧਰਨਗੇ ਹੀ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਦੀ ਸੁਣਵਾਈ ਨਹੀਂ ਹੁੰਦੀ ਤਾਂ ਉਹ 13 ਜਨਵਰੀ ਨੂੰ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਦੇ ਬਾਹਰ ਵੱਡਾ ਰੋਸ ਮੁਜਾਹਰਾ ਕਰਣਗੇ। ਇਸ ਮੌਕੇ ਮਜਦੂਰ ਆਗੂ ਤਰਸੇਮ ਸਿੰਘ ਖੁੰਡੇਹਲਾਲ ਨੇ ਵੀ ਸੰਬੋਧਨ ਕੀਤਾ। ਇਸ ਸਬੰਧੀ ਪੱਤਰਕਾਰ ਵੱਲੋਂ ਏਪੀਓ ਅਜੇ ਸ਼ਰਮਾ ਜੀ ਨਾਲ ਫੋਨ ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਵਿਸ਼ਵਾਸ ਦਵਾਇਆ ਕਿ ਸ਼ੁਕਰਵਾਰ ਤੱਕ ਇਨ੍ਹਾਂ ਨਰੇਗਾ ਮਜ਼ਦੂਰਾਂ ਨੂੰ ਕੰਮ ਦਿੱਤਾ ਜਾਵੇਗਾ ਇਸ ਮੌਕੇ ਤੇ ਲਛਮਣ ਸਿੰਘ, ਹਰਪਾਲ ਸਿੰਘ,ਜੰਗ ਸਿੰਘ,ਸੰਤਾ ਸਿੰਘ, ਮਲਕੀਤ ਰਾਮ, ਹਰਨੇਕ ਸਿੰਘ, ਮਨਦੀਪ ਸਿੰਘ,ਕਾਕਾ ਸਿੰਘ,ਸੁਰਜਾ ਰਾਮ,ਪੱਪਾ ਸਿੰਘ,ਹਰੀ ਚੰਦ ਸਾਬਕਾ ਸਰਪੰਚ, ਮਨਪ੍ਰੀਤ ਕੌਰ,ਰਾਧਾ ਰਾਣੀ, ਜਸਪ੍ਰੀਤ ਕੌਰ ਮਹਿਲਾ ਆਦਿ ਹਾਜ਼ਰ ਸਨ।

## ਜਨਤਾ ਕੱਪੜੇ ਜਾਂ ਜੂਟ ਦੇ ਥੈਲੇ ਦੀ ਵਰਤੋਂ ਕਰਨ ਤਾਂ ਕਿ ਅਸੀਂ ਬਿਮਾਰੀਆਂ ਰਹਿਤ ਹੋਈਏ : ਗੋਇਲ



**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਪਟਿਆਲਾ ਹਮੇਸ਼ਾ ਹੀ ਲੋਕ ਭਲਾਈ ਦੇ ਕੰਮ ਕਰ ਰਹੀ ਹੈ। ਹਰ ਤਰ੍ਹਾਂ ਦੇ ਮੈਡੀਕਲ ਕੈਂਪ ਲਗਾਏ ਜਾਂਦੇ ਹਨ। ਲੋਕਾਂ ਨੂੰ ਸਿੰਗਲ ਵਰਤੋਂ ਵਾਲੇ ਲਿਫਾਫੇ ਨਾ ਵਰਤਣ ਸਗੋਂ ਕੱਪੜੇ ਜਾਂ ਜੂਟ ਦੇ ਥੈਲੇ ਦੀ ਵਰਤੋਂ ਕਰਨ ਤਾਂ ਕਿ ਅਸੀਂ ਬਿਮਾਰੀਆਂ ਰਹਿਤ ਹੋਈਏ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੀ ਇਸ ਲਈ ਲੋਕਾਂ ਨੂੰ ਜਾਗਰੂਕ ਕਰ ਰਿਹਾ ਹੈ। ਚਾਇਨਾ ਡੋਰ ਨੂੰ ਵੀ ਵਰਤਣ ਤੋਂ ਗੁਰੇਜ਼ ਕਰੋ। ਇਸ ਵਿੱਚ ਬੱਚਿਆਂ ਨੂੰ ਖਤਰਾ ਹੈ ਅਤੇ ਵੱਡੇ ਨੂੰ ਕਈ ਵਾਰ ਇਹ ਡੋਰ ਜਾਨਲੇਵਾ ਵੀ ਸਾਬਤ ਹੋਈ ਹੈ। ਸੋਸਾਇਟੀ ਦੇ ਕੰਮ ਨੂੰ ਦੇਖਦੇ ਹੋਏ ਸੰਦੀਪ ਜਿੰਦਲ, ਪ੍ਰੋ. ਜਗਦੀਸ਼ ਕੁਮਾਰ , ਇੰਜੀਨੀਅਰ ਸ੍ਰੀ ਲਵਨੀਤ ਦੂਬੇ ਸੋਸਾਇਟੀ ਦੇ ਪਰਿਵਾਰ ਵਿੱਚ ਸ਼ਾਮਲ ਹੋਏ।

ਚੀਫ ਇੰਜੀਨੀਅਰ ਸ੍ਰੀ ਆਰ.ਕੇ ਰੱਤੜਾ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਵਾਤਾਵਰਣ ਇੰਜੀਨੀਅਰ ਰੋਹਿਤ ਸਿੰਗਲਾ ਵਾਤਾਵਰਣ ਇੰਜੀਨੀਅਰ ਸ੍ਰੀ ਨਵਤੇਜ ਸਿੰਗਲਾ ਅਤੇ ਸੋਸਲ ਵੈਲਫੇਅਰ ਸੋਸਾਇਟੀ ਪਟਿਆਲਾ ਦੇ ਪ੍ਰਧਾਨ ਵਿਜੈ ਗੋਇਲ ਸ਼ਾਮਲ ਸਨ।

## ਪੀ.ਏ.ਪੀ. ਜਲੰਧਰ ਵਿਖੇ ਸਖ਼ਤ ਸਿਖਲਾਈ ਉਪਰੰਤ ਚੰਡੀਗੜ੍ਹ ਪੁਲਿਸ ਦੇ 86 ਰਿਕਰੂਟ ਹੋਏ ਪਾਸ ਆਊਟ

**ਜਲੰਧਰ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**




ਚੰਡੀਗੜ੍ਹ ਪੁਲਿਸ ਦੇ ਰਿਕਰੂਟ ਬੈਚ ਨੰਬਰ 181 ਦੇ 48 ਪੁਰਸ਼ ਅਤੇ 38 ਮਹਿਲਾ ਸਮੇਤ 86 ਰਿਕਰੂਟ ਸਿਪਾਹੀ ਅੱਜ ਆਪਣੀ ਮੁੱਢਲੀ ਸਿਖ਼ਲਾਈ ਸਫ਼ਲਤਾਪੂਰਵਕ ਮੁਕੰਮਲ ਕਰਨ ਉਪਰੰਤ ਪਾਸ ਆਊਟ ਹੋ ਗਏ। ਇਸ ਮੌਕੇ ਪਾਸਿੰਗ ਆਊਟ ਪਰੇਡ ਬਹੁਤ ਹੀ ਉਤਸ਼ਾਹ ਨਾਲ ਕਰਵਾਈ ਗਈ, ਜਿਸ ਵਿਚ ਨਵੇਂ ਅਫ਼ਸਰਾਂ ਦੇ ਅਨੁਸ਼ਾਸਨ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ ਗਿਆ।

ਮੁੱਖ ਮਹਿਮਾਨ ਕਮਾਂਡੈਂਟ (ਟ੍ਰੇਨਿੰਗ) ਮਨਦੀਪ ਸਿੰਘ ਗਿੱਲ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਸਲਾਮੀ ਲਈ। ਉਨ੍ਹਾਂ ਨੇ ਟ੍ਰੇਨਿੰਗ ਪਾਸ ਕਰਨ ਵਾਲੇ ਸਿਖਿਆਰਥੀਆਂ ਨੂੰ ਉਨ੍ਹਾਂ ਦੀ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਬਿਨਾਂ ਕਿਸੇ ਪੱਖਪਾਤ ਅਤੇ ਅਨੁਸ਼ਾਸਨ ਨਾਲ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

ਕਮਾਂਡੈਂਟ ਨੇ ਉਨ੍ਹਾਂ ਨੂੰ ਪੁਲਿਸ ਫੋਰਸ ਅਤੇ ਸਮਾਜ ਲਈ ਸਕਾਰਾਤਮਕ ਯੋਗਦਾਨ ਦਿੰਦਿਆਂ ਕਾਨੂੰਨ ਨੂੰ ਬਰਕਰਾਰ ਰੱਖਣ ਦੀ ਅਪੀਲ ਕੀਤੀ।

ਸਿਖਲਾਈ ਦੌਰਾਨ, ਸਿਖਿਆਰਥੀਆਂ ਨੂੰ ਆਊਟਡੋਰ ਅਤੇ ਇਨਡੋਰ ਵਿਸ਼ਿਆਂ ਵਿੱਚ ਵਿਆਪਕ ਸਿਖ਼ਲਾਈ ਪ੍ਰਦਾਨ ਕੀਤੀ ਗਈ ਅਤੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲਿਆਂ ਦਾ ਸਨਮਾਨ ਵੀ ਕੀਤਾ ਗਿਆ। ਮਹਿਲਾ ਰਿਕਰੂਟ ਸਿਪਾਹੀ ਸੋਨੀਆ (ਆਲ ਰਾਊਂਡ ਫਸਟ ਅਤੇ ਸੈਕਿੰਡ ਪਰੇਡ ਕਮਾਂਡਰ) ਮਹਿਲਾ ਰਿਕਰੂਟ ਸਿਪਾਹੀ ਜਯੋਤੀ (ਆਊਟਡੋਰ ਟ੍ਰੇਨਿੰਗ ਵਿੱਚ ਅੱਵਲ) ਮਹਿਲਾ ਰਿਕਰੂਟ ਸਿਪਾਹੀ ਪ੍ਰੀਤੀ (ਇਨਡੋਰ ਟ੍ਰੇਨਿੰਗ ਵਿੱਚ ਅੱਵਲ), ਰਿਕਰੂਟ ਸਿਪਾਹੀ ਸੁਖਦੀਪ ਸਿੰਘ (ਸ਼ੂਟਿੰਗ ਵਿੱਚ ਸਰਬਓਤਮ) ਅਤੇ ਮਹਿਲਾ ਰਿਕਰੂਟ ਸਿਪਾਹੀ ਸ਼ਿਖਾ (ਪਰੇਡ ਕਮਾਂਡਰ) ਨੂੰ ਵਧੀਆ ਕਾਰਗੁਜ਼ਾਰੀ ਲਈ ਵਿਸ਼ੇਸ਼ ਐਵਾਰਡ ਦਿੱਤੇ ਗਏ। ਇਸ ਦੌਰਾਨ ਬੈਂਡ, ਬਿਨਾਂ ਹਥਿਆਰਾਂ ਤੋਂ ਲੜਾਈ, ਰੱਸਾਕਸ਼ੀ ਅਤੇ ਭੰਗੜੇ ਸਮੇਤ ਹੋਰ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਚਾਰ ਚੰਨ੍ਹ ਲਾ ਦਿੱਤੇ। ਸਮਾਰੋਹ ਵਿੱਚ ਸੀਨੀਅਰ ਪੁਲਿਸ ਅਧਿਕਾਰੀ, ਸੇਵਾਮੁਕਤ ਅਧਿਕਾਰੀ, ਟ੍ਰੇਨਿੰਗ ਸੈਂਟਰ ਸਟਾਫ਼ ਅਤੇ ਪਾਸ ਆਊਟ ਹੋਣ ਵਾਲੇ ਰਿਕਰੂਟਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ।

## ਮੁੱਲਾਂਪੁਰ ਨਿਊ ਚੰਡੀਗੜ੍ਹ ਦੇ ਕਬੱਡੀ ਕੱਪ ਦੇ ਫਾਈਨਲ ਮੈਚ ਵਿੱਚ ਖੁੱਡਾ ਅਲੀਸ਼ੇਰ ਚੰਡੀਗੜ੍ਹ ਦੀ ਟੀਮ ਨੇ ਬੁਲਟ ਮੋਟਰ ਸਾਈਕਲ



**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਲਾਂਪੁਰ ਗਰੀਬਦਾਸ ਨਿਊ ਚੰਡੀਗੜ੍ਹ ਦਾਸ ਐਸੋਸੀਏਟ ਅਤੇ ਖੇਡ ਪ੍ਰਮੋਟਰ ਪਹਿਲਵਾਨ ਰਵੀ ਸ਼ਰਮਾ-ਗੋਲੂ ਪਹਿਲਵਾਨ ਵੱਲੋਂ ਕਰਵਾਏ ਗਏ ਤਿੰਨ ਰੋਜ਼ਾ ਕਬੱਡੀ ਕੱਪ ਦੇ ਮੈਚਾਂ ਵਿੱਚ 50 ਤੋਂ ਵੱਧ ਟੀਮਾਂ ਨੇ ਭਾਗ ਲਿਆ। ਇਹ ਕਬੱਡੀ ਕੱਪ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਨੂੰ ਸਮਰਪਿਤ ਹੈ। ਤਿੰਨ ਦਿਨਾਂ ਤੱਕ ਵੱਖ-ਵੱਖ ਰਾਜਾਂ ਅਤੇ ਪੰਜਾਬ ਦੀਆਂ ਪ੍ਰਸਿੱਧ ਕਬੱਡੀ ਅਕੈਡਮੀਆਂ ਦੇ ਖਿਡਾਰੀਆਂ ਨੇ ਰੋਮਾਂਚਕ ਮੁਕਾਬਲਿਆਂ ਵਿੱਚ ਆਪਣੇ ਜੌਹਰ ਦਿਖਾਏ। ਦਾਸ ਐਸੋਸੀਏਟ ਅਤੇ ਨਗਰ ਖੇੜਾ ਮੁੱਲਾਂਪੁਰ ਗਰੀਬਦਾਸ ਵੱਲੋਂ ਕਰਵਾਏ ਗਏ ਇਸ ਖੇਡ ਮੇਲੇ ਦਾ ਉਦਘਾਟਨ ਸਵਾਮੀ ਸ਼੍ਰੀ ਨਿਤਿਆਨੰਦ ਜੀ ਭੂਰੀ ਵਾਲੇ ਅਤੇ ਦਾਸ ਐਸੋਸੀਏਟ ਡਾਇਰੈਕਟਰ ਸ਼੍ਰੀ ਰਵੀ ਸ਼ਰਮਾ, ਗੁਰਦਾਸ ਰਾਮ, ਗੋਲੂ ਪਹਿਲਵਾਨ, ਗੌਰਵ ਸ਼ਰਮਾ ਪੰਚ, ਗੁਰਜੀਤ ਪੂਨੀਆ, ਪੁਰੀ ਟਰੱਸਟ ਦੇ ਚੇਅਰਮੈਨ ਅਤੇ ਸਰਗਰਮ ਸਮਾਜ ਸੇਵੀ ਅਰਵਿੰਦ ਪੁਰੀ, ਜਸਬੀਰ ਸਿੰਘ ਸਿੱਧੂ ਨਵਾਂਗਾਓਂ ਅਤੇ ਸਾਰਿਆਂ ਨੇ ਕੀਤਾ। ਕਰੀਬ 10 ਵਜੇ ਲਏ ਗਏ ਇਸ ਕਬੱਡੀ ਕੱਪ ਦਾ ਪਹਿਲਾ ਇਨਾਮ ਪਿੰਡ ਖੁੱਡਾ ਅਲੀਸ਼ੇਰ ਦੀ ਟੀਮ ਨੇ ਜਿੱਤਿਆ ਜਿਸ ਵਿੱਚ ਉਨ੍ਹਾਂ ਨੂੰ ਇੱਕ ਬੁਲਟ ਮੋਟਰ ਸਾਈਕਲ, ਇੱਕ ਲੱਖ ਰੁਪਏ ਦੀ ਨਕਦ ਰਾਸ਼ੀ ਅਤੇ ਚਮਕੀਲਾ ਕੱਪ ਮਿਲਿਆ।

ਬਾਬਾ ਗਤੀ ਦਾਸ ਧਨੌਰੀ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ ਜਿਸ ਵਿੱਚ 75 ਹਜ਼ਾਰ ਰੁਪਏ ਦਾ ਨਕਦ ਰਾਸ਼ੀ ਇਨਾਮ ਅਤੇ ਕੱਪ ਪ੍ਰਾਪਤ ਕੀਤਾ। ਬੈਸਟ ਰੇਡਰ ਦੀਪ ਨੂੰ, ਬੈਸਟ ਜਾਫੀ ਸ਼ਰਧਾ ਰਮਦਾ ਨੂੰ ਮਿਲਿਆ।

ਟੀਮ ਦੇ ਸਾਰੇ ਖਿਡਾਰੀਆਂ ਨੂੰ ਦਾਸ ਐਸੋਸੀਏਟ ਅਤੇ ਖੇਡ ਪ੍ਰਮੋਟਰ ਪਹਿਲਵਾਨ ਰਵੀ ਸ਼ਰਮਾ-ਗੋਲੂ ਪਹਿਲਵਾਨ, ਪੁਰੀ ਟਰੱਸਟ ਦੇ ਚੇਅਰਮੈਨ ਅਤੇ ਸਰਗਰਮ ਸਮਾਜ ਸੇਵੀ ਅਰਵਿੰਦ ਪੁਰੀ, ਜਸਬੀਰ ਸਿੰਘ ਸਿੱਧੂ ਨਵਾਂਗਾਓਂ ਨੇ ਮੁਬਾਰਕਬਾਦ ਦਿੱਤੀ।

## ਟਰੈਫ਼ਿਕ ਐਜੂਕੇਸ਼ਨ ਸੈੱਲ ਨੇ ਲੋਕਾਂ ਨੂੰ ਆਵਾਜਾਈ ਨਿਯਮਾਂ ਬਾਰੇ ਜਾਣੂ ਕਰਵਾਇਆ

**ਗੁਰਦਾਸਪੁਰ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਪੁਲਿਸ ਜ਼ਿਲ੍ਹਾ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਆਮ ਜਨਤਾ ਨੂੰ ਸੈਮੀਨਾਰ ਲਗਾ ਕੇ ਆਵਾਜਾਈ ਨਿਯਮਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਅੱਜ ਗੁਰਦਾਸਪੁਰ ਸ਼ਹਿਰ ਦੇ ਵੱਖ-ਵੱਖ ਚੌਂਕਾਂ ਵਿੱਚ ਆਮ ਜਨਤਾ ਨੂੰ ਜਾਗਰੂਕਤਾ ਸੈਮੀਨਾਰ ਲਗਾ ਕੇ ਟਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਗਿਆ।

ਟਰੈਫ਼ਿਕ ਐਜੂਕੇਸ਼ਨ ਸੈੱਲ ਦੇ ਏ.ਐੱਸ.ਆਈ. ਅਮਨਦੀਪ ਸਿੰਘ, ਸੁਰਜੀਤ ਸਿੰਘ, ਸੁਭਾਸ਼ ਚੰਦਰ, ਸ਼ਸ਼ੀ ਮਹਾਜਨ ਅਤੇ ਅਮਰੀਕ ਸਿੰਘ ਨੇ ਲੋਕਾਂ ਨੂੰ ਸੈਮੀਨਾਰ ਦੌਰਾਨ ਅਪੀਲ ਕੀਤੀ ਉਹ ਵਾਹਨ ਚਲਾਉਂਦੇ ਸਮੇਂ ਟਰੈਫ਼ਿਕ ਨਿਯਮਾਂ ਦੀ ਪਾਲਣਾ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਚਾਰ ਪਹੀਆ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਜ਼ਰੂਰ ਲਗਾਈ ਜਾਵੇ ਅਤੇ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਜ਼ਰੂਰ ਪਹਿਨਿਆ ਜਾਵੇ। ਉਨ੍ਹਾਂ ਕਿਹਾ ਕਿ ਗੱਡੀ ਦੀ ਪਿਛਲੀ ਸੀਟ ਤੇ ਬੈਠੇ ਵਿਅਕਤੀ ਲਈ ਵੀ ਸ਼ੀਟ ਬੈਲਟ ਲਗਾਉਣੀ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਨਸ਼ਾ ਕਰਕੇ ਕੋਈ ਵੀ ਵਾਹਨ ਬਿਲਕੁਲ ਨਹੀਂ ਚਲਾਉਣਾ ਚਾਹੀਦਾ। ਉਨ੍ਹਾਂ ਕਿਹਾ ਕਿ ਡਰਾਈਵਿੰਗ ਲਾਇਸੰਸ ਸਮੇਤ ਵਾਹਨਾਂ ਦੇ ਸਾਰੇ ਕਾਗ਼ਜ਼ਾਤ ਪੂਰੇ ਰੱਖੇ ਜਾਣ। ਉਨ੍ਹਾਂ ਕਿਹਾ ਕਿ ਧੁੰਦ ਦੇ ਮੌਸਮ ਵਿੱਚ ਵਾਹਨ ਹੋਰ ਵੀ ਧਿਆਨ ਨਾਲ ਚਲਾਏ ਜਾਣ ਅਤੇ ਧੁੰਦ ਦੌਰਾਨ ਰੋਡ ਲਾਈਨ ਦੀ ਵਰਤੋਂ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਸਾਹਮਣੇ ਕੋਈ ਸੜਕ ਦੁਰਘਟਨਾ ਵਾਪਰਦੀ ਹੈ ਤਾਂ ਫ਼ੌਰਨ ਹਾਦਸੇ ਦੇ ਜ਼ਖ਼ਮੀਆਂ ਦੀ ਮਦਦ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਹੈਲਪ ਲਾਈਨ ਨੰਬਰ 112, 1930 ਅਤੇ 1033 ਬਾਰੇ ਵੀ ਜਾਣਕਾਰੀ ਦਿੱਤੀ।

## ਏ.ਡੀ.ਸੀ ਰੋਹਿਤ ਗੁਪਤਾ ਨੇ 2025 ਲਈ ਅੰਤਿਮ ਵੋਟਰ ਸੂਚੀਆਂ ਰਾਜਨੀਤਿਕ ਪਾਰਟੀਆਂ ਨੂੰ ਸੌਂਪੀਆਂ

**ਲੁਧਿਆਣਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਗਲਵਾਰ ਨੂੰ ਜਾਰੀ ਕੀਤੀ ਗਈ ਅੰਤਿਮ ਫੋਟੋ ਵੋਟਰ ਸੂਚੀ ਅਨੁਸਾਰ ਲੁਧਿਆਣਾ ਵਿੱਚ ਹੁਣ 2688697 ਵੋਟਰ ਹਨ। 29 ਅਕਤੂਬਰ, 2024 ਤੋਂ 28 ਨਵੰਬਰ, 2024 ਤੱਕ ਸ਼ੁਰੂ ਹੋਈ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੋਧ ਦੌਰਾਨ ਕੁੱਲ 15709 ਨਵੇਂ ਵੋਟਰ ਸ਼ਾਮਲ ਕੀਤੇ ਗਏ ਹਨ।

ਆਪਣੇ ਦਫ਼ਤਰ ਵਿੱਚ ਵੱਖ-ਵੱਖ ਰਾਜਨੀਤਿਕ ਆਗੂਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਸੌਂਪਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਰੋਹਿਤ ਗੁਪਤਾ ਨੇ ਦੱਸਿਆ ਕਿ ਡਰਾਫਟ ਵੋਟਰ ਸੂਚੀ ਪ੍ਰਕਾਸ਼ਨ ਸਮੇਂ ਜ਼ਿਲ੍ਹੇ ਵਿੱਚ ਕੁੱਲ 2672988 ਵੋਟਰ ਸਨ, ਜਿਨ੍ਹਾਂ ਵਿੱਚ 1423098 ਪੁਰਸ਼, 1249744 ਔਰਤਾਂ ਅਤੇ 146 ਤੀਜਾ ਲਿੰਗ ਸ਼ਾਮਲ ਸਨ ਅਤੇ ਹੁਣ ਅੰਤਿਮ ਵੋਟਰ ਸੂਚੀਆਂ ਦੇ ਪ੍ਰਕਾਸ਼ਨ ਅਨੁਸਾਰ ਇਸ ਵਿੱਚ 1430951 ਪੁਰਸ਼, 1257601 ਔਰਤਾਂ

29 ਅਕਤੂਬਰ, 2024 ਨੂੰ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਦੇ ਮੁਕਾਬਲੇ 4471 ਨੌਜਵਾਨ ਵੋਟਰਾਂ, 82 ਅਪਾਹਜ ਵਿਅਕਤੀਆਂ, ਛੇ ਪ੍ਰਵਾਸੀ ਭਾਰਤੀਆਂ ਦਾ ਇਜਾਫਾ ਹੋਇਆ ਹੈ।

ਸ੍ਰੀ ਰੋਹਿਤ ਗੁਪਤਾ ਨੇ ਇਹ ਵੀ ਦੱਸਿਆ ਕਿ ਵੋਟਰ ਸੂਚੀ ਦੀ ਵਿਸ਼ੇਸ਼ ਸੰਖੇਪ ਸੋਧ ਦੌਰਾਨ ਜ਼ਿਲ੍ਹੇ ਵਿੱਚ ਸੰਭਾਵੀ ਵੋਟਰਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਕਈ ਗਤੀਵਿਧੀਆਂ ਕੀਤੀਆਂ ਗਈਆਂ ਸਨ।

ਉਨ੍ਹਾਂ ਇਹ ਵੀ ਦੱਸਿਆ ਕਿ ਕੋਈ ਵੀ ਵਿਅਕਤੀ ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਧਿਕਾਰੀ ਪੰਜਾਬ ਦੀਆਂ ਵੈੱਬਸਾਈਟਾਂwww.eci.nic.in Áå¶www.ceopunjab.gov.in Óਤੇ ਵੋਟਰ ਸੂਚੀ ਦੀ ਜਾਂਚ ਵੀ ਕਰ ਸਕਦਾ ਹੈ।

ਉਨ੍ਹਾਂ ਕਿਹਾ ਕਿ ਯੋਗ ਕੋਈ ਵੀ ਵਿਅਕਤੀ ਅਜੇ ਵੀ ਆਨਲਾਈਨ ਜਾਂ ਔਫਲਾਈਨ ਢੰਗਾਂ ਰਾਹੀਂ ਵੋਟਰ ਵਜੋਂ ਰਜਿਸਟਰ ਕਰਨ ਲਈ ਅਰਜ਼ੀ ਦੇ ਸਕਦਾ ਹੈ।




ਸ਼ਹੀਦ ਭਗਤ ਸਿੰਘ ਕਲੱਬ ਪਿੰਡ ਬਬਾਨੀ ਕਲਾ ਤੇ ਖੁਰਦ ਵੱਲੋ ਮਿਤੀ 25-26 ਜਨਵਰੀ ਨੂੰ ਕਬੱਡੀ ਕੱਪ ਦਾ ਪੋਸਟਰ ਜਾਰੀ ਕਰਦੇ ਹੋਏ ਬੈਨੀਪਾਲ ਗਰੁੱਪ

# ਵਿਦੇਸ਼ਾਂ 'ਚ ਸਿੱਖੀ ਸਰੂਪ ਸਬੰਧੀ ਗ਼ਲਤ-ਫਹਿਮੀਆਂ ਨੂੰ ਕਿਵੇਂ ਦੂਰ ਕੀਤਾ ਜਾਵੇ

ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਬਲਿਹਾਰੇ ਜਾਂਦੇ ਹਾਂ, ਜਿਨ੍ਹਾਂ ਨੇ ਸਾਰੇ ਪਰਿਵਾਰ ਨੂੰ ਸਿੱਖ ਪੰਥ ਤੋਂ ਕੁਰਬਾਨ ਕਰਕੇ ਸਿੱਖੀ ਸਰੂਪ ਨੂੰ ਸਾਡੀ ਝੋਲੀ ਪਾਇਆ ਹੈ। ਇਸ ਸਰੂਪ ਦੀ ਬਹਾਲੀ ਨੂੰ ਕਾਇਮ ਰੱਖਣ ਲਈ ਸਿੱਖਾਂ ਨੇ ਸਮੇਂ-ਸਮੇਂ ਸਿਰ ਬੜਾ ਭਾਰੀ ਯੋਗਦਾਨ ਪਾਇਆ ਹੈ। ਵਿਦੇਸ਼ਾਂ ਵਿਚ ਇਸ ਸਰੂਪ ਦੀ ਸਹੀ ਜਾਣਕਾਰੀ ਨਾ ਹੋਣ ਕਾਰਨ ਸਿੱਖਾਂ ਨੂੰ ਬਹੁਤ ਸਾਰੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਸਲ ਵਿਚ ਸਿੱਖ ਸ਼ੁਰੂ ਤੋਂ ਹੀ ਇਨ੍ਹਾਂ ਮੁਸ਼ਕਿਲਾਂ ਦਾ ਸਾਹਮਣਾ ਕਰਦੇ ਆ ਰਹੇ ਹਨ। ਕਦੇ ਫੌਜ ਵਿਚ, ਕਦੇ ਕ੍ਰਿਪਾਨ ਦਾ ਮਸਲਾ, ਕਦੇ ਵਿਦੇਸ਼ਾਂ ਵਿਚ ਸਿੱਖੀ ਸਰੂਪ ਕਾਰਨ ਸਕੂਲਾਂ-ਕਾਲਜਾਂ ਵਿਚ ਦਾਖਲੇ 'ਤੇ ਪਾਬੰਦੀ, ਕਦੇ ਦਸਤਾਰ ਕਾਰਨ ਸਰਕਾਰੀ ਅਦਾਰਿਆਂ ਵਿਚ ਨੌਕਰੀਆਂ ਦੀਆਂ ਪਾਬੰਦੀਆਂ ਅਤੇ ਹੁਣ ਸਭ ਤੋਂ ਖਤਰਨਾਕ ਦੁਨੀਆ ਦੇ ਕਈ ਏਅਰਪੋਰਟਾਂ 'ਤੇ ਦਸਤਾਰ ਉਤਾਰ ਕੇ ਤਲਾਸ਼ੀ ਲਈ ਜਾਂਦੀ ਹੈ। ਇਸ ਦੀ ਮਿਸਾਲ ਮੈਨੂੰ ਯਾਦ ਹੈ, ਪਿਛਲੇ ਸਾਲ ਜਰਮਨ ਦੇ ਸ਼ਹਿਰ ਮਿਊਨਿਖ ਵਿਖੇ ਸਫਰ ਕਰ ਰਹੇ 4 ਸਿੱਖਾਂ ਨੂੰ ਪਗੜੀ ਉਤਾਰ ਕੇ ਤਲਾਸ਼ੀ ਲੈਣ ਕਾਰਨ ਉਨ੍ਹਾਂ ਨੂੰ ਟਰੇਨ ਰਾਹੀਂ ਦੂਜੇ ਦੇਸ਼ ਜਾ ਕੇ ਦੂਜੇ ਏਅਰਪੋਰਟ ਤੋਂ ਅੱਗੇ ਦਾ ਸਫਰ ਕਰਨ ਦੀ ਗੱਲ ਯਾਦ ਹੈ। ਸਾਡੇ ਸਿੱਖਾਂ ਵਾਸਤੇ ਕਿੰਨੀ ਮੰਦਭਾਗੀ ਗੱਲ ਹੈ ਕਿ 87 ਫੀਸਦੀ ਕੁਰਬਾਨੀਆਂ ਦੇ ਕੇ ਭਾਰਤ ਨੂੰ ਆਜ਼ਾਦ ਕਰਾਉਣ ਵਾਲੇ ਸਿੱਖਾਂ ਨੂੰ ਅੱਜ ਆਪਣੀ ਪਹਿਚਾਣ ਦੱਸਣ ਵਾਸਤੇ ਸੰਘਰਸ਼ ਕਰਨਾ ਪੈ ਰਿਹਾ ਹੈ। ਇਹ ਸਿੱਖਾਂ ਦੀ ਤਰਾਸਦੀ ਵੀ ਹੈ। ਇਹ ਮੁਸ਼ਕਿਲ ਅੱਜ ਹਿੰਦੁਸਤਾਨ ਵਿਚ ਵੀ ਹੈ। ਥੋੜ੍ਹਾ ਪਿੱਛੇ ਝਾਤੀ ਮਾਰੀਏ ਤਾਂ 1947 ਤੋਂ ਬਾਅਦ ਵੀ ਸਿੱਖਾਂ ਨੂੰ ਆਪਣੀ ਪਹਿਚਾਣ ਵਾਸਤੇ ਕਈ ਸੰਘਰਸ਼ ਕਰਨੇ ਪਏ ਹਨ। ਕਦੀ ਗੁਰੂ-ਘਰਾਂ ਦੀ ਆਜ਼ਾਦੀ ਵਾਸਤੇ, ਕਦੇ ਪੰਜਾਬੀ ਸੂਬਾ ਲੈਣ ਵਾਸਤੇ ਅਤੇ ਅੱਜ ਆਪਣੀ ਵੱਖਰੀ ਪਹਿਚਾਣ ਲਈ ਇਹ ਸੰਘਰਸ਼ ਸਾਨੂੰ ਵਿਦੇਸ਼ ਵਿਚ ਵੀ ਕਰਨੇ ਪੈ ਰਹੇ ਹਨ। 11 ਸਤੰਬਰ 2001 ਨੂੰ ਅਮਰੀਕਾ ਵਿਚ 'ਵਰਲਡ ਟਰੇਡ ਸੈਂਟਰ' 'ਤੇ ਹੋਏ ਹਮਲੇ ਕਾਰਨ ਸਿੱਖੀ ਸਰੂਪ ਦਾ ਮਸਲਾ ਹੋਰ ਵੀ ਗੰਭੀਰ ਬਣ ਗਿਆ ਹੈ। ਯੂਰਪ ਦੇ ਕਈ ਦੇਸ਼ਾਂ ਵਿਚ ਬੱਚਿਆਂ ਨੂੰ ਦਸਤਾਰ ਸਜਾ ਕੇ ਸਕੂਲ ਦਾਖਲੇ 'ਤੇ ਪਾਬੰਦੀ, ਸਿੱਖੀ ਸਰੂਪ ਕਾਰਨ ਸਰਕਾਰੀ ਅਦਾਰਿਆਂ ਵਿਚ ਨੌਕਰੀ 'ਤੇ ਪਾਬੰਦੀ, ਡਰਾਈਵਿੰਗ ਲਾਈਸੰਸ 'ਤੇ ਦਸਤਾਰ ਸਜਾ ਕੇ ਫੋਟੋ ਨਾ ਲਾਉਣ ਦੇਣਾ, ਨਾਂਅ ਦੇ ਨਾਲ ਸਿੰਘ ਅਤੇ ਕੌਰ ਲਾਉਣ 'ਤੇ ਪਾਬੰਦੀ ਆਦਿ ਕਈ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਈ ਥਾਵਾਂ 'ਤੇ ਸਿੱਖਾਂ ਨੂੰ ਖਤਰਨਾਕ ਹਮਲਿਆਂ ਦਾ ਸਾਹਮਣਾ ਕਰਨਾ ਪਿਆ ਹੈ ਅਤੇ ਕਈ ਸਿੱਖਾਂ ਨੂੰ ਆਪਣੀ ਜਾਨ ਤੋਂ ਵੀ ਹੱਥ ਧੋਣੇ ਪਏ ਹਨ। ਬੜੇ ਦੁੱਖ ਦੀ ਗੱਲ ਹੈ ਕਿ ਅਸੀਂ ਵਿਦੇਸ਼ੀ ਸਰਕਾਰਾਂ ਕੋਲ ਸਮੇਂ ਸਿਰ ਆਪਣਾ ਇਹ ਮਸਲਾ ਸਹੀ ਤਰੀਕੇ ਨਾਲ ਨਹੀਂ ਉਠਾ ਸਕੇ। ਦੁਨੀਆ ਦੇ ਹਰ ਵੱਡੇ ਸ਼ਹਿਰ ਵਿਚ ਸਿੱਖਾਂ ਦੇ ਗੁਰਦੁਆਰੇ ਹਨ। ਹਜ਼ਾਰਾਂ ਦੀ ਗਿਣਤੀ ਵਿਚ ਸਿੱਖ ਹਰੇਕ ਐਤਵਾਰ ਗੁਰੂ-ਘਰਾਂ ਵਿਚ ਇਕੱਠੇ ਹੁੰਦੇ ਹਨ ਪਰ ਅਸੀਂ ਆਪਣੇ ਸਿੱਖੀ ਸਰੂਪ ਨੂੰ ਸਹੀ ਤਰੀਕੇ ਨਾਲ ਪੇਸ਼ ਨਹੀਂ ਕਰ ਸਕੇ।

ਦੂਜੀ ਸੰਸਾਰ ਜੰਗ ਸਮੇਂ ਸਿੱਖਾਂ ਨੇ ਬੜਾ ਵੱਡਾ ਯੋਗਦਾਨ ਪਾਇਆ ਹੈ। ਸਿੱਖਾਂ ਨੇ ਆਪਣੀਆਂ ਸ਼ਹਾਦਤਾਂ ਦੇ ਕੇ ਉਨ੍ਹਾਂ ਲੋਕਾਂ ਦੀ ਆਬਰੂ ਇੱਜ਼ਤ ਨੂੰ ਬਚਾਇਆ ਹੈ। ਸਿੱਖੀ ਸਰੂਪ ਦਾ ਮਸਲਾ ਜ਼ਿਆਦਾ ਯੂਰਪ ਦੇ ਵੱਖ-ਵੱਖ ਦੇਸ਼ਾਂ ਵਿਚ ਹੈ। ਇਥੇ ਹੀ ਦੂਜੀ ਸੰਸਾਰ ਜੰਗ ਸਮੇਂ ਸਿੱਖਾਂ ਨੇ ਬੜੀਆਂ ਭਾਰੀ ਕੁਰਬਾਨੀਆਂ ਦਿੱਤੀਆਂ ਹਨ। ਅੱਜ ਵੀ ਯੂਰਪ ਦੇ ਵੱਖ-ਵੱਖ ਸ਼ਹਿਰਾਂ ਵਿਚ ਸਿੱਖਾਂ ਦੀਆਂ ਯਾਦਗਾਰਾਂ ਬਣੀਆਂ ਹਨ। ਦਾਸ ਉਸ ਕਾਮਨਵੈਲਥ ਕਮਿਸ਼ਨ ਦਾ ਧਾਰਮਿਕ ਮੈਂਬਰ ਹੋਣ ਨਾਤੇ ਪਿਛਲੇ ਤਕਰੀਬਨ 12 ਸਾਲ ਤੋਂ ਉਸ ਜਗ੍ਹਾ 'ਤੇ ਜਿਥੇ ਹਰੇਕ ਸਾਲ 11 ਨਵੰਬਰ ਨੂੰ ਕਾਮਨਵੈਲਥ ਦੇ ਸਾਰੇ ਦੇਸ਼ ਇਕੱਤਰ ਹੋ ਕੇ ਸ਼ਰਧਾ ਦੇ ਫੁੱਲ ਭੇਟ ਕਰਦੇ ਹਨ, ਉਥੇ ਪਿਛਲੇ ਲੰਮੇ ਸਮੇਂ ਤੋਂ ਦਾਸ ਨੂੰ ਹਰੇਕ ਸਾਲ ਉਥੇ ਜਾਣ ਦਾ ਮੌਕਾ ਮਿਲਦਾ ਰਿਹਾ ਹੈ। ਸਭ ਤੋਂ ਛੋਟੀ ਉਮਰ ਦੇ 16 ਅਤੇ 17 ਸਾਲ ਦੇ ਸਾਡੇ ਜਵਾਨਾਂ ਨੇ ਸ਼ਹਾਦਤਾਂ ਦੇ ਕੇ ਉਨ੍ਹਾਂ ਲੋਕਾਂ ਦੀ ਆਬਰੂ ਇੱਜ਼ਤ ਨੂੰ ਬਚਾਇਆ ਹੈ। ਯੂਰਪ ਦੇ ਕਈ ਮਿਊਜ਼ੀਅਮਾਂ ਵਿਚ ਸਿੱਖ ਸ਼ਹੀਦਾਂ ਦੀਆਂ ਤਸਵੀਰਾਂ ਵੀ ਲੱਗੀਆਂ ਹੋਈਆਂ ਹਨ ਪਰ ਕਿੰਨੀ ਤਰਾਸਦੀ ਹੈ ਸਾਡੀ ਕਿ ਅਸੀਂ ਆਪਣੀ ਪਹਿਚਾਣ ਨੂੰ ਦੁਨੀਆ ਤੱਕ ਪਹੁੰਚਾਉਣ ਤੱਕ ਫੇਲ੍ਹ ਹੋਏ ਹਾਂ। ਅਸਲ ਵਿਚ ਯੂਰਪ ਵਿਚ ਸਾਡੀ ਗਿਣਤੀ ਘੱਟ ਹੋਣ ਕਾਰਨ ਵੀ ਇਹ ਮਸਲਾ ਜ਼ਿਆਦਾ ਉਲਝਿਆ ਹੈ। ਇਹ ਸੰਘਰਸ਼ ਪਹਿਲਾਂ ਅਮਰੀਕਾ, ਕੈਨੇਡਾ, ਇੰਗਲੈਂਡ ਵਿਚ ਵੀ ਕਰਨੇ ਪਏ ਸਨ। ਇਨ੍ਹਾਂ ਦੇਸ਼ਾਂ ਵਿਚ ਸਾਡੀ ਜ਼ਿਆਦਾ ਵਸੋਂ ਹੋਣ ਕਾਰਨ ਇਹ ਮਸਲਾ ਜਲਦੀ ਹੱਲ ਹੋਇਆ ਹੈ। ਸਿੱਖੀ ਸਰੂਪ ਅਤੇ ਦਸਤਾਰ ਦਾ ਮਸਲਾ ਪਿਛਲੇ ਸਮੇਂ ਵਿਚ ਫਰਾਂਸ ਤੋਂ ਉੱਭਰ ਕੇ ਸਾਹਮਣੇ ਆਇਆ ਹੈ। ਦਸਤਾਰ ਸਜਾ ਕੇ ਸਕੂਲ ਵਿਚ ਦਾਖਲੇ 'ਤੇ ਪਾਬੰਦੀ ਕਾਰਨ ਇਹ ਮਸਲਾ ਇਕ ਖਤਰਨਾਕ ਦੌਰ ਵਿਚ ਹੈ। ਇਸ ਸਬੰਧੀ ਦੁਨੀਆ ਭਰ ਵਿਚ ਰੋਸ ਮੁਜ਼ਾਹਰੇ ਹੋਏ ਹਨ। ਦਾਸ ਵੀ ਇਨ੍ਹਾਂ ਕਈ ਰੋਸ ਮੁਜ਼ਾਹਰਿਆਂ ਵਿਚ ਸ਼ਾਮਿਲ ਸੀ। ਸਿੱਖਾਂ ਦੀਆਂ ਵੱਖ-ਵੱਖ ਜਥੇਬੰਦੀਆਂ ਨੇ ਆਪਣੇ-ਆਪਣੇ ਤਰੀਕੇ ਨਾਲ ਇਹ ਮਸਲਾ ਹਿੰਦੁਸਤਾਨ ਦੀ ਸਰਕਾਰ ਅਤੇ ਵਿਦੇਸ਼ੀ ਸਰਕਾਰਾਂ ਕੋਲ ਉਠਾਇਆ ਹੈ ਪਰ ਇਸ ਦਾ ਕੋਈ ਸਿੱਟਾ ਨਹੀਂ ਨਿਕਲਿਆ। ਫਰਾਂਸ ਦੇ ਰਾਸ਼ਟਰਪਤੀ ਮਿਸ: ਸਰਕੋਜੀ ਪਿਛਲੇ ਸਮੇਂ ਵਿਚ ਭਾਰਤ ਦੇ ਦੌਰੇ 'ਤੇ ਆਏ ਸਨ। ਉਸ ਵਕਤ ਵੱਖ-ਵੱਖ ਸੰਗਠਨਾਂ ਨੇ ਜ਼ੋਰਦਾਰ ਤਰੀਕੇ ਨਾਲ ਇਹ ਮਸਲਾ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਸੀ। ਆਪਸੀ ਖਿੱਚੋਤਾਣ ਕਾਰਨ ਇਹ ਮਸਲਾ ਜਿਉਂ ਦਾ ਤਿਉਂ ਹੀ ਰਹਿ ਗਿਆ। ਇਸ ਵੱਲੋਂ ਫਰਾਂਸ ਸਰਕਾਰ ਵੱਲੋਂ ਕੋਈ ਵੀ ਹਾਂ-ਪੱਖੀ ਹੁੰਗਾਰਾ ਨਹੀਂ ਮਿਲਿਆ, ਜਿਸ ਕਾਰਨ ਸਿੱਖ ਹਿਰਦਿਆਂ ਨੂੰ ਹੋਰ ਵੀ ਦੁਖੀ ਹੋਣਾ ਪਿਆ ਹੈ। ਸਿੱਖੀ ਸਰੂਪ ਦੀ ਜਾਣ-ਪਹਿਚਾਣ ਕਰਾਉਣ ਸਬੰਧੀ ਸਭ ਤੋਂ ਵੱਡੀ ਜ਼ਿੰਮੇਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੜੇ ਅਸਰਦਾਰ ਤਰੀਕੇ ਨਾਲ ਹਿੰਦੁਸਤਾਨ ਦੀ ਸਰਕਾਰ ਕੋਲ ਇਹ ਮਸਲਾ ਉਠਾ ਚੁੱਕੀ ਹੈ ਪਰ ਸਿੱਖ-ਵਿਰੋਧੀ ਵਿਚਾਰਧਾਰਾ ਕਾਰਨ ਹਿੰਦੁਸਤਾਨ ਦੀ ਸਰਕਾਰ ਵੱਲੋਂ ਕੋਈ ਅਸਰਦਾਰ ਤਰੀਕੇ ਨਾਲ ਇਹ ਮਸਲਾ ਬਾਹਰ ਦੀਆਂ ਸਰਕਾਰਾਂ ਕੋਲ ਨਹੀਂ ਉਠਾਇਆ ਗਿਆ। ਇਹ ਮਸਲਾ ਕੇਵਲ ਸਿੱਖ ਲੀਡਰਾਂ ਵੱਲੋਂ ਯੂ.ਐਨ.ਓ. ਦੇ ਸੈਕਟਰੀ ਅਤੇ ਫਰਾਂਸ ਦੇ ਰਾਸ਼ਟਰਪਤੀ ਨੂੰ ਪੱਤਰ ਲਿਖਣ ਤੱਕ ਹੀ ਸੀਮਤ ਰਹਿ ਗਿਆ। ਹਿੰਦੁਸਤਾਨ ਅਤੇ ਵਿਦੇਸ਼ਾਂ ਵਿਚ ਸਿੱਖ ਅੱਜ ਬੜੇ ਉੱਚੇ ਅਹੁਦਿਆਂ 'ਤੇ ਬੈਠੇ ਹਨ। ਹਿੰਦੁਸਤਾਨ ਦਾ ਪ੍ਰਧਾਨ ਮੰਤਰੀ ਵੀ ਇਕ ਸਿੱਖ ਹੈ। ਅੱਜ ਹਿੰਦੁਸਤਾਨ ਦੀ ਸਰਕਾਰ ਚਾਹੇ ਤਾਂ ਇਸ ਮਸਲੇ ਨੂੰ ਬੜੀ ਗੰਭੀਰਤਾ ਨਾਲ ਵਿਚਾਰਿਆ ਜਾ ਸਕਦਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਿੰਦੁਸਤਾਨ ਵਿਚ ਇਕ ਚੁਣੀ ਹੋਈ ਸੰਸਥਾ ਹੈ, ਜਿਸ ਵੱਲੋਂ ਪ੍ਰਭਾਵਸ਼ਾਲੀ ਯਤਨ ਕਰਨੇ ਚਾਹੀਦੇ ਹਨ, ਕਿਉਂਕਿ ਇਹ ਮਸਲਾ ਹੁਣ ਇਕੱਲੇ ਫਰਾਂਸ ਦਾ ਨਹੀਂ ਬਲਕਿ ਸਾਰੇ ਯੂਰਪ ਦਾ ਸਾਂਝਾ ਮਸਲਾ ਬਣ ਗਿਆ ਹੈ। ਦੁਨੀਆ ਵਿਚ ਸਭ ਤੋਂ ਵੱਧ ਵਸੋਂ ਵਾਲੇ ਦੇਸ਼ਾਂ ਵਿਚ ਦੂਜੇ ਨੰਬਰ 'ਤੇ ਹਿੰਦੁਸਤਾਨ ਦਾ ਨੰਬਰ ਆਉਂਦਾ ਹੈ, ਜਿਸ ਦਾ ਪ੍ਰਧਾਨ ਮੰਤਰੀ ਸਿੱਖ ਹੈ ਅਤੇ ਜੋ ਸਿਰ 'ਤੇ ਦਸਤਾਰ ਸਜਾ ਕੇ ਰੱਖਦਾ ਹੈ ਅਤੇ ਉਸ ਦੀ ਦੁਨੀਆ ਵਿਚ ਇਕ ਵੱਖਰੀ ਪਹਿਚਾਣ ਹੈ। ਸਮੁੱਚੇ ਸਿੱਖ ਸੰਗਠਨਾਂ ਅਤੇ ਸਮੂਹ ਸਿੱਖ ਸੰਪਰਦਾਵਾਂ ਨੂੰ ਆਪਣੇ-ਆਪਣੇ ਪ੍ਰਭਾਵ ਰਾਹੀਂ ਹਿੰਦੁਸਤਾਨ ਦੀ ਸਰਕਾਰ 'ਤੇ ਦਬਾਅ ਪਾਉਣਾ ਚਾਹੀਦਾ ਹੈ ਕਿ ਉਹ ਇਸ ਗੰਭੀਰ ਮਸਲੇ ਨੂੰ ਯੂ. ਐਨ. ਓ. ਅਤੇ ਯੂਰਪੀਅਨ ਯੂਨੀਅਨ ਵਿਚ ਸਹੀ ਤਰੀਕੇ ਨਾਲ ਪੇਸ਼ ਕਰੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿੱਖ ਸਿਆਣੇ ਬੁੱਧੀਜੀਵੀਆਂ ਦੀ ਇਕ ਕਮੇਟੀ ਬਣਾਉਣੀ ਚਾਹੀਦੀ ਹੈ, ਜਿਸ ਵਿਚ ਚੰਗੇ ਪੜ੍ਹੇ-ਲਿਖੇ ਸਿੱਖ ਹੋਣ ਤਾਂ ਕਿ ਦੁਨੀਆ ਦੇ ਹਰ ਮਨੁੱਖ ਦੀ ਵਿਚਾਰਧਾਰਾ ਰਾਹੀਂ ਤਸੱਲੀ ਕਰਵਾ ਸਕਣ। ਇਸ ਕਮੇਟੀ ਦਾ ਕਾਫਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਹੇਠ ਹੁੰਦਾ ਹੋਇਆ ਹਿੰਦੁਸਤਾਨ ਦੀ ਸਰਕਾਰ ਰਾਹੀਂ ਯੂ. ਐਨ. ਓ. ਵਿਚ ਜਾਵੇ ਅਤੇ ਯੂਰਪੀਅਨ ਯੂਨੀਅਨ ਤੋਂ ਹੁੰਦਾ ਹੋਇਆ ਇਹ ਕਾਫਲਾ ਵੱਖ-ਵੱਖ ਦੇਸ਼ਾਂ ਦਾ ਦੌਰਾ ਕਰੇ ਅਤੇ ਸਿੱਖਾਂ ਦੇ ਇਸ ਮਸਲੇ ਨੂੰ ਅਸਰਦਾਰ ਤਰੀਕੇ ਰਾਹੀਂ ਦੁਨੀਆ ਸਾਹਮਣੇ ਪੇਸ਼ ਕਰੇ। ਉਹ ਦਿਨ ਦੂਰ ਨਹੀਂ ਜਿਸ ਦਿਨ ਸਿੱਖਾਂ ਦੇ ਇਸ ਸਿੱਖੀ ਸਰੂਪ ਦੇ ਮਸਲੇ ਦਾ ਹੱਲ ਨਹੀਂ ਨਿਕਲੇਗਾ। ਇਹ ਕਾਫਲਾ ਦੁਨੀਆ ਵਿਚ ਸਿੱਖਾਂ ਦੀ ਇਹ ਜਿੱਤ ਪ੍ਰਾਪਤ ਕਰੇਗਾ। ਦੁਨੀਆ ਵਿਚ ਸਿੱਖਾਂ ਦੀ ਪਹਿਚਾਣ ਵਧੇਗੀ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨਤਾ ਦਾ ਪੂਰੀ ਦੁਨੀਆ ਨੂੰ ਪਤਾ ਚੱਲੇਗਾ। ਮੁਸਲਮਾਨਾਂ ਅਤੇ ਸਿੱਖਾਂ ਦੇ ਸਰੂਪ ਦੇ ਵਖਰੇਵੇਂ ਦਾ ਪਤਾ ਲੱਗੇਗਾ। ਸਿੱਧੇ ਤੌਰ 'ਤੇ ਸਿੱਖਾਂ ਨੂੰ ਇਸ ਦਾ ਲਾਭ ਪ੍ਰਾਪਤ ਹੋਵੇਗਾ। ਪੂਰੀ ਦੁਨੀਆ ਅੰਦਰ ਲੋਕਾਂ ਨੂੰ ਇਹ ਪਤਾ ਲੱਗੇਗਾ ਕਿ ਸਿੱਖ ਇਕ ਵੱਖਰੀ ਕੌਮ ਹੈ ਅਤੇ ਸਰਬੱਤ ਦਾ ਭਲਾ ਮੰਗਣ ਵਾਲੀ ਸਿੱਖ ਕੌਮ ਮਿਹਨਤ ਕਰਕੇ ਵੰਡ ਛਕਦੀ ਹੈ, ਜਿਸ ਨਾਲ ਪੂਰੀ ਦੁਨੀਆ ਵਿਚ ਸਿੱਖਾਂ ਦਾ ਮਾਣ ਵਧੇਗਾ। ਸਿੱਖ ਜਦ ਵੀ ਉਸ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹੈ ਤਾਂ ਕਹਿੰਦਾ ਹੈ 'ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ' ਰਾਹੀਂ ਸਰਬੱਤ ਦਾ ਭਲਾ ਹੀ ਮੰਗਦਾ ਹੈ। ਇਸ ਦਾ ਪ੍ਰਮਾਣ ਹਰੇਕ ਜੰਗ ਜਾਂ ਯੁੱਧ ਤੋਂ ਸਹਿਜੇ ਹੀ ਲੱਗ ਜਾਂਦਾ ਹੈ ਕਿ ਜਦ ਵੀ ਕਿਧਰੇ ਕਿਸੇ ਵੀ ਕੌਮ 'ਤੇ ਕੋਈ ਭਾਰੀ ਮੁਸ਼ਕਿਲ ਆਈ ਤਾਂ ਉਸ ਵਿਚ ਸਿੱਖਾਂ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਅੱਗੇ ਹੋ ਕੇ ਪਹਿਲਾਂ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਪਿੱਛੇ ਜਿਹੇ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਜਦ ਅਮਰੀਕਾ ਵਿਖੇ ਅਮਰੀਕਾ ਦੇ ਰਾਸ਼ਟਰਪਤੀ ਸ੍ਰੀ ਜਾਰਜ ਡਬਲਿਊ ਬੁਸ਼ ਨੂੰ ਮਿਲੇ ਸੀ ਤਾਂ ਉਨ੍ਹਾਂ ਨੇ ਵੀ ਸਿੱਖਾਂ ਦੀਆਂ ਬਹੁਤ ਸਿਫ਼ਤਾਂ ਦੇ ਪੁਲ ਬੰਨ੍ਹੇ ਸਨ।

# ਪਰਲੋ ਤੋਂ ਬਚਣਾ ਹੈ ਤਾਂ ਕੁਦਰਤ ਦੀ ਸੁਣੋ !



ਤਾਪਮਾਨ ਦੇ ਵਧਣ ਨਾਲ ਸਾਗਰ ਫੈਲ ਜਾਣਗੇ ਜਿਸ ਨਾਲ ਸਾਗਰੀ ਤਲ ਵਧ ਜਾਣਾ ਹੈ, ਦੁਨੀਆ ਦੇ ਅਤਿ ਉਪਜਾਊ ਡੈਲਟਾ ਭਾਗ ਡੁੱਬ ਜਾਣਗੇ। ਬੰਗਲਾਦੇਸ਼, ਇੰਡੋਨੇਸ਼ੀਆ, ਚੀਨ ਅਤੇ ਭਾਰਤ ਆਦਿ ਨੂੰ ਬਹੁਤ ਵੱਡੇ ਉਪਜਾਊ ਖੇਤਰਾਂ ਤੋਂ ਹੱਥ ਧੋਣਾ ਪਵੇਗਾ। ਇਸ ਨਾਲ ਸਮੁੱਚੀ ਧਰਤੀ ਉਪਰਲੀ ਵਰਖਾ-ਬਣਤਰ ਵੀ ਬਦਲ ਜਾਣੀ ਹੈ। ਇਹ ਭੈੜਾ ਦ੍ਰਿਸ਼ ਕੁਝ ਇਸ ਤਰ੍ਹਾਂ ਦਾ ਕਿਆਸਿਆ ਜਾ ਰਿਹਾ ਹੈ—ਧਰੁਵੀ ਬਰਫਾਂ ਦਾ ਪਿਘਲਣਾ, ਸਾਗਰਾਂ ਵਿਚ ਹੜ੍ਹ, ਟਾਪੂ ਦੇਸ਼ਾਂ ਦਾ ਪ੍ਰਿਥਵੀ ਉਪਰੋਂ ਸਫਾਇਆ, ਤਟਵਰਤੀ ਭਾਗਾਂ ਉਪਰ ਹੜ੍ਹਾਂ ਦੀ ਮਾਰ, ਅਣਕਿਆਸੀਆਂ ਤੇ ਬੇਮਿਸਾਲ ਸਮੱਸਿਆਵਾਂ, ਦੇਸ਼ਾਂ ਦੇ ਅੰਦਰ ਲੁੱਟ-ਖਸੁੱਟ ਤੇ ਮਾਰ-ਧਾੜ, ਤਪਤ ਤੇ ਅਰਧ ਤਪਤ ਖੰਡੀ ਖੇਤਰਾਂ ਵਿਚ ਜਿਥੇ ਬਹੁਤੀਆਂ ਵਿਕਾਸਸ਼ੀਲ ਕੌਮਾਂ ਰਹਿੰਦੀਆਂ ਹਨ, ਵੱਧ ਗਰਮੀ ਤੇ ਵੱਧ ਸੋਕਾ, ਅੰਮੋਜਨੀ ਭਾਗਾਂ ਵਿਚ ਤੂਫਾਨੀ ਝੱਖੜ, ਭੂਮੱਧ ਰੇਖਾ ਤੋਂ 35 ਡਿਗਰੀ ਉੱਤਰ ਤੇ ਦੱਖਣ ਵਿਚ ਭੋਜਨ ਦੇ ਸਾਧਨਾਂ ਦੀ ਕਮੀ, ਸਮਸੀਤ ਉਸ਼ਣੀ ਭਾਗਾਂ ਵਿਚ ਸਿਆਲ ਰੁੱਤ ਹੋਰ ਨਿੱਕੀ ਪਰ ਤਿੱਖੀ ਸ਼ੀਤ ਤੇ ਵਧੇਰੇ ਵਤਰੀਲੀ, ਉੱਤਰੀ ਅਮਰੀਕਾ ਦਾ ਅਨਾਜ-ਗੁਦਾਮ ਧੂੜ ਦਾ ਝੱਖੜ, ਸੀਤ ਪ੍ਰਦੇਸ਼ ਜਿਵੇਂ ਸਾਇਬੇਰੀਆ, ਕੈਨੇਡਾ ਤੇ ਸਕੈਂਡੇਨੇਵੀਆ ਵਿਚ ਗਰਮੀ ਦਾ ਵਾਧਾ।'

**ਸਬਕ ਨਹੀਂ ਸਿੱਖਿਆ**

ਪਰ ਕੀ ਅਸੀਂ ਸਬਕ ਸਿੱਖਿਆ? ਫਿਰ ਅਸੀਂ ਵਾਰ-ਵਾਰ ਉਹੀ ਸਿਆਸਤਦਾਨ ਕਿਉਂ ਚੁਣ ਰਹੇ ਹਾਂ ਜਿਹੜੇ ਧਰਤੀ ਬਾਰੇ ਤਾਂ ਕੀ, ਬੰਦੇ ਬਾਰੇ ਵੀ ਨਹੀਂ ਸੋਚਦੇ। ਪ੍ਰਿਥਵੀ ਉੱਪਰ ਕੋਈ ਅਜਿਹੀ ਥਾਂ ਨਹੀਂ ਦਿੱਸਦੀ ਜਿਥੇ 'ਸੰਭਾਲ', 'ਸੰਕੇਤ', 'ਕਿਰਸ' ਜਿਹੇ ਸ਼ਬਦ ਉੱਕਰੇ ਨਾ ਦਿੱਸਦੇ ਹੋਣ। ਹਾਂ, ਇਹ ਗੱਲ ਵੱਖਰੀ ਹੈ ਕਿ ਅਸੀਂ ਜਾਣਬੁੱਝ ਕੇ ਅੱਖਾਂ ਮੁੰਦ ਲਈਏ। ਭੂਟਾਨ ਵਿਚ ਬਾਲਾਂ ਦਾ ਆਪਣੇ ਗਲਾਂ ਵਿਚ ਤਖਤੀਆਂ ਲਟਕਾ ਕੇ ਅਮੀਰ ਸੈਲਾਨੀਆਂ ਵਿਰੁੱਧ ਇਸ ਗੱਲ ਲਈ ਰੋਸ ਪ੍ਰਗਟ ਕਰਨਾ ਕਿ ਉਹ ਗੰਦਗੀ ਫੈਲਾ ਕੇ ਪਹਾੜੀ ਸੁੰਦਰਤਾ ਨੂੰ ਨਸ਼ਟ ਨਾ ਕਰਨ.... ਹਿਮਾਲਿਆਈ ਜੰਗਲਾਂ ਨੂੰ ਬਚਾਉਣ ਲਈ ਲੋਕਾਂ ਦਾ ਰੁੱਖਾਂ ਨੂੰ ਗਲਵਕੜੀਆਂ ਵਿਚ ਲੈ ਲੈਣਾ

ਪ੍ਰਯੋਜਨਾ ਵਿਰੁੱਧ ਸਥਾਨਕ ਲੋਕਾਂ ਦਾ ਰੋਹ ਭਰਿਆ ਪ੍ਰਤੀਕਰਮ.... ਥਾਂ-ਥਾਂ 'ਤੇ 'ਪ੍ਰਿਥਵੀ ਬਚਾਓ' ਦੇ ਮੌਨ ਜਲੂਸ.... ਇੰਗਲੈਂਡ ਦੇ ਬਾਲਾਂ ਦਾ ਆਪਣੇ ਮਾਪਿਆਂ ਨਾਲ ਇਸ ਗਲੋਂ ਲੜਨਾ ਕਿ ਹੁਣ ਘਰ ਵਿਚ 'ਡਿਸਪੋਜੇਬਲ' ਵਸਤੂਆਂ ਨਹੀਂ ਆਉਣਗੀਆਂ ਕਿਉਂਕਿ ਇਸ ਗੱਲ ਤੋਂ ਉਤਪੰਨ ਹੋਈ 'ਗਾਰਬੇਜ' (ਕਚਰਾ) ਵਾਤਾਵਰਨੀ ਪ੍ਰਦੂਸ਼ਣਤਾ ਵਧਾਉਂਦਾ ਹੈ... ਪੱਛਮੀ ਘਾਟ ਦੀ ਕੁਦਰਤ ਨੂੰ ਬਚਾਉਣ ਲਈ ਲੋਕ-ਕਾਫਲਿਆਂ ਦੀ ਪਦ ਯਾਤਰਾ, ਆਸਟ੍ਰੇਲੀਆ ਦੇ ਲੋਕਾਂ ਦਾ ਗੇਲੀਆਂ ਲੱਦੇ ਟਰੱਕਾਂ ਅੱਗੇ ਲੇਟ ਜਾਣਾ ਤੇ ਵੰਗਾਰਨਾ ਕਿ ਹੁਣ ਜੰਗਲਾਂ ਦੀ ਕਟਾਈ ਨਹੀਂ ਹੋਣ ਦਿੱਤੀ ਜਾਵੇਗੀ...ਪੱਛਮੀ ਜਰਮਨੀ ਵਿਚ ਪਾਰਲੀਮੈਂਟ ਚੋਣਾਂ ਸਮੇਂ 'ਗ੍ਰੀਨ' ਝੰਡੇ ਹੇਠਾਂ ਇਕੱਤਰ ਹੋ ਕੇ ਗ੍ਰੀਨ ਪਾਰਟੀ ਵੱਲੋਂ 28 ਸੀਟਾਂ ਉਪਰ ਕਾਬਜ਼ ਹੋ ਜਾਣਾ...ਅਤੇ ਮੇਰੇ ਪਿੰਡ ਦੀ ਪੰਚਾਇਤ ਦੇ ਰੁੱਖ ਲਗਾਉਣ ਵਾਲੇ ਮਤੇ ਤੋਂ ਲੈ ਕੇ ਸੰਯੁਕਤ ਰਾਸ਼ਟਰ ਦੇ ਵਾਤਾਵਰਨ ਬਚਾਓ ਦੇ ਵਿਸ਼ਵ ਵਿਆਪੀ ਫ਼ੈਸਲਿਆਂ ਤੱਕ ਦਾ ਘਟਨਾਚੱਕਰ ਭਾਵੇਂ ਇਸ ਪਹੁ-ਫੁਟਾਲੇ ਦਾ ਹੀ ਪ੍ਰਤੀਕ ਹੈ ਫਿਰ ਵੀ ਤੁਸੀਂ ਅਵੇਸਲੇ ਕਿਉਂ ਰਹੇ? ਕੀ ਸੀਚੇਵਾਲਵੀ ਤਰਜ਼ ਦਾ ਹੋਕਾ ਵੀ ਤੁਹਾਨੂੰ ਸੁਣਾਈ ਨਹੀਂ ਦਿੰਦਾ?

**ਬਦਲ ਰਿਹਾ ਮੁਹਾਂਦਰਾ**

ਮਨੁੱਖ ਦੁਆਰਾ ਪੈਦਾ ਕੀਤੀਆਂ ਵਾਤਾਵਰਨੀ ਬਿਪਤਾਵਾਂ ਪ੍ਰਿਥਵੀ ਦਾ ਮੁਹਾਂਦਰਾ ਬਦਲ ਰਹੀਆਂ ਹਨ। ਭੈੜੇ ਸਿਆਸਤਦਾਨ ਇਸ ਦਾ ਵੀ ਮੁੱਲ ਵੱਟਣ ਦੀ ਕੋਸ਼ਿਸ਼ ਕਰਨਗੇ। ਅਚਾਰੀਆ ਰਜਨੀਸ਼ ਨੇ ਕਿਹਾ ਸੀ, 'ਸਿਆਸਤਦਾਨਾਂ ਨੇ ਦੁਨੀਆ ਨੂੰ ਕੇਵਲ ਲੜਾਈ-ਝਗੜੇ ਹੀ ਦਿੱਤੇ ਹਨ। ਇਨ੍ਹਾਂ ਲਈ ਜ਼ਿੰਦਗੀ ਦਾ ਕੋਈ ਮੁੱਲ ਨਹੀਂ। ਮੌਤ ਇਨ੍ਹਾਂ ਦਾ ਪੂਜਣਯੋਗ ਦੇਵਤਾ ਹੈ। ਇਹ ਲੋਕ ਵਾਤਾਵਰਨੀ ਪਨਾਹਗੀਰਾਂ ਬਾਰੇ ਕੁਝ ਨਹੀਂ ਕਰਨਗੇ। ਉਨ੍ਹਾਂ ਦੀ ਸਾਰੀ ਸ਼ਕਤੀ ਤਾਂ ਸੱਤਾ ਨਾਲ ਚੰਬੜੇ ਰਹਿਣ ਉਪਰ ਲੱਗ ਰਹੀ ਹੁੰਦੀ ਹੈ। ਇਸ ਦਾ ਇਕੋ-ਇਕ ਹੱਲ ਇਹੋ ਹੀ ਹੈ ਕਿ ਫ਼ੌਜਾਂ ਦੀ ਲਾਮ ਡੋਰੀ ਨੂੰ ਆਦਮ-ਜਾਤ ਦੇ ਬਚਾਅ ਲਈ ਵਰਤਿਆ ਜਾਵੇ।' ਵਿਗਿਆਨ-ਪੱਤਰਕਾਰ ਪਰਵੀਨ ਲਿਖਦਾ ਹੈ, 'ਅੱਜ ਮਨੁੱਖ ਜਾਤੀ ਦੇ ਭਵਿੱਖ ਨੂੰ ਨਾ ਹੀ ਕਿਸੇ ਸੰਸਾਰ ਜੰਗ ਤੋਂ ਅਤੇ ਨਾ ਹੀ ਕਿਸੇ ਮਹਾਂਮਾਰੀ ਤੋਂ ਕੋਈ ਖ਼ਤਰਾ ਹੈ। ਇਹ ਸਨਅਤੀ ਸਮਾਜ ਵੱਲੋਂ ਕੀਤਾ ਗਿਆ ਇਕਲੌਜੀਕਲ ਵਿਨਾਸ਼ ਹੀ ਹੈ ਜਿਹੜਾ ਪ੍ਰਿਥਵੀ ਨੂੰ ਪ੍ਰਮਾਣੂ ਸਰਬਨਾਸ਼ ਵਰਗੇ ਕਗਾਰ ਵੱਲ ਧੱਕ ਰਿਹਾ ਹੈ। ਮਨੁੱਖ ਨੇ ਅੰਤਰ-ਆਧਾਰੀ ਇਕਲੌਜੀਕਲ ਪ੍ਰਣਾਲੀਆਂ ਵਿਚ ਅਜਿਹੀ ਬੇਸਮਝ ਦਖ਼ਲਅੰਦਾਜ਼ੀ ਕਰਨੀ ਸ਼ੁਰੂ ਕਰ ਦਿੱਤੀ ਹੈ ਜਿਸ ਨੇ ਪ੍ਰਤੀਕਰਮਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਹੈ। ਇਸ ਨਾਲ ਜੀਵਨ ਦੇ ਗੁਣਾਤਮਿਕ ਪੱਖਾਂ ਉਪਰ ਮੰਦ ਪ੍ਰਭਾਵ ਪੈਣਗੇ ਅਤੇ ਜ਼ਿੰਦਗੀ ਨੂੰ ਆਸਰਾ ਦੇਣ ਵਾਲੀਆਂ ਪ੍ਰਣਾਲੀਆਂ ਖਿੰਡ-ਪੁੰਡ ਜਾਣਗੀਆਂ।'

**ਸਵੈ-ਨਿਰਭਰਤਾ**

ਜੂਲੀਅਨ ਹਕਸਲੇ ਨੇ ਇਕ ਵਾਰ, 'ਕੀ ਅਸੀਂ ਇਥੇ ਬਹੁਤੇ ਹੋ ਗਏ ਹਾਂ?' ਦੇ ਸਿਰਲੇਖ ਹੇਠ ਟਿੱਪਣੀ ਕੀਤੀ ਸੀ, '...ਸਾਡਾ ਸੁੰਦਰ ਗ੍ਰਹਿ ਤਾਂ ਇਕ ਜੀਵੰਤ ਪ੍ਰਣਾਲੀ ਹੈ। ਜਲ, ਭੂਮੀ, ਪੌਣ, ਬਨਸਪਤੀ ਅਤੇ ਪ੍ਰਾਣੀ ਸਭ ਇਕ-ਦੂਜੇ ਉਪਰ ਪ੍ਰਸਪਰ ਆਧਾਰਿਤ ਹਨ ਤੇ ਇਕੋ ਹੀ ਤਾਣੇ-ਬਾਣੇ ਵਿਚ ਜੁੜੇ ਹੋਏ ਹਨ। ਜੇ ਇਕ ਵੀ ਹਿਲ ਗਿਆ ਤਾਂ ਸਮੁੱਚੀ ਤਾਣੀ ਉਲਝ ਜਾਵੇਗੀ। ਇਸ ਤਾਣੀ ਨੂੰ ਬੇਰੋਕ ਵਸੋਂ ਵੀ ਉਲਝਾ ਰਹੀ ਹੈ। ਜਲਵਾਯੂ ਬਦਲ ਰਿਹਾ ਹੈ, ਭੋਜਨ ਉਪਜਾਉਣ ਵਾਲੀ ਮਿੱਟੀ ਦੀਆਂ ਜਰਖੇਜ਼ ਪਰਤਾਂ ਰੁੜਦੀਆਂ ਜਾ ਰਹੀਆਂ ਹਨ। ਬੀਤੀ ਸਦੀ ਵਿਚ ਮਨੁੱਖ ਮੂਲ-ਸਾਧਨਾਂ ਕੋਲਾ, ਤੇਲ ਅਤੇ ਹੋਰ ਖਣਿਜਾਂ ਉਪਰ ਹੀ ਨਿਰਭਰ ਰਿਹਾ ਹੈ। ਇਨ੍ਹਾਂ ਵਸਤਾਂ ਦੀ ਸਿਰਜਣਾ ਵਿਚ ਕੁਦਰਤ ਨੂੰ ਕਰੋੜਾਂ ਸਾਲ ਲੱਗ ਗਏ ਸਨ ਪਰ ਮਨੁੱਖ ਉਨ੍ਹਾਂ ਨੂੰ ਕੁਝ ਕੁ ਪੀੜ੍ਹੀਆਂ ਵਿਚ ਹੀ ਮੁਕਾ ਚਲਿਆ ਹੈ।' ਧੜਵੈਲ ਮੁਲਕਾਂ ਨੇ 'ਵਿਕਾਸ' ਦੇ ਨਾਂਅ 'ਤੇ ਬੜਾ ਕੁਝ ਹੁੰਝਿਆ ਤੇ ਲੁੱਟਿਆ ਹੈ ਪ੍ਰੰਤੂ ਵਿਕਾਸਸ਼ੀਲ ਦੇਸ਼ਾਂ ਅੰਦਰ ਵੀ ਇਕ ਗ਼ਲਤ ਮਿੱਥ ਚਲ ਰਹੀ ਹੈ ਕਿ ਵਿਕਾਸ ਯੋਜਨਾਵਾਂ ਹੀ ਹਰੇਕ ਬਿਮਾਰੀ ਦਾ ਹੱਲ ਹਨ। ਇਨ੍ਹਾਂ ਵਿਕਾਸ ਯੋਜਨਾਵਾਂ ਦੀ ਘਾੜਤ ਸਮੇਂ ਵਾਤਾਵਰਨੀ ਪੱਖ ਤਾਂ ਹਮੇਸ਼ਾ ਹੀ ਨਜ਼ਰਅੰਦਾਜ਼ ਹੁੰਦੇ ਹਨ। ਇਸੇ ਲਈ ਵਿਕਾਸ ਯੋਜਨਾਵਾਂ ਔਸ਼ਧੀ ਦੀ ਥਾਂ 'ਤੇ ਸਰਾਪ ਬਣਦੀਆਂ ਜਾ ਰਹੀਆਂ ਹਨ। ਵਿਕਾਸ ਦੇ ਨਾਂਅ ਹੇਠਾਂ ਕੁਦਰਤੀ ਸਾਧਨਾਂ ਦੀ ਅੰਨ੍ਹੇਵਾਹ ਕੀਤੀ ਜਾ ਰਹੀ ਵਰਤੋਂ ਕੁਦਰਤ ਦਾ ਸ਼ੋਸ਼ਣ ਹੈ। 'ਵਿਕਾਸ ਕਿਸੇ ਵੀ ਕੀਮਤ 'ਤੇ ਗ਼ਲਤ ਧਾਰਨਾ ਹੈ। ਵਿਕਾਸਸ਼ੀਲ ਦੇਸ਼ਾਂ ਵਿਚ ਵੀ ਸਿਰਫ਼ ਚੌਥੇ ਹਿੱਸੇ ਤੋਂ ਵੀ ਘੱਟ ਲੋਕ ਹੀ ਇਨ੍ਹਾਂ ਵਿਕਾਸ ਯੋਜਨਾਵਾਂ ਦਾ ਲਾਭ ਉਠਾ ਸਕਦੇ ਹਨ। ਜਦ ਕਿ ਸੰਤਾਪ ਸਭ ਨੂੰ ਭੁਗਤਣਾ ਪੈਣਾ ਹੈ, ਫਿਰ ਇਹ ਵਿਕਾਸ ਕਿਸ ਦਾ ਹੋਇਆ?'

**ਕੁਦਰਤ ਨਾਲ ਰਿਸ਼ਤਾ**

ਸੱਭਿਅਤਾ ਦੇ ਜਿਸ ਵਰਤਮਾਨ ਪੜਾਅ ਵਿਚੋਂ ਮਨੁੱਖ ਜਾਤੀ ਦੀ ਪੀੜ੍ਹੀ ਲੰਘ ਰਹੀ ਹੈ ਉਸ ਵਿਚ ਕੁਦਰਤ ਨਾਲ ਮਨੁੱਖੀ ਰਿਸ਼ਤੇ ਦੇ ਮੁੜ ਮੁਲਾਂਕਣ ਦੀ ਲੋੜ ਦਿਨੋ-ਦਿਨ ਤੀਬਰ ਹੁੰਦੀ ਜਾ ਰਹੀ ਹੈ। ਸਾਡੀਆਂ ਸਮਾਜੀ ਅਤੇ ਆਰਥਿਕ ਚਿੰਤਾਵਾਂ ਵਿਚ ਜਿੰਨਾ ਵਾਧਾ ਹੋਇਆ ਹੈ ਉਸ ਦਾ ਮੂਲ ਆਧਾਰ ਕੁਦਰਤ ਦਾ ਉਜਾੜਾ ਹੈ। ਕੁਦਰਤ ਵਿਗਿਆਨੀ ਲਾਪਤੇਵ ਦਾ ਕਹਿਣਾ ਹੈ, 'ਮਨੁੱਖੀ ਸੰਸਾਰ ਆਪਣਾ ਇਤਿਹਾਸ ਸਿਰਫ਼ ਕਾਗਜ਼ਾਂ ਉਪਰ ਹੀ ਨਹੀਂ ਲਿਖਦਾ, ਸਭ ਤੋਂ ਵੱਧ ਉਹ ਆਪਣਾ ਇਤਿਹਾਸ ਕੁਦਰਤ ਦੇ ਚਿਹਰੇ ਉਪਰ ਉੱਕਰ ਦਿੰਦਾ ਹੈ। ਕਾਗਜ਼ ਉਪਰ ਲਿਖਿਆ ਇਤਿਹਾਸ ਤਾਂ ਮਿਟ ਸਕਦਾ ਹੈ, ਨਸ਼ਟ ਹੋ ਸਕਦਾ ਹੈ, ਪਰ ਕੁਦਰਤ ਦੇ ਚਿਹਰੇ ਉਪਰ ਲਿਖੀਆਂ ਗੱਲਾਂ ਸ਼ਿਲਾ-ਲੇਖਾਂ ਵਾਂਗ ਅਮਿਟ ਬਣ ਜਾਂਦੀਆਂ ਹਨ।' ਜੇ ਅਸੀਂ ਕੁਦਰਤ ਦੀ ਵੇਦਨਾ ਧਿਆਨ ਨਾਲ ਸੁਣ ਲਈਏ ਤਾਂ ਭਵਿੱਖ ਵਿਚ ਆਉਣ ਵਾਲੀ ਪਰਲੋ ਤੋਂ ਬਚਣ ਦਾ ਕੋਈ ਰਸਤਾ ਨਿਕਲ ਸਕਦਾ ਹੈ। ਸਮੁੱਚੇ ਸੰਸਾਰ ਨੂੰ ਜਾਗਣ ਦੀ ਲੋੜ ਹੈ। ਫਿਰ ਭਾਰਤੀ ਦਰਸ਼ਨ ਤਾਂ ਸਾਨੂੰ ਕੁਦਰਤ ਦੀ ਰਾਖੀ ਹੀ ਨਹੀਂ ਸਗੋਂ ਇਸ ਦਾ ਸਤਿਕਾਰ ਕਰਨ ਦੀ ਵੀ ਪ੍ਰੇਰਨਾ ਦਿੰਦਾ ਹੈ। ਸਾਡੇ ਮੇਲੇ ਜਲ ਕੁੰਡਾਂ-ਨਦੀਆਂ ਕੰਢੇ ਜੁੜਦੇ ਹਨ। ਅਸੀਂ ਕੰਜਕਾਂ ਨੂੰ ਪੂਜਦੇ ਹਾਂ। ਸਾਡਾ ਸੱਭਿਆਚਾਰ ਭੌਣਾਂ-ਜਨੌਰਾਂ ਨੂੰ ਚੋਗਾ ਪਾਉਂਦਾ ਹੈ, ਨਦੀਆਂ, ਖੂਹਾਂ ਤੇ ਟੋਭਿਆਂ ਉਤੇ ਦੀਵੇ ਜਗਾਉਂਦਾ ਹੈ, ਰੁੱਖਾਂ ਨੂੰ ਮੌਲੀਆਂ ਬੰਨ੍ਹਦਾ ਸੀ। ਅਸੀਂ ਹੀ ਇਸ ਦੇ ਅਸਲ ਭਾਵਾਂ ਨੂੰ ਭੁੱਲ-ਭੁਲਾਅ ਗਏ ਹਾਂ।

**ਵਿਜੈ ਬੰਬੇਲੀ**

# ਕਿਰਤ ਅਤੇ ਬੰਦਗੀ ਦੇ ਮਾਲਕ-ਸ਼੍ਰੋਮਣੀ ਭਗਤ ਧੰਨਾ ਜੱਟ

ਪ੍ਰੱਪਕ ਵਿਸ਼ਵਾਸ, ਦ੍ਰਿੜ ਇਰਾਦੇ, ਸਖ਼ਤ ਘਾਲਣਾ ਅਜਿਹੇ ਸ਼ਬਦ ਹਨ, ਜਿਹੜੇ ਮਨੁੱਖ ਦੀ ਹਰ ਮੰਜ਼ਿਲ ਨੂੰ ਸਰ ਕਰ ਦਿੰਦੇ ਹਨ। ਕਈ ਅਜਿਹੇ ਮਹਾਂਪੁਰਖ, ਬ੍ਰਹਮ ਗਿਆਨੀ, ਭਗਤ ਹੋਏ ਜਿਨ੍ਹਾਂ ਨੇ ਆਪਣੇ ਪ੍ਰੱਪਕ ਵਿਸ਼ਵਾਸ ਸਦਕਾ ਇਕ ਸਾਦੇ ਜੀਵਨ ਵਿਚੋਂ ਉਠ ਕੇ ਰੂਹਾਨੀ ਗਿਆਨ ਪ੍ਰਾਪਤ ਕੀਤਾ। ਅਜਿਹੇ ਮਹਾਂਪੁਰਖਾਂ ਵਿਚੋਂ ਭਗਤ ਧੰਨਾ ਜੱਟ ਹੋਏ ਜਿਨ੍ਹਾਂ ਨੇ ਆਪਣਾ ਜੀਵਨ ਕਿਸਾਨੀ ਤੋਂ ਸ਼ੁਰੂ ਕੀਤਾ ਅਤੇ ਭਗਤੀ ਲਹਿਰ ਦੀ ਮੰਜ਼ਿਲ ਪ੍ਰਾਪਤ ਕਰਕੇ ਨਾਮਣਾ ਖੱਟਿਆ। ਨਾਨਕਸ਼ਾਹੀ ਕੈਲੰਡਰ ਮੁਤਾਬਿਕ ਭਗਤ ਧੰਨਾ ਜੱਟ ਦਾ ਜਨਮ 21 ਅਪ੍ਰੈਲ 1473 ਬਿਕਰਮੀ, 1416 ਈਸਵੀ ਨੂੰ ਰਾਜਸਥਾਨ ਦੇ ਟਾਕ ਜ਼ਿਲ੍ਹੇ ਦੇ ਪਿੰਡ ਧੁਆਨ ਵਿਚ ਹੋਇਆ। ਇਹ ਪਿੰਡ ਦੇਵਲੀ ਤੋਂ ਲਗਭਗ 32 ਕਿਲੋਮੀਟਰ ਦੂਰ ਹੈ। ਦੇਵਲੀ ਬੂੰਦੀ ਤੋਂ ਅਜਮੇਰ ਦੇ ਰਾਹ ਵਿਚ ਹੈ। ਇਕ ਸਾਖੀ ਜੋ ਵਾਰਾਂ ਭਾਈ ਗੁਰਦਾਸ ਵਿਚ ਮਿਲਦੀ ਹੈ, ਜਿਸ ਵਿਚ ਭਾਈ ਗੁਰਦਾਸ ਲਿਖਦੇ ਹਨ, 'ਬਾਮ੍ਹਣ ਪੂਜੈ ਦੇਵਤੇ ਧੰਨਾ ਗਊ ਚਰਾਵਣਿ ਆਵੈ। ਧੰਨੈ ਡਿਠਾ ਚਲਿਤੁ ਏਹੁ ਪੁਛੈ ਬਾਮ੍ਹਣ ਆਖ ਸੁਣਾਵੈ। ਠਾਕੁਰ ਦੀ ਸੇਵਾ ਕਰੈ ਜੋ ਇਛੈ ਸੋਈ ਫਲੁ ਪਾਵੈ। ਧੰਨਾ ਕਰਦਾ ਜੋਦੜੀ ਮੈ ਭਿ ਦੇਹ ਇਕ ਜੇ ਤੁਧੁ ਭਾਵੈ। ਪਥਰੁ ਇਕੁ ਲਪੇਟਿ ਕਰਿ ਦੇ ਧੰਨੈ ਨੋ ਗੈਲ ਛੁਡਾਵੈ। ਠਾਕੁਰ ਕੋ ਨ੍ਹਾਵਾਲਿ ਕੈ ਛਾਹਿ ਰੋਟੀ ਲੈ ਭੋਗ ਚੜ੍ਹਾਵੈ। ਹਥਿ ਜੋੜਿ ਮਿਨਤਿ ਕਰੈ ਪੈਰੀ ਪੈ ਪੈ ਬਹੁਤ ਮਨਾਵੈ। ਹਉਂ ਭੀ ਮੁਹੁ ਨ ਜੁਠਾਲਸਾ ਤੂ ਰੁਠਾ ਮੈਂ ਕਿਹੁ ਨ ਸੁਖਾਵੈ। ਗੋਸਾਈਂ ਪਰਤਖਿ ਹੋਇ ਰੋਟੀ ਖਾਇ ਛਾਹਿ ਮੁਹਿ ਲਾਵੈ। ਭੋਲਾ ਭਾਉ ਗੋਬਿੰਦੁ ਮਿਲਾਵੈ॥'' ਜੋ ਪ੍ਰਿਅ ਦਾਸ ਅਤੇ ਚਤੁਰਦਾਸ, ਪ੍ਰੇਮ ਅੰਬੋਹ ਦੇ ਕਰਤਾ ਦਰਬਾਰੀ ਦਾਸ ਨੇ ਆਪਣੀਆਂ ਰਚਨਾਵਾਂ ਵਿਚ ਦਿੱਤੀ, ਇਸ ਸਮੇਂ ਉਹ ਪ੍ਰਸਿੱਧ ਹੈ। ਜਿਸ ਅਨੁਸਾਰ ਪੰਡਿਤਾਂ ਵੱਲੋਂ ਕੀਤੀ ਜਾਂਦੀ ਪੂਜਾ ਨੂੰ ਦੇਖ ਕੇ ਇਨ੍ਹਾਂ ਵਿਚ ਭਗਤੀ ਦੀ ਲਗਨ ਪੈਦਾ ਹੋਈ। ਪੰਡਿਤ ਜੋ ਹਰ ਰੋਜ਼ ਮੰਦਿਰ 'ਚ ਠਾਕੁਰਾਂ ਦੀ ਪੂਜਾ ਕਰਦੇ ਸਨ, ਉਹ ਪੰਡਿਤਾਂ ਪਾਸੋਂ ਠਾਕੁਰ ਦੀ ਮੰਗ ਕਰਨ ਲੱਗੇ। ਭਗਤ ਧੰਨੇ ਦੀ ਜ਼ਿੱਦ ਅੱਗੇ ਝੁਕਦਿਆਂ ਪੰਡਿਤਾਂ ਨੇ ਇਸ ਨੂੰ ਇਕ ਬੇਘੜਤ ਪੱਥਰ ਦੇ ਦਿੱਤਾ ਅਤੇ ਇਸ ਦੀ ਪੂਜਾ ਕਰਨ ਦਾ ਉਪਦੇਸ਼ ਦਿੱਤਾ। ਪੰਡਿਤਾਂ ਨੇ ਭਗਤ ਜੀ ਨੂੰ ਇਹ ਵੀ ਕਿਹਾ ਕਿ ਇਸ ਪੱਥਰ ਨੂੰ ਭੋਗ ਲਗਵਾਉਣ ਤੋਂ ਬਾਅਦ ਹੀ ਭੋਜਨ ਖਾਣਾ ਹੈ। ਜਦੋਂ ਉਹ ਪੱਥਰ ਨੂੰ ਭਗਵਾਨ ਮੰਨ ਕੇ ਭੋਜਨ ਦਾ ਭੋਗ ਲਵਾਉਣ ਲੱਗੇ ਤਾਂ ਪੱਥਰ ਨੇ ਭੋਗ ਨਾ ਲਾਇਆ। ਕਹਿੰਦੇ ਹਨ ਕਿ ਭਗਤ ਧੰਨੇ ਨੇ ਵੀ ਖਾਣਾ-ਪੀਣਾ ਛੱਡ ਦਿੱਤਾ ਅਤੇ ਭਗਵਾਨ ਨੂੰ ਕਿਹਾ ਜਦੋਂ ਤੱਕ ਭੋਗ ਨਹੀਂ ਲਗਾਉਂਦੇ, ਤਦ ਤੱਕ ਕੁਝ ਨਹੀਂ ਖਾਵੇਗਾ। ਦੱਸਦੇ ਹਨ ਕਿ ਅਖੀਰ ਪ੍ਰਮਾਤਮਾ ਨੂੰ ਭਗਤ ਧੰਨੇ ਦੀ ਸ਼ਰਧਾ ਅਤੇ ਲਗਨ ਅੱਗੇ ਝੁਕਣਾ ਪਿਆ। ਭਗਤੀ ਕਰਦਿਆਂ ਧੰਨੇ ਨੂੰ ਬ੍ਰਹਮ ਗਿਆਨ ਹੋ ਗਿਆ। ਕਹਿੰਦੇ ਹਨ ਕਿ ਭਗਤ ਧੰਨੇ ਨੇ ਪੰਡਿਤ ਨੂੰ ਕਿਹਾ ਕਿ ਮੈਨੂੰ ਅਨੁਭਵ ਹੋਇਆ ਹੈ ਕਿ ਭਗਵਾਨ ਇਕ ਮੂਰਤੀ ਨਹੀਂ ਹੈ, ਉਹ ਸਾਰੇ ਬ੍ਰਹਿਮੰਡ ਵਿਚ ਸਮਾਇਆ ਹੋਇਆ ਹੈ। ਭਗਤ ਜੀ ਮੂਰਤੀ ਪੂਜਾ ਦੇ ਵਿਰੁੱਧ ਹੋਏ ਅਤੇ ਉਹ ਸਰਬ ਵਿਆਪਕ ਨਿਰੰਕਾਰ ਦੇ ਪੂਜਕ ਹੋਏ। ਇਹ ਗੱਲ ਉਨ੍ਹਾਂ ਦੀ ਬਾਣੀ ਤੋਂ ਸਪੱਸ਼ਟ ਹੁੰਦੀ ਹੈ। ਉਨ੍ਹਾਂ ਸ੍ਰੀ ਰਾਮਾਨੰਦ, ਕਬੀਰ, ਨਾਮਦੇਵ ਜੀ ਤੋਂ ਵੀ ਬ੍ਰਹਮ ਗਿਆਨ ਪ੍ਰਾਪਤ ਕੀਤਾ। ਉਨ੍ਹਾਂ ਨੇ 42 ਸ਼ਬਦ ਲਿਖੇ ਜਿਨ੍ਹਾਂ ਵਿਚੋਂ ਤਿੰਨ ਸ਼ਬਦ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਜ ਹਨ। ਭਗਤ ਜੀ ਨੇ ਵਿਲੱਖਣ ਤੌਰ 'ਤੇ ਆਰਤੀ ਦੀ ਥਾਂ ਆਰਤਾ ਉਚਾਰਨ ਕੀਤਾ। ਗੋਪਾਲ ਤੇਰਾ ਆਰਤਾ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ॥ ਉਨ੍ਹਾਂ ਦੇ ਦ੍ਰਿੜ ਇਰਾਦੇ ਨੇ ਸਿੱਧ ਕਰ ਦਿੱਤਾ ਕਿ ਮਨੁੱਖ ਭਗਤੀ ਭਾਵਨਾ ਨਾਲ ਹਰ ਮੰਜ਼ਿਲ ਪ੍ਰਾਪਤ ਕਰ ਸਕਦਾ ਹੈ। ਪਾਖੰਡ, ਵਹਿਮਾਂ-ਭਰਮਾਂ ਨਾਲ ਕੁਝ ਵੀ ਪ੍ਰਾਪਤ ਨਹੀਂ ਹੋ ਸਕਦਾ। ਪ੍ਰਮਾਤਮਾ ਦੇ ਮੇਲ ਲਈ ਆਤਮਿਕ ਗਿਆਨ ਦੀ ਲੋੜ ਹੈ ਨਾ ਕਿ ਮੂਰਤੀ ਪੂਜਾ ਦੀ। ਇਨ੍ਹਾਂ ਨੇ ਕਿਰਤ ਕਰਦਿਆਂ ਹੀ ਮੰਜ਼ਿਲ ਪ੍ਰਾਪਤ ਕੀਤੀ। **ਜਸਬੀਰ ਸਿੰਘ ਨੂਰਪੁਰ**



ਭਗਤ ਧੰਨਾ ਸਾਧੂਆਂ ਨੂੰ ਲੰਗਰ ਛਕਾਉਂਦੇ ਹੋਏ।

# ਬੱਚੇ ਸੰਭਾਲ ਲਵੋ ਸਿੱਖੀ ਸੰਭਾਲੀ ਜਾਵੇਗੀ-ਭਾਈ ਗੁਰਇਕਬਾਲ ਸਿੰਘ

ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 300 ਸਾਲਾ ਗੁਰਗੱਦੀ ਦਿਵਸ ਦੇ ਅਵਸਰ 'ਤੇ ਮਾਤਾ ਕੌਲਾਂ ਜੀ ਟਕਸਾਲ ਅੰਮ੍ਰਿਤਸਰ ਵੱਲੋਂ ਸਿੱਖ ਪਨੀਰੀ ਨੂੰ ਗੁਰੂ ਤੇ ਗੁਰਬਾਣੀ ਨਾਲ ਜੋੜਨ ਹਿਤ ਕੁਝ ਮਹੀਨੇ ਪਹਿਲਾਂ ਸਿੱਖ ਪੰਥ ਦੇ ਮਹਾਨ ਤੇ ਨਿਸ਼ਕਾਮ ਕੀਰਤਨੀਏ ਭਾਈ ਗੁਰਇਕਬਾਲ ਸਿੰਘ ਦੀ ਅਗਵਾਈ ਵਿਚ ਹਿੰਦੁਤਸਾਨ ਭਰ ਵਿਚ ਇਕ ਨਿਵੇਕਲਾ ਤੇ ਸਰਾਹੁਣਯੋਗ ਉਪਰਾਲਾ '300 ਸਾਲ ਗੁਰਬਾਣੀ ਕੰਠ ਦੇ ਨਾਲ' ਕੀਤਾ ਗਿਆ ਸੀ। ਇਸ ਉਪਰਾਲੇ ਵਿਚ ਦੇਸ਼ ਭਰ ਵਿਚੋਂ ਸਵਾ ਲੱਖ ਦੇ ਕਰੀਬ ਬੱਚਿਆਂ ਨੇ ਉਤਸ਼ਾਹ ਸਹਿਤ ਹਿੱਸਾ ਲਿਆ ਸੀ। ਸ਼ੁੱਧ ਤੇ ਜ਼ਬਾਨੀ ਪਾਠ ਸਰਵਣ ਕਰਾਉਣ ਵਾਲੇ ਬੱਚਿਆਂ ਨੂੰ ਮਾਤਾ ਕੌਲਾਂ ਜੀ ਟਕਸਾਲ ਤੇ ਸਹਿਯੋਗੀਆਂ ਵੱਲੋਂ 50 ਲੱਖ ਰੁਪਏ ਦੇ ਇਨਾਮ ਵੀ ਵੰਡੇ ਗਏ ਸਨ। '300 ਸਾਲ ਗੁਰਬਾਣੀ ਕੰਠ ਦੇ ਨਾਲ' ਉਪਰਾਲੇ ਵਿਚ ਦੇਸ਼ ਭਰ ਵਿਚੋਂ ਮਿਲੇ ਭਰਵੇਂ ਉਤਸ਼ਾਹ ਨੂੰ ਦੇਖਦੇ ਹੋਏ ਹੀ ਮਾਤਾ ਕੌਲਾਂ ਜੀ ਟਕਸਾਲ ਵੱਲੋਂ ਹੁਣ 20 ਤੋਂ 26 ਅਪ੍ਰੈਲ ਤੱਕ ਇਹ ਉਪਰਾਲਾ '300 ਸਾਲ ਗੁਰਬਾਣੀ ਕੰਠ ਦੇ ਨਾਲ-ਭਾਗ ਦੂਜਾ' ਦੇ ਸਿਰਲੇਖ ਹੇਠ ਮੁੜ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਭਾਈ ਗੁਰਇਕਬਾਲ ਸਿੰਘ ਨਾਲ ਇਸ 'ਅਜੀਤ ਪ੍ਰਤੀਨਿਧ' ਵੱਲੋਂ ਕੀਤੀ ਗਈ ਵਿਸ਼ੇਸ਼ ਮੁਲਾਕਾਤ ਦੇ ਕੁਝ ਅੰਸ਼ :

- ਭਾਈ ਸਾਹਿਬ '300 ਸਾਲ ਗੁਰਬਾਣੀ ਕੰਠ ਦੇ ਨਾਲ' ਉਪਰਾਲੇ ਬਾਰੇ ਦੱਸੋ।

-ਸਾਡੇ ਬੱਚੇ ਸਾਡੀ ਕੌਮ ਤੇ ਦੇਸ਼ ਦੇ ਭਵਿੱਖ ਦੇ ਵਾਰਸ ਹਨ ਪਰ ਅਫਸੋਸ ਦੀ ਗੱਲ ਹੈ ਕਿ ਅਸੀਂ ਅਜੋਕੀ ਬੇਲੋੜੀ ਦੌੜ-ਭੱਜ ਤੇ ਦਿਨ-ਰਾਤ ਸਿਰਫ ਪੈਸੇ ਕਮਾਉਣ ਦੀ ਪ੍ਰਵਿਰਤੀ ਕਾਰਨ ਆਪਣੇ ਬੱਚਿਆਂ ਵੱਲ ਬਣਦੀ ਤਵੱਜੋਂ ਨਹੀਂ ਦੇ ਪਾ ਰਹੇ, ਜਿਸ ਕਾਰਨ ਸਾਡੀ ਨਵੀਂ ਸਿੱਖ ਪੀੜ੍ਹੀ ਪੱਛਮੀ ਰੰਗ-ਢੰਗ ਨੂੰ ਅਪਣਾਉਂਦਿਆਂ ਪਤਿਤਪੁਣੇ ਤੇ ਨਸ਼ਿਆਂ ਦਾ ਸ਼ਿਕਾਰ ਹੋਣ ਦੇ ਨਾਲ-ਨਾਲ ਧਰਮ ਤੋਂ ਬੇਮੁੱਖ ਹੁੰਦੀ ਜਾ ਰਹੀ ਹੈ। ਇਸ ਸਿੱਖ ਨੌਜਵਾਨ ਪੀੜ੍ਹੀ ਨੂੰ ਗੁਰੂ ਤੇ ਗੁਰਬਾਣੀ ਨਾਲ ਜੋੜਨ ਤੇ ਉਨ੍ਹਾਂ ਨੂੰ ਰੋਜ਼ਾਨਾ ਪਾਠ ਕਰਨ ਦੀ ਪ੍ਰੇਰਨਾ ਦੇਣ ਲਈ ਮਾਤਾ ਕੌਲਾਂ ਜੀ ਟਕਸਾਲ ਵੱਲੋਂ ਇਹ ਨਿਮਾਣਾ ਜਿਹਾ ਨਿਸ਼ਕਾਮ ਉਪਰਾਲਾ ਦਸੰਬਰ 2008 ਵਿਚ ਆਰੰਭ ਕੀਤਾ ਗਿਆ ਸੀ।

- ਇਸ ਗੁਰਬਾਣੀ ਕੰਠ ਉਪਰਾਲੇ ਵਿਚ ਕਿੰਨੇ ਸਾਲ ਦੀ ਉਮਰ ਦੇ ਬੱਚੇ ਜਾਂ ਨੌਜਵਾਨ ਭਾਗ ਲੈ ਸਕਦੇ ਹਨ ਤੇ ਉਨ੍ਹਾਂ ਨੂੰ ਕਿਹੜਾ ਪਾਠ ਜ਼ਬਾਨੀ ਸੁਣਾਉਣਾ ਹੋਵੇਗਾ।

-ਇਸ ਗੁਰਬਾਣੀ ਕੰਠ ਉਪਰਾਲੇ ਵਿਚ 9 ਸਾਲ ਦੇ ਬੱਚੇ ਤੋਂ ਲੈ ਕੇ 18 ਸਾਲ ਤੱਕ ਦੇ ਨੌਜਵਾਨ ਭਾਗ ਲੈ ਸਕਦੇ ਹਨ। 9 ਸਾਲ ਤੱਕ ਦੇ ਛੋਟੇ ਬੱਚੇ ਸ੍ਰੀ ਜਪੁਜੀ ਸਾਹਿਬ ਦੀਆਂ ਪਹਿਲੀਆਂ 20 ਪਉੜੀਆਂ ਸੁਣਾ ਕੇ ਨੀਲੇ ਰੰਗ ਦਾ ਇਨਾਮੀ ਕੂਪਨ ਪ੍ਰਾਪਤ ਕਰਨਗੇ। 9 ਤੋਂ 13 ਸਾਲ ਦੇ ਬੱਚੇ ਸ੍ਰੀ ਜਪੁਜੀ ਸਾਹਿਬ ਅਤੇ ਸ੍ਰੀ ਚੌਪਈ ਸਾਹਿਬ ਦਾ ਪਾਠ ਸੁਣਾ ਕੇ ਹਰੇ ਰੰਗ ਦਾ ਇਨਾਮੀ ਕੂਪਨ ਅਤੇ 13 ਤੋਂ 18 ਸਾਲ ਦੇ ਬੱਚੇ ਸ੍ਰੀ ਜਪੁਜੀ ਸਾਹਿਬ, ਸ੍ਰੀ ਰਹਰਾਸਿ ਸਾਹਿਬ, ਸ੍ਰੀ ਸੋਹਿਲਾ ਸਾਹਿਬ ਅਤੇ ਅਰਦਾਸ ਜ਼ਬਾਨੀ ਸੁਣਾ ਕੇ ਲਾਲ ਰੰਗ ਦਾ ਇਨਾਮੀ ਕੂਪਨ ਪ੍ਰਾਪਤ ਕਰਨਗੇ।

- ਕੀ ਇਸ ਗੁਰਬਾਣੀ ਕੰਠ ਉਪਰਾਲੇ ਵਿਚ ਕੇਵਲ ਸਿੱਖ ਬੱਚੇ ਹੀ ਭਾਗ ਲੈ ਸਕਦੇ ਹਨ?

-ਨਹੀਂ, ਇਹੋ ਜਿਹੀ ਕੋਈ ਗੱਲ ਨਹੀਂ। ਇਸ ਉਪਰਾਲੇ ਵਿਚ ਹਰ ਧਰਮ ਦਾ ਬੱਚਾ ਭਾਗ ਲੈ ਸਕਦਾ ਹੈ।

- ਇਸ ਉਪਰਾਲੇ ਵਿਚ ਭਾਗ ਲੈਣ ਵਾਲੇ ਬੱਚੇ ਪਾਠ ਕਿਥੇ-ਕਿਥੇ ਸੁਣਾ ਸਕਣਗੇ।?

-ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੇ ਸਕੂਲ ਪ੍ਰਬੰਧਕਾਂ ਦੀ ਸਹੂਲਤ ਲਈ ਇਸ ਵਾਰ 20 ਤੋਂ 24 ਅਪ੍ਰੈਲ ਦੌਰਾਨ ਮਾਤਾ ਕੌਲਾਂ ਜੀ ਟਕਸਾਲ ਦੀਆਂ ਵਿਸ਼ੇਸ਼ ਟੀਮਾਂ ਸਕੂਲਾਂ ਵਿਚ ਜਾ ਕੇ ਬੱਚਿਆਂ ਤੋਂ ਪਾਠ ਸਰਵਣ ਕਰਨਗੀਆਂ ਤੇ 25 ਅਤੇ 26 ਅਪ੍ਰੈਲ ਨੂੰ ਬੱਚੇ ਤੇ ਨੌਜਵਾਨ ਹਿੰਦੁਸਤਾਨ ਭਰ ਵਿਚ ਵਿਸ਼ੇਸ਼ ਤੌਰ 'ਤੇ ਬਣਾਏ ਗਏ 250 ਜ਼ੋਨਾਂ 'ਤੇ ਪਾਠ ਸੁਣਾ ਸਕਣਗੇ। ਇਹ ਡਰਾਅ 3 ਮਈ ਨੂੰ ਮਾਤਾ ਕੌਲਾਂ ਜੀ ਭਲਾਈ ਕੇਂਦਰ ਤਰਨ ਤਾਰਨ ਰੋਡ ਅੰਮ੍ਰਿਤਸਰ ਵਿਖੇ ਇਕ ਵੱਡੇ ਸਮਾਗਮ ਦੌਰਾਨ ਕੱਢੇ ਜਾਣਗੇ ਤੇ ਇਸ ਸਮਾਗਮ ਦਾ ਟੀ. ਵੀ. ਚੈਨਲਾਂ ਤੋ ਸਿੱਧਾ ਪ੍ਰਸਾਰਨ ਕੀਤਾ ਜਾਵੇਗਾ।

- ਕਿੰਨੇ ਤੇ ਕੀ-ਕੀ ਇਨਾਮ ਦਿੱਤੇ ਜਾ ਰਹੇ ਹਨ?

-ਇਸ ਵਾਰ 1 ਕਰੋੜ 13 ਲੱਖ ਰੁਪਏ ਦੇ 39 ਵੱਡੇ ਇਨਾਮ, ਜਿਨ੍ਹਾਂ ਵਿਚ 3 ਆਲਟੋ ਕਾਰਾਂ, 6 ਐਕਟਿਵਾ ਸਕੂਟਰ, 15 ਕੰਪਿਊਟਰ, 6 ਲੈਪਟਾਪ, 9 ਬੱਚਿਆਂ ਦੀ 5 ਸਾਲ ਤੱਕ ਦੀ ਮੁਫਤ ਪੜ੍ਹਾਈ, ਇਕ ਹਜ਼ਾਰ ਮੋਬਾਈਲ ਫੋਨ, 5 ਹਜ਼ਾਰ ਘੜੀਆਂ ਆਦਿ ਤੋਂ ਇਲਾਵਾ ਇਕ ਛੋਟਾ ਇਨਾਮ ਕੂਪਨ ਪ੍ਰਾਪਤ ਕਰਨ ਵਾਲੇ ਹਰ ਬੱਚੇ ਨੂੰ ਜ਼ਰੂਰ ਦਿੱਤਾ ਜਾਵੇਗਾ।

- ਇਸ ਵਾਰ ਕਿੰਨੇ ਕੁ ਬੱਚਿਆਂ ਦੇ ਭਾਗ ਲੈਣ ਦੀ ਉਮੀਦ ਹੈ?

-ਪਿਛਲੀ ਵਾਰ 1 ਲੱਖ 27 ਹਜ਼ਾਰ 900 ਬੱਚਿਆਂ ਨੇ ਭਾਗ ਲਿਆ ਸੀ ਪਰ ਇਸ ਵਾਰ ਮਾਤਾ ਕੌਲਾਂ ਜੀ ਟਕਸਾਲ ਦੇ ਮੁੱਖ ਦਫਤਰ ਵਿਚ ਪੁੱਜ ਰਹੀਆਂ ਰਿਪੋਰਟਾਂ ਅਨੁਸਾਰ 8 ਲੱਖ ਬੱਚਿਆਂ ਦੇ ਭਾਗ ਲੈਣ ਦੀ ਉਮੀਦ ਹੈ। ਇਕ ਗੱਲ ਹੋਰ ਕਿ ਜਿਹੜੇ ਬੱਚਿਆਂ ਨੂੰ ਨਿਰਧਾਰਤ ਬਾਣੀਆਂ ਤੋਂ ਵਧੇਰੇ ਬਾਣੀਆਂ ਕੰਠ ਹੋਣਗੀਆਂ, ਉਨ੍ਹਾਂ ਨੂੰ 'ਛੋਟੀ ਉਮਰੇ ਵੱਡੇ ਕਾਜ' ਸੋਨੇ ਦੇ ਮੈਡਲਾਂ ਨਾਲ ਵੀ ਸਨਮਾਨਿਤ ਕੀਤਾ ਜਾਵੇਗਾ।

- ਬੱਚਿਆਂ ਦੇ ਮਾਪਿਆਂ ਲਈ ਕੋਈ ਸੁਨੇਹਾ ਕੋਈ ਪ੍ਰੇਰਨਾ?

-ਬੱਚੇ ਸੰਭਾਲ ਲਵੋ, ਸਿੱਖੀ ਸੰਭਾਲੀ ਜਾਵੇਗੀ।

**-ਜਸਵੰਤ ਸਿੰਘ ਜੱਸ**



# ਪਰਾਲੀ ਦੀ ਸਾਂਭ ਸੰਭਾਲ ਸਬੰਧੀ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਕਿਸਾਨ ਮੇਲੇ ਦਾ ਆਯੋਜਨ

## ਕਿਸਾਨ ਮੇਲੇ ਵਿੱਚ ਵੱਖ-ਵੱਖ ਖੇਤੀ ਮਾਹਰਾਂ ਨੇ ਪਰਾਲੀ ਦੀ ਸੁਚੱਜੀ ਸੰਭਾਲ ਲਈ ਵਿਸਥਾਰ ਸਹਿਤ ਦਿੱਤੀ ਜਾਣਕਾਰੀ

**ਫਤਹਿਗੜ੍ਹ ਸਾਹਿਬ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਪਰਾਲੀ ਦੀ ਸੁਚੱਜੀ ਸੰਭਾਲ ਲਈ ਕਿਸਾਨ ਮੇਲੇ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚੋਂ ਵੱਡੀ ਗਿਣਤੀ ਕਿਸਾਨਾਂ ਨੇ ਭਾਗ ਲਿਆ। ਇਸ ਕਿਸਾਨ ਮੇਲੇ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਪਸਾਰ ਸਿੱਖਿਆ ਵਿਭਾਗ ਦੇ ਡਾਇਰੈਕਟਰ ਡਾ: ਮੱਖਣ ਸਿੰਘ ਭੁੱਲਰ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਜਦੋਂ ਕਿ ਮੁੱਖ ਖੇਤੀਬਾੜੀ ਅਫਸਰ ਡਾ: ਧਰਮਿੰਦਰਜੀਤ ਸਿੰਘ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਇਸ ਕਿਸਾਨ ਮੇਲੇ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਖੇਤੀ ਮਾਹਰਾਂ ਨੇ ਤਕਨੀਕੀ ਸੈਸ਼ਨ ਵਿੱਚ ਖੇਤੀ ਨਾਲ ਜੁੜੇ ਵੱਖ-ਵੱਖ ਵਿਸ਼ਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ ਨੇ ਕਿਸਾਨਾ ਨੂੰ ਕੁਦਰਤੀ ਸਾਧਨਾਂ ਦੀ ਸੁਚੱਜੀ ਵਰਤੋਂ ਲਈ ਅਪੀਲ ਕੀਤੀ ਅਤੇ ਨਾਲ ਹੀ ਆਪਣੇ ਉਤਪਾਦਾਂ ਦੀ ਬਰੈਡਿੰਗ ਅਤੇ ਪੈਕਿੰਗ ਤੇ ਜ਼ੋਰ ਦਿੱਤਾ ਤਾਂ ਜ਼ੋ ਉਤਪਾਦ ਦਾ ਸਹੀ ਮੁੱਲ ਮਿਲ ਸਕੇ।

ਇਸ ਮੌਕੇ ਸਹਾਇਕ ਪ੍ਰੋਫੈਸਰ ਬਾਗਬਾਨੀ ਡਾ: ਅਰਵਿੰਦਪ੍ਰੀਤ ਕੌਰ ਨੇ ਪਰਾਲੀ ਦੀ ਸਬਜ਼ੀਆਂ ਦੀ ਕਾਸ਼ਤ ਅਤੇ ਪੌਸ਼ਟਿਕ ਘਰੇਲੂ ਬਗੀਚੀ ਬਾਰੇ ਜਾਣਕਾਰੀ ਦਿੱਤੀ ਜਦੋਂ ਕਿ ਸਹਾਇਕ ਪ੍ਰੋਫੈਸਰ ਪੌਦ ਸੁਰੱਖਿਆ ਡਾ: ਗੀਤ ਵਰਮਾ ਨੇ ਕਣਕ ਵਿੱਚ ਗੁਲਾਬੀ ਸੁੰਡੀ ਅਤੇ ਸੈਨਿਕ ਸੁੰਡੀ ਦੀ ਰੋਕਥਾਮ ਦੇ ਸਹੀ ਸਮੇਂ ਤੇ ਤਰੀਕਿਆਂ ਬਾਰੇ ਦੱਸਿਆ। ਡਾ: ਜੀ.ਪੀ.ਐਸ.ਸੇਠੀ ਸਹਾਇਕ ਪ੍ਰੋਫੈਸਰ ਪਸ਼ੂ ਪਾਲਣ ਨੇ ਪਸ਼ੂਆਂ ਲਈ ਪਰਾਲੀ ਤੋਂ ਤਿਆਰ ਕੀਤੀ ਖੁਰਾਕ ਬਾਰੇ ਅਤੇ ਪਸ਼ੂਆਂ ਦੀ ਸਾਂਭ ਸੰਭਾਲ ਬਾਰੇ ਵਿਸਥਾਰ ਸਹਿਤ ਦੱਸਿਆ। ਇੰਜ.ਕਰੁਨ ਸ਼ਰਮਾ ਨੇ ਪਰਾਲੀ ਦੀ ਸਾਂਭ ਸੰਭਾਲ ਲਈ ਵਰਤੀ ਜਾਣ ਵਾਲੀ ਮਸ਼ੀਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਡਾ. ਅਜੇ ਕੁਮਾਰ ਅਤੇ ਡਾ. ਹਰਸ਼ਨੀਤ ਸਿੰਘ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਖਾਦਾਂ ਦੇ ਸੁਚੱਜੇ ਪ੍ਰਬੰਧ ਅਤੇ ਮਿੱਟੀ ਦੀ ਜਾਂਚ ਬਾਰੇ ਚਾਨਣਾ ਪਾਇਆ।

ਡਾ. ਜਗਦੀਪ ਕੌਰ, ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਕਣਕ ਦੇ ਵਿਚ ਬੀਮਾਰੀਆਂ ਦਾ ਸਰਵਪੱਖੀ ਪ੍ਰਬੰਧਨ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ। ਡਾ. ਅਮਨਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਹਾੜ੍ਹੀ ਦੀਆਂ ਫਸਲਾਂ ਦੀ ਸੁੱਚਜੀ ਕਾਸ਼ਤ ਲਈ ਜ਼ਰੂਰੀ ਨੁਕੱਤੇ ਬਾਰੇ ਸਾਂਝੇ ਕੀਤੇ। ਡਾ. ਮਨੀਸ਼ਾ ਭਾਟਿਆ, ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਪਰਾਲੀ ਦੀ ਵਰਤੋਂ ਨਾਲ ਘਰੇਲੂ ਸਜਾਵਟੀ ਸਮਾਨ ਤਿਆਰ ਕਰਨ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਤੇ ਸ਼੍ਰੀ ਮੁਕੇਸ਼ ਸੈਣੀ, ਸਟੇਟ ਬੈਂਕ ਆਫ ਇੰਡੀਆ (ਲੀਡ ਬੈਂਕ) ਨੇ ਕਿਸਾਨਾਂ ਲਈ ਬੈਂਕ ਦੀਆਂ ਉਪਲਬਧ ਸਕੀਮਾਂ ਬਾਰੇ ਦੱਸਿਆ। ਡਾ. ਸਤਵਿੰਦਰ ਕੌਰ, ਮੱਛੀ ਪਾਲਣ ਅਫਸਰ ਨੇ ਮੱਛੀ ਪਾਲਣ ਨੂੰ ਕਿੱਤੇ ਦੇ ਰੂਪ ਵਿਚ ਅਪਨਾਉਣ ਲਈ ਪ੍ਰੇਰਿਆ ਅਤੇ ਵਿਭਾਗ ਦੀਆਂ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ।

ਇਸ ਮੌਕੇ ਤੇ ਕ੍ਰਿਸ਼ੀ ਵਿਗਿਆਨ ਕੇਂਦਰ, ਫਤਿਹਗੜ੍ਹ ਸਾਹਿਬ, ਇਫਕੋ, ਪੀ. ਐਨ. ਬੀ., ਮੱਛੀ ਪਾਲਣ, ਭੂਮੀ ਸੁਰੱਖਿਆ ਵਿਭਾਗ, ਖੇਤੀਬਾੜੀ ਵਿਭਾਗ ਨੇ ਆਪਣੇ ਵਿਭਾਗਾਂ ਦੀਆ ਸਕੀਮਾਂ ਬਾਰੇ ਪ੍ਰਦਰਸ਼ਨੀ ਲਗਾਈ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਸਿਖਲਾਈ ਪ੍ਰਾਪਤ ਉੱਦਮੀ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਆਪਣੇ ਤਿਆਰ ਕੀਤੇ ਉਤਪਾਦਾਂ ਦੀ ਪ੍ਰਦਰਸ਼ਨੀ ਲਗਾਈ। ਇਸ ਸਮਾਗਮ ਵਿੱਚ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਕਰਨ ਵਾਲੇ ਫ਼ਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਕਿਸਾਨ ਮੇਲੇ ਦੇ ਅੰਤ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਡਾਇਰੈਕਟਰ ਡਾ. ਵਿਪਨ ਕੁਮਾਰ ਰਾਮਪਾਲ, ਨੇ ਸਾਰੇ ਮਹਿਮਾਨਾਂ, ਕਿਸਾਨਾਂ ਤੇ ਕਿਸਾਨ ਬੀਬੀਆਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਕਿਸਾਨ ਵੀਰਾਂ ਨੂੰ ਪਾਣੀ ਦੀ ਸੁਚੱਜੀ ਵਰਤੋ ਅਤੇ ਫਸਲਾਂ ਦੀ ਰਹਿੰਦ-ਖੂਹੰਦ ਦੀ ਸੁਚੱਜੀ ਸਾਂਭ-ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।

# ਸਾਬਕਾ ਰਾਸ਼ਟਰਪਤੀ ਪ੍ਰਣਬ ਮੁਖਰਜੀ ਦੀ ਯਾਦਗਾਰ ਬਣਾਏਗੀ ਮੋਦੀ ਸਰਕਾਰ

**ਨਵੀਂ ਦਿੱਲੀ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਨੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਮਰਹੂਮ ਪ੍ਰਣਬ ਮੁਖਰਜੀ ਦੀ ਯਾਦਗਾਰ ਬਣਾਉਣ ਦਾ ਫੈਸਲਾ ਕੀਤਾ ਹੈ। ਕੇਂਦਰ ਸਰਕਾਰ ਨੇ ਸਾਬਕਾ ਰਾਸ਼ਟਰਪਤੀ ਦੀ ਯਾਦਗਾਰ ਬਣਾਉਣ ਲਈ 'ਰਾਸ਼ਟਰੀ ਸਮ੍ਰਿਤੀ' ਕੰਪਲੈਕਸ (ਰਾਜਘਾਟ ਕੰਪਲੈਕਸ ਦਾ ਇੱਕ ਹਿੱਸਾ) ਦੇ ਅੰਦਰ ਇੱਕ ਜਗ੍ਹਾ ਦੀ ਪਛਾਣ ਕਰਨ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਤੁਹਾਨੂੰ ਦੱਸ ਦੇਈਏ ਕਿ ਇਹ ਜਾਣਕਾਰੀ ਲੇਖਕ ਅਤੇ ਸਾਬਕਾ ਰਾਸ਼ਟਰਪਤੀ ਪ੍ਰਣਬ ਮੁਖਰਜੀ ਦੀ ਬੇਟੀ ਸ਼ਰਮਿਸ਼ਠਾ ਮੁਖਰਜੀ ਨੇ ਸੋਸ਼ਲ ਮੀਡੀਆ ਐਕਸ 'ਤੇ ਪੋਸਟ ਕੀਤੀ ਹੈ। ਉਨ੍ਹਾਂ ਨੇ ਲਿਖਿਆ, 'ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਿਆ ਅਤੇ ਬਾਬਾ ਦੀ ਯਾਦਗਾਰ ਬਣਾਉਣ ਦੇ ਉਨ੍ਹਾਂ ਦੀ ਸਰਕਾਰ ਦੇ ਫੈਸਲੇ ਲਈ ਮੇਰੀ ਦਿਲੋਂ ਪ੍ਰਸ਼ੰਸਾ ਅਤੇ ਧੰਨਵਾਦ ਪ੍ਰਗਟ ਕੀਤਾ। ਇਹ ਸਭ ਕੁਝ ਵਧੇਰੇ ਪ੍ਰਸ਼ੰਸਾਯੋਗ ਹੈ ਕਿਉਂਕਿ ਅਸੀਂ ਇਸ ਦੀ ਮੰਗ ਨਹੀਂ ਕੀਤੀ।

ਦੱਸ ਦੇਈਏ ਕਿ ਭਾਰਤ ਦੇ ਸਾਬਕਾ ਰਾਸ਼ਟਰਪਤੀ ਮਰਹੂਮ ਪ੍ਰਣਬ ਮੁਖਰਜੀ ਦਾ ਜਨਮ 11 ਦਸੰਬਰ 1935 ਨੂੰ ਪੱਛਮੀ ਬੰਗਾਲ ਦੇ ਬੀਰਭੂਮ ਜ਼ਿਲ੍ਹੇ ਵਿੱਚ ਹੋਇਆ ਸੀ। ਉਹ 2012 ਤੋਂ 2017 ਤੱਕ ਭਾਰਤ ਦੇ 13ਵੇਂ ਰਾਸ਼ਟਰਪਤੀ ਸਨ। ਪ੍ਰਣਬ ਮੁਖਰਜੀ ਪੱਛਮੀ ਬੰਗਾਲ ਤੋਂ ਰਾਸ਼ਟਰਪਤੀ ਦੇ ਅਹੁਦੇ 'ਤੇ ਪਹੁੰਚਣ ਵਾਲੇ ਪਹਿਲੇ ਵਿਅਕਤੀ ਸਨ। ਉਹ 31 ਅਗਸਤ, 2020 ਨੂੰ 84 ਸਾਲ ਦੀ ਉਮਰ ਵਿੱਚ ਅਕਾਲ ਚਲਾਣਾ ਕਰ ਗਏ ਸਨ।

# ਕੈਂਪ ਦੌਰਾਨ 350 ਮਰੀਜ਼ਾਂ ਦਾ ਕੀਤਾ ਗਿਆ ਫ਼੍ਰੀ ਚੈਕਅੱਪ : ਕੈਪਟਨ ਹਰਾ



**ਸਾਹਨੇਵਾਲ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੌਂਸਲ ਸਾਹਨੇਵਾਲ ਦੇ ਸਾਬਕਾ ਪ੍ਰਧਾਨ ਕੈਪਟਨ ਸੁਖਜੀਤ ਸਿੰਘ ਹਰਾ ਅਤੇ ਡਾ. ਮਨਕਰਨ ਸਿੰਘ ਹਰਾ ਪ੍ਰੋਜੈਕਟ ਡਾਇਰੈਕਟਰ ਸਮੇਤ ਸਮੂਹ ਪਰਿਵਾਰ ਵੱਲੋਂ ਵਿਸ਼ਾਲ ਮੈਡੀਕਲ ਫ਼੍ਰੀ ਚੈਕਅੱਪ ਕੈਂਪ ਲਗਾਇਆ ਗਿਆ ਅਤੇ ਕੈਂਪ ਦੌਰਾਨ ਮਰੀਜ਼ਾਂ ਨੂੰ ਦਵਾਈਆਂ ਅਤੇ ਟੈਸਟ ਫ਼੍ਰੀ ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੈਪਟਨ ਸੁਖਜੀਤ ਸਿੰਘ ਹਰਾ ਨੇ ਦੱਸਿਆ ਕਿ ਇਹ ਵਿਸ਼ਾਲ ਕੈਂਪ ਧੰਨ - ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਲੁਧਿਆਣਾ ਸਿਟੀਜ਼ਨ ਕੌਂਸਲ ਅਤੇ ਲਾਇਨਜ ਕਲੱਬ ਲੁਧਿਆਣਾ ਵੇਜੀਟੇਰੀਅਨ ਵੱਲੋਂ ਸੀ.ਐੱਮ.ਸੀ. ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰਾਂ ਦੇ ਸਹਿਯੋਗ ਨਾਲ ਲਗਾਇਆ ਗਿਆ ਅਤੇ ਕੈਂਪ ਦੌਰਾਨ ਮੈਡੀਸਨ ,ਹੱਡੀਆਂ ਦੇ ਰੋਗ , ਬੱਚਿਆਂ ਦੀਆਂ ਬਿਮਾਰੀਆਂ, ਚਮੜੀ ਦੇ ਰੋਗਾਂ,ਨੱਕ-ਕੰਨ ਗਲੇ ਦੀਆਂ ਬਿਮਾਰੀਆਂ ਤੋਂ ਇਲਾਵਾ ਜੱਚਾ - ਬੱਚਾ , ਫਿਜ਼ੀਓਥਰੈਪੀ ਅਤੇ ਦਿਲ ਦੇ ਰੋਗਾਂ ਦੇ ਲੋੜਵੰਦ ਮਰੀਜ਼ਾਂ ਦਾ ਫ੍ਰੀ ਚੈੱਕਅਪ, ਫ਼੍ਰੀ ਦਵਾਈਆਂ ਅਤੇ ਫ਼੍ਰੀ ਟੈਸਟ ਕੀਤੇ ਗਏ। ਉਨ੍ਹਾਂ ਅੱਗੇ ਦੱਸਿਆ ਕਿ ਦਰਸ਼ਨ ਅਰੋੜਾ ਚੇਅਰਮੈਨ ਐੱਲ.ਸੀ.ਸੀ. ਅਤੇ ਡਾ. ਵਿਲੀਅਮ ਭੱਟੀ ਡਾਇਰੈਕਟਰ ਸੀ.ਐੱਮ.ਸੀ.ਐੱਚ. ਸਟਾਰ ਗੈਸਟ ਆਫ਼ ਆਨਰ ਮੁੱਖ ਮਹਿਮਾਨ ਵਜੋਂ ਕੈਂਪ ਦੌਰਾਨ ਹਾਜ਼ਰ ਹੋਏ। ਕੈਪਟਨ ਹਰਾ ਨੇ ਅੱਗੇ ਦੱਸਿਆ ਕਿ ਡਾ. ਐਲਨ ਜੋਸਫ਼ ਮੈਡੀਕਲ ਸੁਪਰਡੈਂਟ ਦੀ ਦੇਖਰੇਖ ਹੇਠ 9 ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ 350 ਤੋਂ ਵੱਧ ਮਰੀਜ਼ਾਂ ਦੇ ਵੱਖ-ਵੱਖ ਟੈਸਟ ਜਿਵੇਂ ਕਿ ਡਾਇਬੀਟੀਜ਼, ਕਾਰਡੀਅਕ, ਜਨਰਲ ਇਲਨੈਸ, ਆਰਥੋਪੀਡਿਕ, ਬਾਲ ਰੋਗ ਅਤੇ ਹੋਰ ਵੀ ਕਈ ਟੈਸਟ ਕੀਤੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ 35 ਮਰੀਜ਼ਾਂ ਦੀ ਈਸੀਜੀ ਅਤੇ 125 ਦੀ ਡਾਇਬੀਟੀਜ਼ ਦੀ ਬਿਮਾਰੀਆਂ ਦੀ ਵੀ ਜਾਂਚ ਕੀਤੀ। ਕੈਂਪ ਦੌਰਾਨ ਮਰੀਜਾਂ ਨੂੰ ਡਾਕਟਰਾਂ ਵੱਲੋਂ ਦੱਸੇ ਅਨੁਸਾਰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।

ਉਨ੍ਹਾਂ ਅੱਗੇ ਦੱਸਿਆ ਕਿ ਚੈਕਅੱਪ ਕਰਵਾਉਣ ਲਈ ਆਏ ਹੋਏ ਲੋਕਾਂ ਲਈ ਚਾਹ ਅਤੇ ਸਨੈਕਸ ਦਾ ਵੀ ਖ਼ਾਸ ਪ੍ਰਬੰਧ ਕੀਤਾ ਗਿਆ ਸੀ। ਉਨ੍ਹਾਂ ਅੱਗੇ ਦੱਸਿਆ ਕਿ ਲਾਇਨਜ਼ ਕਲੱਬ ਲੁਧਿਆਣਾ ਵੈਜੀਟੇਰੀਅਨ ਦੇ 15 ਮੈਂਬਰਾਂ ਅਤੇ ਲੁਧਿਆਣਾ ਸਿਟੀਜ਼ਨ ਕੌਂਸਲ ਦੇ 12 ਮੈਂਬਰਾਂ ਦੇ ਨਾਲ-ਨਾਲ ਗੁਰੂ ਨਾਨਕ ਕਾਲਜ ਦੋਰਾਹਾ ਦੇ ਐੱਨ.ਐੱਸ.ਐੱਸ. ਵਾਲੰਟੀਅਰਾਂ ਨੇ ਮਰੀਜ਼ਾਂ ਅਤੇ ਡਾਕਟਰਾਂ ਦੀ ਟੀਮ ਦੀ ਅੱਗੇ ਹੋ ਕੇ ਕੈਂਪ ਨੂੰ ਸਫ਼ਲ ਬਣਾਉਣ ਲਈ ਪੂਰਾ ਸਹਿਯੋਗ ਦਿੱਤਾ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵੱਖ-ਵੱਖ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਮੰਗਾਂ ਸਬੰਧੀ ਮੀਟਿੰਗਾਂ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ 'ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ', 'ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ', 'ਕੰਪਿਊਟਰ ਅਧਿਆਪਕ ਯੂਨੀਅਨ', 'ਬੇਰੁਜ਼ਗਾਰ ਸਾਂਝਾ ਮੋਰਚਾ' ਅਤੇ 'ਭਾਰਤ ਨੇਤਰਹੀਣ ਸੇਵਕ ਸਮਾਜ' ਨਾਲ ਮੀਟਿੰਗਾਂ ਕਰਕੇ ਇੰਨ੍ਹਾਂ ਯੂਨੀਅਨਾਂ ਦੀਆਂ ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਅਤੇ ਮੁੱਦਿਆਂ ਬਾਰੇ ਵਿਸਥਾਰ ਵਿੱਚ ਚਰਚਾ ਕਰਦਿਆਂ ਇੰਨ੍ਹਾਂ ਦੇ ਹੱਲ ਵੱਲ ਕਦਮ ਪੁੱਟਿਆ।

ਭਾਰਤ ਨੇਤਰਹੀਣ ਸੇਵਕ ਸਮਾਜ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਮਾਜਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਵਿਭਾਗ ਸੂਬੇ ਵਿੱਚ ਨੇਤਰਹੀਣਾਂ ਲਈ ਨਵਾਂ ਸਕੂਲ ਖੋਲ੍ਹਣ ਅਤੇ ਜਮਾਲਪੁਰ, ਲੁਧਿਆਣਾ ਸਥਿਤ ਸਕੂਲ ਦੇ ਸਟਾਫ ਦੀ ਗਿਣਤੀ ਅਤੇ ਹੋਰ ਲੜੀਂਦੀਆਂ ਸਹੂਲਤਾਂ ਮੁਹੱਈਆ ਕਰਨ ਸਬੰਧੀ ਅਧਿਅਨ ਕਰੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਰਿਪੋਰਟ ਤਿਆਰ ਕਰਕੇ ਵਿੱਤ ਵਿਭਾਗ ਨੂੰ ਭੇਜੀ ਜਾਵੇ ਤਾਂ ਜੋ ਵਿੱਤੀ ਸਾਲ 2025-26 ਲਈ ਬਜ਼ਟ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਨਾਲ ਮੀਟਿੰਗ ਦੌਰਾਨ ਯੂਨੀਅਨ ਵੱਲੋਂ ਪੀ.ਐਸ.ਪੀ.ਸੀ.ਐਲ ਅਤੇ ਪੀ.ਐਸ.ਟੀ.ਸੀ.ਐਲ ਵਿੱਚ ਆਊਟਸੋਰਸ ਦੇ ਆਧਾਰ 'ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਦਿੱਕਤਾਂ ਅਤੇ ਮੰਗਾਂ ਨੂੰ ਸਾਂਝਾ ਕੀਤਾ ਗਿਆ। ਵਿੱਤ ਮੰਤਰੀ ਨੇ ਬਿਜਲੀ ਵਿਭਾਗ ਨੂੰ ਯੂਨੀਅਨ ਨਾਲ ਮੀਟਿੰਗ ਕਰਕੇ ਯੋਗ ਮੰਗਾਂ ਦੇ ਹੱਲ ਲਈ ਲੋੜੀਂਦੇ ਕਦਮ ਪੁੱਟਣ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਯੂਨੀਅਨ ਨਾਲ ਮੀਟਿੰਗ ਦੇ ਸਿੱਟੇ ਦੇ ਆਧਾਰ 'ਤੇ ਕੈਬਨਿਟ ਸਬ-ਕਮੇਟੀ ਦੀ ਅਗਲੀ ਮੀਟਿੰਗ ਵਿੱਚ ਮਾਮਲੇ ਨੂੰ ਵਿਚਾਰਿਆ ਜਾਵੇਗਾ ਤਾਂ ਜੋ ਯੂਨੀਅਨ ਦੀਆਂ ਮੁੱਖ ਮੰਗਾਂ ਨੂੰ ਜਲਦੀ ਤੋਂ ਜਲਦੀ ਹੱਲ ਕੀਤਾ ਜਾ ਸਕੇ।

ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਅਤੇ ਕੰਪਿਊਟਰ ਅਧਿਆਪਕ ਯੂਨੀਅਨ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਵਿੱਤ ਵਿਭਾਗ ਵੱਲੋਂ ਉਨ੍ਹਾਂ ਦੀ ਮਹਿੰਗਾਈ ਭੱਤੇ ਨਾਲ ਸਬੰਧਤ ਮੰਗ ਨੂੰ ਗੰਭੀਰਤਾ ਨਾਲ ਵਿਚਾਰਿਆ ਜਾ ਰਿਹਾ ਹੈ। ਵਿੱਤ ਮੰਤਰੀ ਨੇ ਕਿਹਾ ਕਿ ਕੰਪਿਊਟਰ ਅਧਿਆਪਕਾਂ ਦੀਆਂ ਹੋਰ ਜਾਇਜ਼ ਮੰਗਾਂ ਵੀ ਵਿਚਾਰ ਅਧੀਨ ਹਨ।

ਬੇਰੁਜ਼ਗਾਰ ਸਾਂਝਾ ਮੋਰਚਾ, ਪੰਜਾਬ ਵੱਲੋਂ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਖਾਲੀ ਅਸਾਮੀਆਂ ਨੂੰ ਭਰਨ ਅਤੇ ਭਰਤੀ ਵਿੱਚ ਉਮਰ ਹੱਦ ਦੀ ਛੋਟ ਦੇਣ ਸਬੰਧੀ ਮੰਗਾਂ ਉਠਾਈਆਂ ਗਈਆਂ। ਵਿੱਤ ਮੰਤਰੀ ਵੱਲੋਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਮੋਰਚੇ ਦੀਆਂ ਮੰਗਾਂ ਦੀ ਵੈਧਤਾ ਸਬੰਧੀ ਕਾਨੂੰਨੀ ਮਾਹਿਰਾਂ ਅਤੇ ਮੋਰਚੇ ਦੇ ਆਗੂਆਂ ਦੀ ਹਾਜਰੀ ਵਿੱਚ ਮੀਟਿੰਗ ਕੀਤੀ ਜਾਵੇ ਤਾਂ ਜੋ ਇੰਨ੍ਹਾਂ ਮੰਗਾਂ ਦਾ ਕਾਨੂੰਨੀ ਤੌਰ 'ਤੇ ਸਹੀ ਹੱਲ ਮਿਲ ਸਕੇ।

ਅੱਜ ਦੀਆਂ ਮੀਟਿੰਗਾਂ ਵਿੱਚ ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਤੋਂ ਸੂਬਾ ਪ੍ਰਧਾਨ ਬਲਿਹਾਰ ਸਿੰਘ, ਸੂਬਾ ਸਹਾਇਕ ਸਕੱਤਰ ਟੇਕ ਚੰਦ, ਸੂਬਾ ਦਫਤਰੀ ਸਕੱਤਰ ਸ਼ੇਰ ਸਿੰਘ, ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਤੋਂ ਪਰਮਵੀਰ ਸਿੰਘ ਅਤੇ ਪ੍ਰਦੀਪ ਕੁਮਾਰ, ਕੰਪਿਊਟਰ ਅਧਿਆਪਕ ਯੂਨੀਅਨ ਤੋਂ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ, ਮੀਤ ਪ੍ਰਧਾਨ ਅਨਿਲ ਐਰੀ, ਜਨਰਲ ਸਕੱਤਰ ਹਰਪ੍ਰੀਤ ਸਿੰਘ, ਰਬੀ ਮੰਨਣ, ਬੇਰੁਜ਼ਗਾਰ ਸਾਂਝਾ ਮੋਰਚਾ ਤੋਂ ਜਸਵੰਤ ਸਿੰਘ ਘੁਬਾਇਆ, ਰਮਨ ਕੁਮਾਰ ਮਲੋਟ ਅਤੇ ਸੁਖਵਿੰਦਰ ਸਿੰਘ ਢਿਲਵਾਂ, ਨੇਤਰਹੀਣਾਂ ਦੇ ਮੁੱਦੇ ਉਠਾਉਣ ਲਈ ਭਾਰਤ ਨੈਸ਼ਨਲ ਫੈਡਰੇਸ਼ਨ ਆਫ ਬਲਾਈਂਡ ਦੇ ਜਨਰਲ ਸਕੱਤਰ ਬਲਵਿੰਦਰ ਸਿੰਘ ਅਤੇ ਨੇਤਰਹੀਣ ਸਮਾਜ ਸੇਵਕ ਤੋਂ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਆਦਿ ਹਾਜਰ ਸਨ।

# ਓ.ਬੀ.ਸੀ, ਈ.ਬੀ.ਸੀ ਅਤੇ ਡੀ.ਐਨ.ਟੀ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਕਰ ਸਕਦੇ ਹਨ ਅਪਲਾਈ

**ਫਾਜ਼ਿਲਕਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਤਹਿਸੀਲ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਅਫਸਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਸੂਬੇ ਦੇ ਹੋਰ ਪੱਛੜੀਆਂ ਸ਼੍ਰੇਣੀਆਂ (ਓ.ਬੀ.ਸੀ.), ਆਰਥਿਕ ਤੌਰ 'ਤੇ ਪੱਛੜੀਆਂ ਸ਼੍ਰੇਣੀਆਂ (ਈ.ਬੀ.ਸੀ.), ਅਤੇ ਡੀਨੋਟੀਫਾਈਡ, ਨੋਮੈਡਿਕ ਟ੍ਰਾਈਬਜ਼ ਦੇ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਅਪਲਾਈ ਕਰ ਸਕਦੇ ਹਨ।

ਤਹਿਸੀਲ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਅਫਸਰ ਨੇ ਦੱਸਿਆ ਕਿ ਅਕਾਦਮਿਕ ਸਾਲ 2024-25 ਲਈ ਪ੍ਰਧਾਨ ਮੰਤਰੀ ਯਸ਼ਸਵੀ ਯੋਜਨਾ ਦੇ ਤਹਿਤ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਨੂੰ ਓ.ਬੀ.ਸੀ., ਈ.ਬੀ.ਸੀ., ਅਤੇ ਡੀ.ਐਨ.ਟੀ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੋਲ੍ਹਿਆ ਗਿਆ ਹੈ। ਉਹਨਾਂ ਦੱਸਿਆ ਕਿ ਇਹ ਪਹਿਲਾ ਮੌਕਾ ਹੈ ਜਦੋਂ ਓ.ਬੀ.ਸੀ, ਈ.ਬੀ.ਸੀ ਅਤੇ ਡੀ.ਐਨ.ਟੀ ਵਿਦਿਆਰਥੀਆਂ ਲਈ ਪਹਿਲੀ ਵਾਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਪੋਰਟਲ ਖੋਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਪੋਰਟਲ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਨ, ਸੰਸਥਾਵਾਂ ਦੁਆਰਾ ਸਹੀ ਤਸਦੀਕ, ਅਥਾਰਟੀਆਂ ਦੁਆਰਾ ਪ੍ਰਵਾਨਗੀਆਂ ਅਤੇ ਵਿੱਤੀ ਸਹਾਇਤਾ ਦੀ ਸਮੇਂ ਸਿਰ ਵੰਡ ਨੂੰ ਯਕੀਨੀ ਬਣਾ ਕੇ ਸਕਾਲਰਸ਼ਿਪ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਵਿਦਿਆਰਥੀਆਂ ਲਈ 2024-25 ਲਈ ਸਕਾਲਰਸ਼ਿਪ ਪ੍ਰਕਿਰਿਆ ਦੇ ਤਹਿਤ ਮੁਫਤ ਸ਼ਿਪ ਕਾਰਡਾਂ ਲਈ ਅਪਲਾਈ ਕਰਨ ਦੀ ਆਖਰੀ ਮਿਤੀ 15 ਫਰਵਰੀ, 2025 ਹੈ। ਲੋੜੀਂਦੇ ਸੁਧਾਰਾਂ ਤੋਂ ਬਾਅਦ ਮਨਜ਼ੂਰੀ ਲਈ ਪੂਰੇ ਕੇਸ ਭੇਜਣ ਲਈ ਸੰਸਥਾਵਾਂ ਲਈ ਅੰਤਿਮ ਮਿਤੀ 25 ਫਰਵਰੀ, 2025 ਹੈ।

ਇਸ ਤੋਂ ਇਲਾਵਾ, ਸਕਾਲਰਸ਼ਿਪ ਲਈ ਲਾਈਨ ਵਿਭਾਗਾਂ/ਪ੍ਰਵਾਨਗੀ ਵਿਭਾਗਾਂ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਪ੍ਰਵਾਨਗੀ ਦੇਣ ਵਾਲੇ ਅਥਾਰਟੀ ਦੀ ਆਖਰੀ ਮਿਤੀ 05 ਮਾਰਚ 2025 ਹੈ। ਵਜ਼ੀਫੇ ਲਈ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਲਾਈਨ ਵਿਭਾਗਾਂ/ਪ੍ਰਵਾਨਗੀ ਵਿਭਾਗਾਂ ਦੀ ਆਖਰੀ ਮਿਤੀ 10 ਮਾਰਚ 2025 ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਤੋਂ ਇਲਾਵਾ, ਲਾਈਨ ਵਿਭਾਗਾਂ/ਪ੍ਰਵਾਨਗੀ ਦੇਣ ਵਾਲੇ ਵਿਭਾਗਾਂ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਮਨਜ਼ੂਰੀ ਦੇਣ ਦੀ ਆਖਰੀ ਮਿਤੀ 5 ਮਾਰਚ, 2025 ਹੈ, ਜਦੋਂ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਆਨਲਾਈਨ ਪ੍ਰਸਤਾਵ ਭੇਜਣ ਲਈ ਲਾਈਨ ਵਿਭਾਗਾਂ ਦੀ ਅੰਤਿਮ ਮਿਤੀ 10 ਮਾਰਚ 2025 ਹੈ। ਉਨ੍ਹਾਂ ਯੋਗ ਵਿਦਿਆਰਥੀਆਂ ਨੂੰ ਸਮੇਂ ਸਿਰ ਆਪਣੀਆਂ ਅਰਜ਼ੀਆਂ ਨੂੰ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਹਨਾਂ ਨੋਡਲ ਅਫਸਰਾਂ ਅਤੇ ਸਾਰੇ ਲਾਗੂ ਕਰਨ ਵਾਲੇ ਵਿਭਾਗਾਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਅਰਜ਼ੀ ਪ੍ਰਕਿਰਿਆ ਦੇ ਸਬੰਧ ਵਿੱਚ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕਰਨ ਵਿੱਚ ਸੰਸਥਾਵਾਂ ਦੀ ਸਹਾਇਤਾ ਲਈ ਸਰਗਰਮ ਕਦਮ ਚੁੱਕਣ ਅਤੇ ਯੋਗ ਵਿਦਿਆਰਥੀਆਂ ਨੂੰ ਸਮੇਂ ਸਿਰ ਸਕਾਲਰਸ਼ਿਪ ਲਈ ਅਪਲਾਈ ਕਰਵਾਉਣ ਲਈ ਉਪਰਾਲੇ ਕੀਤੇ ਜਾਣ।

# ਨੇਤਾ ਜੀ ਸੁਭਾਸ਼ ਚੰਦਰ ਬੌਸ ਜੀ ਦਾ ਜਨਮ ਦਿਹਾੜਾ ਸੂਬਾ ਪੱਧਰੀ ਸਮਾਗਮ ਫਰੀਦਕੋਟ ਵਿਖੇ ਮਨਾਇਆ ਜਾਵੇਗਾ



**ਸੁਨਾਮ, 11 ਜਨਵਰੀ**
**-ਅਸ਼ੋਕ ਬਾਂਸਲ-**
**-ਕੌਮੀ ਪੱਤ੍ਰਿਕਾ ਬਿਊਰੋ-**

ਫਰੀਡਮ ਫਾਇਟਰ, ਉਤਰਾਧਿਕਾਰੀ ਸੰਸਥਾ ਰਜਿ196 ਦੀ ਮਹੀਨਾਵਾਰ ਮੀਟਿੰਗ ਦੇਸ ਭਗਤ ਯਾਦਗਾਰ ਹਾਲ ਵਿਖੇ ਜਿਲਾ ਪ੍ਰਧਾਨ ਮਨਜੀਤ ਸਿੰਘ ਢਡਰੀਆ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੋਰ ਤੇ ਸੰਸਥਾ ਦੇ ਸਰਪ੍ਰਸਤ ਤੇ ਮੁਖ ਸਲਾਹਕਾਰ ਹਰਿੰਦਰਪਾਲ ਸਿੰਘ ਖਾਲਸਾ ਤੇ ਆਲ ਇੰਡੀਆ ਕਮੇਟੀ ਮੈਬਰ ਗੁਰਇੰਦਰ ਪਾਲ ਸਿੰਘ ਨੇ ਸਮੂਲੀਅਤ ਕੀਤੀ ਮੀਟਿੰਗ ਵਿੱਚ ਦਸਿਆ ਗਿਆ ਕਿ ਸੰਸਥਾ ਵਲੋ ਹਰ ਸਾਲ ਦੀ ਤਰਾ ਨੇਤਾ ਜੀ ਸੁਭਾਸ਼ ਚੰਦਰ ਬੋਸ ਜੀ ਦਾ ਜਨਮ ਦਿਹਾੜਾ ਸੂਬਾ ਪੱਧਰੀ ਸਮਾਗਮ ਫਰੀਦਕੋਟ ਵਿਖੇ ਮਨਾਇਆ ਜਾਵੇਗਾ ਜਿਸ ਵਿੱਚ ਪੰਜਾਬ ਦੇ ਸਾਰੇ ਜਿਲਿਆ ਚੋ ਫਰੀਡਮ ਫਾਇਟਰ ਪ੍ਰੀਵਾਰ ਸਾਮਲ ਹੋਣਗੇ ਜਿਲਾ ਸਕੱਤਰ ਕਮਲਦੀਪ ਸਿੰਘ ਗੰਡੇਵਾਲ ਨੇ ਦਸਿਆ ਕਿ ਸਮਾਗਮ ਨੂੰ ਸਫਲ ਬਣਾਉਣ ਲਈ ਜਿਲੇ ਦੇ ਫਰੀਡਮ ਫਾਇਟਰ ਪ੍ਰੀਵਾਰਾ ਕੋਲ ਜਾਕੇ ਸੰਦਾ ਪੱਤਰ ਤੇ ਫੰਡ ਕੱਟੀਆ ਜਾਵੇਗਾ ਤੇ ਸਮਾਗਮ ਵਿੱਚ ਜਿਲਾ ਸੰਗਰੂਰ ਤੋ ਵੱਧ ਜੜਕੇ ਫਰੀਦਕੋਟ ਵਿਖੇ ਸੂਬਾ ਪੱਧਰੀ ਸਮਾਗਮ ਚ ਸਮੂਲੀਅਤ ਕੀਤੀ ਜਾਵੇਗੀ ਉਨਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਭਗਤ ਸਿੰਘ ਦੇ ਸਮਾਰਕ ਤੇ ਸਹੁ ਖਾਕੇ ਸਰਕਾਰ ਦੀ ਸ਼ੁਰੂਆਤ ਕੀਤੀ ਸੀ ਜਿਸ ਤੋ ਫਰੀਡਮ ਫਾਇਟਰ ਪ੍ਰੀਵਾਰਾ ਨੂੰ ਆਸ ਪਹੁੰਚੀ ਸੀ ਕਿ ਇਹ ਸਰਕਾਰ ਦੇਸ ਭਗਤ ਪਰਿਵਾਰਾ ਦੀ ਸੁਣਵਾਈ ਕਰੇਗੀ ਪਰ ਸਾਡੇ ਮੁਖ ਮੰਤਰੀ ਜੀ ਤੇ ਉਨਾ ਦੇ ਕੈਬਨਿਟ ਮੰਤਰੀਆ ਕੋਲ ਅਜਾਦੀ ਘੁਲਾਟੀਏ ਤੇ ਉਨਾ ਦੇ ਪ੍ਰੀਵਾਰਾ ਨੂੰ ਮਿਲਣ ਲਈ ਤਿੰਨ ਸਾਲ ਹੋਗੇ ਸਰਕਾਰ ਬਣਿਆ ਸਮਾ ਹੀ ਨਹੀ ਮਿਲਿਆ ਉਨਾ ਸਰਕਾਰ ਨੂੰ ਅਪੀਲ ਕੀਤੀ ਕਿ ਮੀਟਿੰਗ ਕਰਕੇ ਅਜਾਦੀ ਘੁਲਾਟੀਏ ਪਰਿਵਾਰਾ ਦੀਆ ਮੁਸਕਲਾ ਦਾ ਹੱਲ ਕੀਤਾ ਜਾਵੇ ਇਸ ਸਮੇ ਮੀਟਿੰਗ ਵਿੱਚ ਕਾਰਜਕਾਰੀ ਪ੍ਰਧਾਨ ਜੋਗਿੰਦਰ ਸਿੰਘ ਢਡਰੀਆ, ਗੁਰਪ੍ਰੀਤ ਸਿੰਘ ਜਿਲਾ ਖਜਾਨਚੀ ,ਅਮਰਜੀਤ ਸਿੰਘ ਸਾਹੋਕੇ, ਜਸਵਿੰਦਰ ਸਿੰਘ ਸੰਗਰੂਰ ਸੁਖਮਿੰਦਰ ਸਿੰਘ ਭੋਲਾ ਆਦਿ ਆਗੂ ਹਾਜਰ ਸਨ।

# ਪੰਜਾਬ ਇਲੈਕਸ਼ਨ ਕੁਇੱਜ਼-2025 ਲਈ ਆਨਲਾਈਨ ਰਜਿਸਟ੍ਰੇਸ਼ਨ 17 ਜਨਵਰੀ ਤੱਕ




**ਜਲੰਧਰ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵੋਟ ਦੀ ਮਹੱਤਤਾ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੇ ਮੰਤਵ ਨਾਲ ਮੁੱਖ ਚੋਣ ਅਫ਼ਸਰ (ਸੀ.ਈ.ਓ.) ਪੰਜਾਬ ਵੱਲੋਂ ਕੌਮੀ ਵੋਟਰ ਦਿਵਸ ਨੂੰ ਸਮਰਪਿਤ 'ਪੰਜਾਬ ਇਲੈਕਸ਼ਨ ਕੁਇੱਜ਼-2025' ਤਹਿਤ ਆਨਲਾਈਨ ਅਤੇ ਆਫ਼ਲਾਈਨ ਮੁਕਾਬਲੇ ਕਰਵਾਏ ਜਾ ਰਹੇ ਹਨ। ਇਨ੍ਹਾਂ ਮੁਕਾਬਲਿਆਂ ਲਈ 17 ਜਨਵਰੀ 2025 ਤੱਕ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਨਲਾਈਨ ਇਲੈਕਸ਼ਨ ਕੁਇੱਜ਼ ਮੁਕਾਬਲਾ 111 ਜਨਵਰੀ ਨੂੰ ਅਤੇ ਰਾਜ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ 2025 ਨੂੰ ਹੋਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਇਲੈਕਸ਼ਨ ਕੁਇੱਜ਼-2025 ਲਈ ਆਨਲਾਈਨ ਰਜਿਸਟ੍ਰੇਸ਼ਨ https://Punjab.indiastatquiz.com/ 'ਤੇ ਕਰਵਾਈ ਜਾ ਸਕਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਕਾਬਲੇ ਵਿੱਚ ਭਾਗ ਲੈਣ ਲਈ ਭਾਗੀਦਾਰਾਂ ਨੂੰ ਆਪਣਾ ਵੋਟਰ ਸ਼ਨਾਖਤੀ ਕਾਰਡ/ ਆਧਾਰ ਕਾਰਡ/ ਸਕੂਲ/ਕਾਲਜ ਵਲੋਂ ਜਾਰੀ ਕੀਤਾ ਗਿਆ ਪਛਾਣ ਪੱਤਰ ਜਮ੍ਹਾ ਕਰਵਾਉਣਾ ਹੋਵੇਗਾ।

ਡਾ. ਅਗਰਵਾਲ ਨੇ ਦੱਸਿਆ ਕਿ ਪਹਿਲੇ ਗੇੜ ਵਿੱਚ ਜ਼ਿਲ੍ਹਾ ਪੱਧਰ 'ਤੇ ਜੇਤੂਆਂ ਦੀ ਪਹਿਚਾਣ ਆਨਲਾਈਨ ਮੁਕਾਬਲੇ ਤਹਿਤ ਕੀਤੀ ਜਾਵੇਗੀ ਅਤੇ ਫਾਈਨਲ ਆਫ਼ਲਾਈਨ ਮੁਕਾਬਲਾ 23 ਜ਼ਿਲ੍ਹਿਆਂ ਦੇ ਜੇਤੂਆਂ ਵਿਚਕਾਰ 24 ਜਨਵਰੀ 2025 ਨੂੰ ਲੁਧਿਆਣਾ ਵਿਖੇ ਹੋਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਸੂਬਾ ਪੱਧਰ 'ਤੇ ਪਹਿਲੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਜੇਤੂ ਨੂੰ ਸੀ.ਈ.ਓ. ਪੰਜਾਬ ਵੱਲੋਂ ਵਿੰਡੋ ਲੈਪਟਾਪ ਨਾਲ ਸਨਮਾਨਿਤ ਕੀਤਾ ਜਾਵੇਗਾ ਜਦਕਿ ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਜੇਤੂਆਂ ਨੂੰ ਕ੍ਰਮਵਾਰ ਐਂਡਰਾਇਡ ਟੈਬਲੈਟ ਅਤੇ ਸਮਾਰਟ ਵਾਚ ਦਿੱਤੇ ਜਾਣਗੇ।

ਡਿਪਟੀ ਕਮਿਸ਼ਨਰ ਨੇ ਨੌਜਵਾਨ ਵੋਟਰਾਂ ਨੂੰ 'ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ ਕਰਵਾਏ ਜਾ ਰਹੇ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।

# ਰਿਆਜ਼ ਮਿਊਜ਼ੀਕਲ ਫੋਰਮ ਪਟਿਆਲਾ ਵੱਲੋਂ ਨਵੇਂ ਸਾਲ ਤੇ ਸੰਗੀਤਮਈ ਪ੍ਰੋਗਰਾਮ ਕਰਵਾਇਆ ਗਿਆ




**ਪਟਿਆਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਆਜ ਮਿਊਜੀਕਲ ਫੋਰਮ ਪਟਿਆਲਾ ਵੱਲੋਂ ਸਾਲ 2025 ਦੇ ਆਉਣ ਦੀ ਖੁਸ਼ੀ ਵਿੱਚ ਸੰਗੀਤਮਈ ਪ੍ਰੋਗਰਾਮ ਦਾ ਆਯੋਜਨ, ਭਾਸ਼ਾ ਭਵਨ, ਪਟਿਆਲਾ ਵਿਖੇ ਕਰਵਾਇਆ ਗਿਆ । ਸੰਸਥਾ ਦੇ ਪ੍ਰਧਾਨ ਸ੍ਰੀ ਸੁਸ਼ੀਲ ਕੁਮਾਰ ਅਤੇ ਪ੍ਰੈਸ ਸਕੱਤਰ ਜਗਪ੍ਰੀਤ ਸਿੰਘ ਮਹਾਜਨ ਨੇ ਦੱਸਿਆ ਕਿ ਸੰਸਥਾ ਵੱਲੋਂ ਨਵਾਂ ਸਾਲ ਮਨਾਉਣ ਲਈ ਉਲੀਕੇ ਇਸ ਪ੍ਰੋਗਰਾਮ ਵਿੱਚ ਪਟਿਆਲੇ ਤੋਂ ਇਲਾਵਾ, ਸਰਹਿੰਦ, ਬੱਸੀ ਮੋਰਿੰਡਾ, ਸੰਗਰੂਰ ਆਦਿ ਸ਼ਹਿਰਾਂ ਤੋ ਵੀ ਗਾਇਕਾਂ ਨੇ ਹਿੱਸਾ ਲਿਆ । ਸੰਸਥਾ ਦੇ ਪ੍ਰਧਾਨ ਸ੍ਰੀ ਸੁਸ਼ੀਲ ਕੁਮਾਰ ਵੱਲੋਂ ÷ਬਹਿ ਕੇ ਦੇਖ ਜਵਾਨਾ÷, ਮੈਡਮ ਅਰਵਿੰਦਰ ਕੋਰ ਵੱਲੋਂ ÷ਸੁਨੋ ਸਜਨਾ ਪਪੀਹੇ ਨੇ÷, ਐਡਵੋਕੇਟ ਐਨ.ਕੇ.ਸ਼ਾਹੀ ਵੱਲੋਂ ÷ਆਨੇ ਸੇ ਉਸਕੇ ਆਏ ਬਹਾਰ÷, ਸਰਿੰਦਰ ਸ਼ਰਮਾ ਵੱਲੋਂ ÷ਹੰਮ ਨੇ ਅਪਨਾ ਸਭ ਕੁਛ÷, ਰਾਕੇਸ਼ ਗੁਪੱਤਾ ਵੱਲੋਂ ÷ਮੁਝੇ ਇਸ਼ਕ ਹੈ ਤੁਝੀ ਸੇ, ਬਲਬੀਰ ਸਿੰਘ ਵੱਲੋਂ ÷ਤੇਰੀ ਪਿਆਰੀ ਪਿਆਰੀ ਸੂਰਤ ਕੋ÷, ਲਲਿਤ ਛਾਬੜਾ ਵੱਲੋਂ ÷ਯਮਾਂ ਯਮਾਂ÷, ਬਲਦੇਵ ਕ੍ਰਿਸ਼ਨ ਵੱਲੋਂ ÷ਤੁੰਮ ਸੇ ਅੱਛਾ ਕੋਨ ਹੈ÷, ਡਾ. ਇੰਦਰਜੀਤ ਸਿੰਘ ਵੱਲੋਂ ÷ਤੇਰੇ ਨੇਨਾ ਕਿਉਂ ਭਰ ਆਏ÷, ਐਡਵੋਕੇਟ ਅਨਿਲ ਗੁੱਪਤਾ ਵੱਲੋਂ ÷ਮੇਰੇ ਨੇਨਾ ਸਾਵਨ ਭਾਦੇ÷, ਪਵਿਤਰ ਢਿੱਲੋਂ ਵੱਲੋਂ ਚੰਨ ਕਿਥਾਂ ਗੁਜਾਰੀ ਆਈ÷, ਗੁਰਜੀਤ ਗੁੱਪਤਾ ਵੱਲੋਂ ÷ਛਲਕਾਈਏ ਜਾਮ÷, ਸੈਲੇਂਦਰ ਵੱਲੋਂ ÷ਹਾਲ ਕਿਆ ਹੈ ਦਿਲੋਂ ਕਾ÷, ਆਦਿ ਗੀਤਾ ਨੇ ਆਏ ਸਰੋਤਿਆ ਨੂੰ ਝੂੰਮਣ ਤੇ ਕੀਤਾ ਮਜਬੂਰ । ਗਾਇਕਾਂ ਵੱਲੋਂ ਸੁਸ਼ੀਲ ਕੁਮਾਰ ਦੇ ਸਾਉਂਡ ਸਿਸਟਮ ਅਤੇ ਸ੍ਰੀਮਤੀ ਪ੍ਰਮਜੀਤ ਕੋਰ ਵੱਲੋਂ ਨਿਭਾਈ ਸਟੇਜ ਸਕੱਤਰ ਦੀ ਭੂਮੀਕਾ ਦੀ ਸ਼ਲਾਘਾ ਕੀਤੀ ਗਈ । ÷ਰੋਜਾਨਾ ਚੜਦੀਕਲਾ÷ ਅਖਬਾਰ ਵੱਲੋਂ ਨਵੇਂ ਸਾਲ ਦਾ ਕਲੰਡਰ ਅਤੇ ਮੈਡਮ ਅਰਵਿੰਦਰ ਕੋਰ ਵੱਲੋਂ ਨਵੇਂ ਸਾਲ ਦਾ ਤੋਹਫਾ ਵੀ ਦਿੱਤਾ ਗਿਆ । ਸ੍ਰੀ ਬਸੰਤ ਚੌਹਾਨ ਅਤੇ ਸ੍ਰੀ ਪਰਮਜੀਤ ਸਿੰਘ ਲਾਲੀ ਪੱਤਰਕਾਰਾਂ ਤੋਂ ਇਲਾਵਾ ਹੋਰ ਵੀ ਕਈ ਗਾਇਕ ਅਤੇ ਨਾਮਵਰ ਸਖਸ਼ੀਅਤਾਂ ਨੇ ਹਾਜਰੀ ਭਰੀ ।

# ਸੀ ਐਚ ਸੀ ਮਹਿਲ ਕਲਾਂ ਵਿਖੇ ਟੀ.ਬੀ ਮੁਹਿੰਮ ਤਹਿਤ ਕੀਤਾ ਜਾਗਰੂਕ

**ਬਰਨਾਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਸਿਹਤ ਵਿਭਾਗ ਵੱਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਸਿਵਲ ਸਰਜਨ ਬਰਨਾਲਾ ਡਾ. ਬਲਦੇਵ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਐਸ ਐਮ ਓ ਮਹਿਲਕਲਾਂ ਡਾ.ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਅੱਜ ਸੀ ਐਚ ਸੀ ਮਹਿਲ ਕਲਾਂ ਵਿਖੇ ਟੀ ਬੀ (ਤਪਦਿਕ) ਦੇ ਸ਼ੱਕੀ ਮਰੀਜਾਂ ਦੀ ਜਲਦੀ ਪਹਿਚਾਣ ਲਈ 7 ਦਸੰਬਰ ਤੋਂ ਨੇਸ਼ਨ ਵਾਈਡ 100 ਡੇ ਟੀ.ਬੀ ਕੰਪੇਨ ਤਹਿਤ ਜਾਗਰੂਕਤਾ ਗਤਿਵਿਧੀ ਕਰਵਾਈ ਗਈ। ਇਸ ਮੌਕੇ ਡਾ ਗੁਰਤੇਜਿੰਦਰ ਕੌਰ ਨੇ ਦੱਸਿਆ ਇਸ ਮੁਹਿਮ ਤਹਿਤ ਆਸ਼ਾ ਵਰਕਰਾਂ ਵੱਲੋਂ ਘਰ-ਘਰ ਜਾਣ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਤਪਦਿਕ ਦੇ ਮਰੀਜ਼ਾਂ ਦੀ ਜਲਦੀ ਪਹਿਚਾਣ ਅਤੇ ਜਲਦੀ ਇਲਾਜ ਕਰਕੇ ਇਸ ਬਿਮਾਰੀ 'ਤੇ ਛੇਤੀ ਕੰਟਰੋਲ ਕੀਤਾ ਜਾ ਸਕੇ। ਇਸ ਮੌਕੇ ਲੋਕਾਂ ਨੂੰ ਜਾਣਕਾਰੀ ਦਿੰਦਿਆਂ ਡਾ. ਨਵਨੀਤ ਬਾਂਸਲ ਨੇ ਦੱਸਿਆ ਕਿ ਟੀ.ਬੀ ਦਾ ਇਲਾਜ ਸੰਭਵ ਹੈ। ਉਨ੍ਹਾਂ ਕਿਹਾ ਜੇਕਰ ਕਿਸੇ ਵੀ ਵਿਅਕਤੀ ਨੂੰ ਦੋ ਹਫਤਿਆਂ ਜਾਂ ਉਸ ਤੋਂ ਵੱਧ ਲਗਾਤਾਰ ਖਾਂਸੀ, ਭਾਰ ਘੱਟਦਾ ਹੋਵੇ, ਬੁਖਾਰ ਜਾਂ ਭੁੱਖ ਘੱਟ ਲੱਗਦੀ ਹੋਵੇ ਤਾਂ ਉਸ ਨੂੰ ਟੀ.ਬੀ ਦੀ ਸ਼ਿਕਾਇਤ ਹੋ ਸਕਦੀ ਹੈ।

ਇਸ ਲਈ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਡਾਕਟਰੀ ਸਲਾਹ ਅਨੁਸਾਰ ਸਮੇਂ ਸਿਰ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਉਪਵੈਦ ਅਜੇ ਕੁਮਾਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਟੀ.ਬੀ. ਦਾ ਇਲਾਜ ਡਾਟਸ ਪ੍ਰਣਾਲੀ ਰਾਂਹੀ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਟੀ.ਬੀ. ਦੇ ਮਰੀਜ ਆਪਣੀ ਦਵਾਈ ਦਾ ਕੋਰਸ ਪੂਰਾ ਕਰਨ ਕਿਓਂਕਿ ਇਲਾਜ ਅਧੂਰਾ ਛੱਡਣ ਨਾਲ ਇਹ ਰੋਗ ਦੁਬਾਰਾ ਹੋ ਜਾਂਦਾ ਹੈ ਜਿਸ ਦੇ ਇਲਾਜ ਲਈ ਜਿਆਦਾ ਸਮਾਂ ਦਵਾਈ ਖਾਣੀ ਪੈਂਦੀ ਹੈ। ਇਸ ਮੌਕੇ ਹਸਪਤਾਲ ਦਾ ਸਟਾਫ ਹਾਜ਼ਰ ਸੀ।

# ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਈ, ਜ਼ਿਲ੍ਹੇ 'ਚ ਕੁੱਲ 1647871

**ਜਲੰਧਰ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਮਿਤੀ 1 ਜਨਵਰੀ 2025 ਦੇ ਆਧਾਰ 'ਤੇ ਤਿਆਰ ਵੋਟਰ ਸੂਚੀ ਦੀ ਅੱਜ ਅੰਤਿਮ ਪ੍ਰਕਾਸ਼ਨਾ ਕੀਤੀ ਗਈ, ਜਿਸ ਮੁਤਾਬਕ ਜ਼ਿਲ੍ਹੇ ਵਿੱਚ ਕੁੱਲ 1647871 ਵੋਟਰ ਹਨ। ਅੰਤਿਮ ਪ੍ਰਕਾਸ਼ਨਾਂ ਉਪਰੰਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਫੋਟੋ ਵੋਟਰ ਸੂਚੀ ਦੀ ਹਾਰਡ ਅਤੇ ਸਾਫ਼ਟ ਕਾਪੀ ਵੀ ਸੌਂਪੀ ਗਈ।

ਇਸ ਮੌਕੇ ਐਸ.ਡੀ.ਐਮ. ਬਲਬੀਰ ਰਾਜ ਸਿੰਘ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 1647871 ਵੋਟਰ ਹਨ, ਜਿਸ ਵਿੱਚ 854672 ਪੁਰਸ਼, 793148 ਮਹਿਲਾ ਅਤੇ 51 ਥਰਡ ਜੈਂਡਰ ਵੋਟਰ ਸ਼ਾਮਲ ਹਨ। ਉਨ੍ਹਾਂ ਅੱਗੇ ਦੱਸਿਆ ਕਿ ਨਵੀਂ ਵੋਟਰ ਸੂਚੀ ਮੁਤਾਬਕ ਜ਼ਿਲ੍ਹੇ ਵਿੱਚ 76 ਐਨ.ਆਰ.ਆਈ. ਵੋਟਰ, 18-19 ਸਾਲ ਉਮਰ ਦੇ 27085 ਵੋਟਰ, 9709 ਦਿਵਿਆਂਗ ਵੋਟਰ ਅਤੇ 85 ਸਾਲ ਤੋਂ ਜ਼ਿਆਦਾ ਉਮਰ ਦੇ 13427 ਵੋਟਰ ਹਨ।

ਇਸ ਤੋਂ ਇਲਾਵਾ ਸਰਵਿਸ ਵੋਟਰ ਸੂਚੀ ਦੀ ਪ੍ਰਕਾਸ਼ਨਾ ਵੀ ਕੀਤੀ ਗਈ, ਜਿਸ ਮੁਤਾਬਕ ਜ਼ਿਲ੍ਹੇ ਵਿੱਚ 1788 ਸਰਵਿਸ ਵੋਟਰ ਹਨ।

ਉਨ੍ਹਾਂ ਵਿਧਾਨ ਸਭਾ ਹਲਕਾ ਵਾਰ ਵੋਟਰਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੀਂ ਵੋਟਰ ਸੂਚੀ ਮੁਤਾਬਕ ਹਲਕਾ ਫਿਲੌਰ ਵਿੱਚ ਸਭ ਤੋਂ ਵੱਧ 200486 ਵੋਟਰ ਹਨ। ਜਦਕਿ ਹਲਕਾ ਨਕੋਦਰ ਵਿੱਚ 193523, ਸ਼ਾਹਕੋਟ 180459, ਕਰਤਾਰਪੁਰ 185742, ਜਲੰਧਰ ਪੱਛਮੀ 173271, ਜਲੰਧਰ ਕੇਂਦਰੀ 176423, ਜਲੰਧਰ ਉੱਤਰੀ 185397, ਜਲੰਧਰ ਛਾਉਣੀ 186989 ਅਤੇ ਹਲਕਾ ਆਦਮਪੁਰ ਵਿੱਚ 165581 ਵੋਟਰ ਹਨ।

ਜ਼ਿਕਰਯੋਗ ਹੈ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸੁਧਾਈ ਪ੍ਰੋਗਰਾਮ ਮੁਤਾਬਕ 29 ਅਕਤੂਬਰ 2024 ਨੂੰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਗਈ ਸੀ, ਜਿਸ 'ਤੇ ਆਮ ਲੋਕਾਂ/ਵੋਟਰਾਂ ਪਾਸੋਂ 28 ਨਵੰਬਰ 2024 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਗਏ। ਪ੍ਰਾਪਤ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਨਿਰਧਾਰਿਤ 24 ਦਸੰਬਰ 2024 ਤੱਕ ਕੀਤਾ ਗਿਆ।

ਇਸ ਮੌਕੇ ਚੋਣ ਤਹਿਸੀਲਦਾਰ ਸੁਖਦੇਵ ਸਿੰਘ, ਚੋਣ ਕਾਨੂੰਨਗੋ ਰਾਕੇਸ਼ ਕੁਮਾਰ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਮੌਜੂਦ ਸਨ।

# ਸ੍ਰੀ ਚਰਨ ਛੋਹ ਗੰਗਾ ਵਿਖੇ ਹੋਏ 2 ਦਿਨਾਂ ਸਮਾਗਮ 'ਚ ਸੇਵਾ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ-ਨਾਜਰ ਰਾਮ ਮਾਨ

**ਗੜ੍ਹਸ਼ੰਕਰ, 11 ਜਨਵਰੀ**
**-ਅਸ਼ਵਨੀ ਸ਼ਰਮਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਨਵੇਂ ਸਾਲ ਦੀ ਆਮਦ ਮੌਕੇ ਆਦਿ ਧਰਮ ਮੰਡਲ ਦੇ ਬਾਨੀ ਬਾਬੂ ਮੰਗੂ ਰਾਮ ਮੁੱਗੋਵਾਲੀਆ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਸ੍ਰੀ ਚਰਨ ਛੋਹ ਗੰਗਾ (ਅੰਮ੍ਰਿਤ-ਕੁੰਡ) ਸੱਚਖੰਡ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਹੋਏ 2 ਦਿਨਾਂ ਸਮਾਗਮ ਦੌਰਾਨ ਦੇਸ਼- ਵਿਦੇਸ਼ ਦੀਆਂ ਸੰਗਤਾਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਭਰਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੇਵਾ ਕਰਨ ਵਾਲੀਆਂ ਸਮੂਹ ਸੰਗਤਾਂ, ਸੇਵਾ ਸੁਸਾਇਟੀਆਂ ਅਤੇ ਪ੍ਰਸ਼ਾਸਨ ਦੇ ਮਿਲੇ ਸਹਿਯੋਗ ਸਦਕਾ ਇਹ 2 ਦਿਨਾਂ ਸਮਾਗਮ ਵਿਸ਼ਵ ਪੱਧਰ 'ਤੇ ਸਫਲ ਰਿਹਾ। ਇਹ ਵਿਚਾਰ ਚੇਅਰਮੈਨ ਸ੍ਰੀ ਨਾਜਰ ਰਾਮ ਮਾਨ ਅਤੇ ਪ੍ਰਧਾਨ ਸੰਤ ਸੁਰਿੰਦਰ ਦਾਸ ਜੀ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਸੰਗਤਾਂ ਦੇ ਆਏ ਵੱਡੇ ਕਾਫਲਿਆਂ ਲਈ ਪ੍ਰਸ਼ਾਸਨ ਦੀ ਸਹਾਇਤਾ ਨਾਲ ਲੋੜੀਂਦੇ ਪ੍ਰਬੰਧ ਕੀਤੇ ਗਏ। ਸੰਗਤਾਂ ਦੇ ਠਹਿਰਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ ਤਾਂ ਜੋ ਦੇਸ਼-ਵਿਦੇਸ਼ ਤੋਂ ਆਈ ਸੰਗਤ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਨਾ ਆਵੇ। ਉਨ੍ਹਾਂ ਸਮੂਹ ਸੇਵਾ ਸੁਸਾਇਟੀਆਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਸੰਗਤਾਂ ਨੂੰ ਇਸੇ ਤਰ੍ਹਾਂ ਬਲ ਬਖਸ਼ਣ ਤਾਂ ਜੋ ਆਪ ਅਗਲੇ ਸਮਾਗਮਾਂ ਵਿਚ ਵੀ ਸ੍ਰੀ ਚਰਨ ਛੋਹ ਗੰਗਾ ਪ੍ਰਬੰਧਕ ਕਮੇਟੀ ਨੂੰ ਸਹਿਯੋਗ ਕਰਦੇ ਰਹਿਣ।

# ਸੰਜੀਵਨੀ



ਤਾਪਮਾਨ ਘੱਟ ਹੋਣ ਕਾਰਨ ਸਰਦੀਆਂ 'ਚ ਉਚੇਚੀ ਸਿਹਤ ਸੰਭਾਲ ਦੀ ਲੋੜ ਹੁੰਦੀ ਹੈ।

**ਤੰਬਾਕੂ ਤੇ ਨਿਕੋਟਿਨ ਖ਼ੂਨ ਦੀਆਂ ਨਾੜੀਆਂ ਨੂੰ ਸੌੜਾ ਕਰਦਾ ਹੈ ਜਿਸ ਨਾਲ ਖ਼ੂਨ ਦੀ ਗਤੀ 'ਚ ਰੁਕਾਵਟ ਆਉਣ ਨਾਲ ਦਿਲ ਦੇ ਦੌਰੇ ਦਾ ਖ਼ਤਰਾ ਵਧ ਜਾਂਦਾ ਹੈ...**

## ਸਰਦੀਆਂ 'ਚ ਸਿਹਤ ਸਮੱਸਿਆਵਾਂ

## ਕਾਰਨ ਤੇ ਕੁਝ ਉਪਾਅ

ਸਰਦੀਆਂ ਦਾ ਮੌਸਮ ਹੈ। ਜਿਥੇ ਇਹ ਮੌਸਮ ਲੰਬੇ ਅਰਸੇ ਦੀ ਗਰਮੀ ਤੋਂ ਰਾਹਤ ਦਿੰਦਾ ਹੈ, ਉਥੇ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਵੀ ਨਾਲ ਲੈ ਕੇ ਆਉਂਦਾ ਹੈ। ਇਸ ਮੌਸਮ ਵਿਚ ਨੱਕ ਅਤੇ ਗਲੇ ਦੇ ਇਨਫੈਕਸ਼ਨ, ਜੋੜਾਂ ਦੇ ਦਰਦ ਆਦਿ ਦੇ ਮਾਮਲੇ ਵੱਡੇ ਪੱਧਰ 'ਤੇ ਵੱਧ ਜਾਂਦੇ ਹਨ। ਇਸ ਦਾ ਕਾਰਨ ਇਹ ਹੈ ਕਿ ਸਰਦੀ ਵਿਚ ਕੁਝ ਖ਼ਾਸ ਤਰ੍ਹਾਂ ਦੇ ਇਨਫੈਕਸ਼ਨ ਵਾਇਰਸ ਸਰਗਰਮ ਹੋ ਜਾਂਦੇ ਹਨ। ਤਾਪਮਾਨ ਵਿਚ ਕਮੀ ਹੋਣ ਕਾਰਨ ਲੋਕਾਂ ਦੀਆਂ ਕਈ ਤਕਲੀਫ਼ਾਂ ਵੱਧ ਜਾਂਦੀਆਂ ਹਨ। ਇਸ ਮੌਸਮ ਵਿਚ ਜ਼ਰਾ ਜਿੰਨੀ ਵੀ ਲਾਪਰਵਾਹੀ ਵਰਤਣ ਨਾਲ ਕੁਝ ਸਿਹਤ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਇਹੀ ਕਾਰਨ ਹੈ ਕਿ ਸਰਦੀਆਂ ਵਿਚ ਸਿਹਤ ਦੀ ਕੁਝ ਖ਼ਾਸ ਦੇਖਭਾਲ ਦੀ ਲੋੜ ਹੁੰਦੀ ਹੈ।

### ਸਿਹਤ ਸਮੱਸਿਆਵਾਂ

ਇਸ ਮੌਸਮ ਵਿਚ ਸਾਹ ਸਬੰਧੀ ਸਮੱਸਿਆਵਾਂ ਜਿਵੇਂ ਦਮਾ ਅਤੇ ਸੀਓਪੀਡੀ ਅਲਰਜੀ ਆਦਿ ਦਾ ਪਰਕੋਪ ਕੁਝ ਜ਼ਿਆਦਾ ਹੀ ਵੱਧ ਜਾਂਦਾ ਹੈ। ਅਜਿਹੇ ਵਿਚ ਬੱਚਿਆਂ ਅਤੇ ਬਜ਼ੁਰਗਾਂ 'ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੁੰਦੀ ਹੈ। ਛੋਟੇ ਬੱਚਿਆਂ ਅਤੇ ਬਜ਼ੁਰਗਾਂ ਵਿਚ ਇਮਊਨਿਟੀ ਸਮਰੱਥਾ ਦੇ ਘਟ ਹੋਣ ਕਾਰਨ ਉਨ੍ਹਾਂ ਨੂੰ ਸਾਹ ਸਬੰਧੀ ਸਮੱਸਿਆਵਾਂ ਦਾ ਖ਼ਤਰਾ ਜ਼ਿਆਦਾ ਹੁੰਦਾ ਹੈ। ਕੁਝ ਮੁੱਖ ਸਮੱਸਿਆਵਾਂ ਦੇ ਲੱਛਣ ਅਤੇ ਕੁਝ ਉਪਾਵਾਂ 'ਤੇ ਨਜ਼ਰ ਮਾਰਦੇ ਹਾਂ:

### ਨਿਮੋਨੀਆ

ਨਿਮੋਨੀਆ ਫ਼ੇਫੜਿਆਂ 'ਤੇ ਅਸਰ ਪਾਉਣ ਵਾਲੀ ਆਮ ਪਰ ਗੰਭੀਰ ਸਮੱਸਿਆ ਹੈ। ਇਹ ਕਿਸੇ ਵੀ ਉਮਰ ਦੇ ਲੋਕਾਂ ਨੂੰ ਹੋ ਸਕਦਾ ਹੈ। ਬੱਚਿਆਂ ਵਿਚ ਰੋਗ ਰੋਕੂ ਸਮਰੱਥਾ ਘੱਟ ਹੋਣ ਕਾਰਨ ਉਨ੍ਹਾਂ ਨੂੰ ਨਿਮੋਨੀਆ ਅਤੇ ਸਾਹ ਸਬੰਧੀ ਬਿਮਾਰੀਆਂ ਤੋਂ ਜ਼ਿਆਦਾ ਖ਼ਤਰਾ ਹੁੰਦਾ ਹੈ ਅਤੇ ਨਵਜੰਮੇ ਬੱਚਿਆਂ ਨੂੰ ਡਾਇਰੀਆ ਵੀ ਹੋ ਸਕਦਾ ਹੈ। ਜੇ ਬੱਚੇ ਵਿਚ ਤੇਜ਼ ਸਾਹ, ਖਾਂਸੀ, ਤੇਜ਼ ਸਾਹ ਦੇ ਨਾਲ ਬੁਖ਼ਾਰ ਅਤੇ ਸੁਸਤੀ ਵਰਗੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰ ਕੋਲ ਜਾਓ। ਇਨ੍ਹਾਂ ਗੱਲਾਂ 'ਤੇ ਵੀ ਗ਼ੌਰ ਕਰੋ :



- ਪੌਸ਼ਟਿਕ ਤੱਤਾਂ ਨਾਲ ਭਰਪੂਰ ਖਾਣਾ ਖਾਓ ਤਾਂ ਕਿ ਤੁਹਾਡੀ ਰੋਗ ਰੋਕੂ ਸਮਰੱਥਾ ਘੱਟ ਨਾ ਜਾਵੇ।
- ਧੂੰਆਂ ਜਾਂ ਸਿਗਰਟਨੋਸ਼ੀ ਤੋਂ ਦੂਰ ਰਹੋ ਕਿਉਂਕਿ ਇਹ ਚੀਜ਼ਾਂ ਇਨਫੈਕਸ਼ਨ ਦੇ ਖ਼ਤਰੇ ਨੂੰ ਹੋਰ ਵਧਾ ਸਕਦੀਆਂ ਹਨ।
- ਛੋਟੇ ਬੱਚਿਆਂ ਨੂੰ ਸਾਰੇ ਜ਼ਰੂਰੀ ਟੀਕੇ ਲਗਵਾ ਲਓ।
- ਇਨਫੈਕਸ਼ਨ ਹੋਣ ਦੀ ਸਥਿਤੀ ਵਿਚ ਸਮੇਂ ਸਿਰ ਡਾਕਟਰੀ ਇਲਾਜ ਸ਼ੁਰੂ ਕਰ ਦਿਓ।

### ਦਮਾ

ਅਸਥਮਾ ਇਕ ਅਜਿਹੀ ਬਿਮਾਰੀ ਹੈ ਜੋ ਕਿਸੇ ਵੀ ਉਮਰ ਵਿਚ ਹੋ ਸਕਦੀ ਹੈ। ਅੱਜਕੱਲ੍ਹ ਇਹ ਸਮੱਸਿਆ ਆਮ ਹੋ ਗਈ ਹੈ ਪਰ ਸਰਦੀ ਦੇ ਮੌਸਮ ਵਿਚ ਦਮਾ ਦੇ ਮਰੀਜ਼ਾਂ ਨੂੰ ਆਪਣਾ ਖ਼ਾਸ ਖ਼ਿਆਲ ਰੱਖਣ ਦੀ ਲੋੜ ਹੈ ਕਿਉਂਕਿ ਇਸ ਮੌਸਮ ਵਿਚ ਸਰਦੀ ਵੱਧਣ ਦੇ ਨਾਲ ਹੀ ਸਾਹ ਨਲੀ ਦੀ ਸੰਵੇਦਨਸ਼ੀਲਤਾ ਤੁਲਨਾਤਮਕ ਰੂਪ ਨਾਲ ਵਧ ਜਾਂਦੀ ਹੈ ਅਤੇ ਇਸ ਕਾਰਨ ਸਾਹ ਦੀ ਨਲੀ ਸੁੰਗੜਦੀ ਹੈ।



- ਅਸਥਮਾ ਦੇ ਮਰੀਜ਼ ਨੂੰ ਸਵੇਰੇ ਇਕ ਗਿਲਾਸ ਪਾਣੀ ਵਿਚ ਇਕ ਚਮਚ ਸ਼ਹਿਦ ਮਿਲਾ ਕੇ ਪੀਣਾ ਚਾਹੀਦਾ ਹੈ।
- ਸਾਹ ਦੇ ਰੋਗੀ ਇਸ ਮੌਸਮ ਵਿਚ ਨਿਯਮਿਤ ਰੂਪ ਨਾਲ ਡਾਕਟਰੀ ਸੰਪਰਕ ਵਿਚ ਰਹਿਣ। ਜੇ ਇਨਹੇਲਰ ਦੀ ਵਰਤੋਂ ਕਰਦੇ ਹੋ ਤਾਂ ਇਨਹੇਲਰ ਹਮੇਸ਼ਾ ਆਪਣੇ ਕੋਲ ਰੱਖੋ।

### ਐਲਰਜੀ

ਸਰਦੀਆਂ ਵਿਚ ਪ੍ਰਦੂਸ਼ਿਤ ਧੁੰਦ ਦੇ ਸੰਪਰਕ ਵਿਚ ਆਉਣ ਨਾਲ ਅੱਖਾਂ ਵਿਚ ਜਲਨ, ਨੱਕ 'ਚ ਖੁਜਲੀ, ਗਲੇ ਵਿਚ ਖ਼ਰਾਸ਼ ਅਤੇ ਖਾਂਸੀ ਵਰਗੇ ਲੱਛਣ ਸਾਧਾਰਨ ਤੌਰ 'ਤੇ ਦੇਖਣ ਨੂੰ ਮਿਲਦੇ ਹਨ। ਇਸ ਲਈ ਗਹਿਰੀ ਧੁੰਦ ਵਿਚ ਸੈਰ ਲਈ ਨਾ ਜਾਓ ਅਤੇ ਕੋਸ਼ਿਸ਼ ਕਰੋ ਕਿ ਸਰਦੀਆਂ ਵਿਚ ਦੇਰ ਰਾਤ ਨੂੰ ਘਰੋਂ ਬਾਹਰ ਨਾ ਨਿਕਲੋ।



- ਲਸਣ ਵਿਚ ਐਂਟੀ ਆਕਸੀਡੈਂਟ ਪਾਏ ਜਾਂਦੇ ਹਨ। ਰੋਜ਼ ਸਵੇਰੇ ਕੋਸੇ ਪਾਣੀ ਨਾਲ ਲਸਣ ਦੀਆਂ ਦੋ ਕਲੀਆਂ ਖਾਣ ਨਾਲ ਤੁਸੀਂ ਸਰਦੀਆਂ ਵਿਚ ਹੋਣ ਵਾਲੀ ਅਲਰਜੀ ਤੋਂ ਬਚ ਸਕਦੇ ਹੋ।
- ਇਕ ਗਿਲਾਸ ਗਰਮ ਦੁੱਧ ਵਿਚ ਇਕ ਚੁਟਕੀ ਹਲਦੀ ਪਾ ਕੇ ਸੇਵਨ ਕਰੋ।
- ਅਦਰਕ ਵਿਚ ਐਂਟੀ ਐਨਫਲਾਮੇਟਰੀ ਅਤੇ ਐਂਟੀ ਆਕਸੀਡੈਂਟ ਤੱਤ ਚੰਗੀ ਮਾਤਰਾ ਵਿਚ ਪਾਏ ਜਾਂਦੇ ਹਨ। ਇਹ ਕਫ਼ ਭਜਾਉਣ ਵਿਚ ਮਦਦ ਕਰਦਾ ਹੈ।
- ਸਵੇਰੇ ਇਕ ਗਿਲਾਸ ਕੋਸੇ ਪਾਣੀ ਵਿਚ ਅੱਧਾ ਚਮਚ ਨਿੰਬੂ ਦਾ ਰਸ ਮਿਲਾ ਕੇ ਪੀਣਾ ਚਾਹੀਦਾ ਹੈ। ਨਿੰਬੂ ਵਿਟਾਮਿਨ ਸੀ ਦਾ ਚੰਗਾ ਸਰੋਤ ਹੈ।
- ਅਲਸੀ ਦੇ ਬੀਅ ਵਿਚ ਓਮੇਗਾ 3 ਫੈਟੀ ਐਸਿਡ ਹੁੰਦੇ ਹਨ ਜੋ ਸਰੀਰ 'ਚੋਂ ਐਲਰਜੀ ਖ਼ਤਮ ਕਰਨ ਵਿਚ ਮਦਦ ਕਰਦੇ ਹਨ।

### ਦਿਲ ਦਾ ਦੌਰਾ

ਦਿਲ ਸਾਡੇ ਸਰੀਰ ਦਾ ਸਭ ਤੋਂ ਮਹੱਤਵਪੂਰਨ ਅੰਗਾ ਹੈ। ਇਸ ਦੀ ਸੁਰੱਖਿਆ ਵਿਚ ਲਾਪਰਵਾਹੀ ਦੀ ਗੁੰਜਾਇਸ਼ ਨਹੀਂ ਹੋਣੀ ਚਾਹੀਦੀ। ਸਰਦੀ ਦੇ ਮੌਸਮ ਵਿਚ ਤਾਪਮਾਨ ਘਟਣ ਕਾਰਨ ਖ਼ੂਨ ਦੀਆਂ ਨਾੜੀਆਂ ਸੁੰਗੜਦੀਆਂ ਹਨ ਅਤੇ ਕੋਲੈਸਟਰੋਲ ਵਧ ਜਾਂਦਾ ਹੈ ਜਿਸ ਕਾਰਨ ਹਾਰਟ ਅਟੈਕ ਦੀ ਸੰਭਾਵਨਾ ਵੀ ਵੱਧ ਜਾਂਦੀ ਹੈ।



- ਜੀਵਨਸ਼ੈਲੀ ਵਿਚ ਕਸਰਤ ਸ਼ਾਮਿਲ ਕਰੋ। ਜ਼ਿਆਦਾ ਤਲੀਆਂ ਚੀਜ਼ਾਂ ਅਤੇ ਜੰਕ ਫੂਡ ਤੋਂ ਦੂਰੀ ਬਣਾ ਲਓ।
- ਸਿਗਰਟਨੋਸ਼ੀ ਨਾ ਕਰੋ ਕਿਉਂਕਿ ਇਸ ਦਾ ਸਿੱਧਾ ਅਸਰ ਦਿਲ ਅਤੇ ਫੇਫੜਿਆਂ 'ਤੇ ਪੈਂਦਾ ਹੈ। ਤੰਬਾਕੂ ਅਤੇ ਨਿਕੋਟਿਨ ਖ਼ੂਨ ਦੀਆਂ ਨਾੜੀਆਂ ਨੂੰ ਸੌੜਾ ਕਰਦਾ ਹੈ ਜਿਸ ਨਾਲ ਖ਼ੂਨ ਦੀ ਗਤੀ ਵਿਚ ਰੁਕਾਵਟ ਪੈਦਾ ਹੋਣ ਲਗਦੀ ਹੈ ਅਤੇ ਦਿਲ ਨੂੰ ਜ਼ਿਆਦਾ ਮਿਹਨਤ ਕਰਨੀ ਪੈਂਦੀ ਹੈ। ਇਸ ਨਾਲ ਦਿਲ ਦੇ ਦੌਰੇ ਦਾ ਖ਼ਤਰਾ ਵੱਧ ਜਾਂਦਾ ਹੈ।

• ਫ਼ੀਚਰ ਡੈਸਕ

## ਜ਼ੁਕਾਮ ਤੋਂ ਰਾਹਤ



ਅੱਜਕੱਲ੍ਹ ਸਰਦੀ ਜ਼ੋਰਾਂ 'ਤੇ ਹੈ। ਇਸ ਮੌਸਮ ਵਿਚ ਸਰਦੀ ਜ਼ੁਕਾਮ ਤੇ ਖਾਂਸੀ ਵਰਗੀਆਂ ਸਮੱਸਿਆ ਆਮ ਹੋ ਜਾਂਦੀ ਹੈ। ਲੋਕ ਛੋਟੀਆਂ ਛੋਟੀਆਂ ਬਿਮਾਰੀਆਂ ਤੋਂ ਬਚਣ ਲਈ ਮਹਿੰਗੀਆਂ ਦਵਾਈਆਂ ਖਰੀਦਦੇ ਹਨ ਪਰ ਇਨ੍ਹਾਂ ਨਾਲ ਕੁਝ ਫ਼ਾਇਦਾ ਨਹੀਂ ਹੁੰਦਾ। ਏਨਾ ਹੀ ਨਹੀਂ, ਇਨ੍ਹਾਂ ਦਵਾਈਆਂ ਦੇ ਕਈ ਤਰ੍ਹਾਂ ਦੇ ਰੀਐਕਸ਼ਨ ਵੀ ਹੁੰਦੇ ਹਨ। ਜਦਕਿ ਸਾਡੀ ਰਸੋਈ ਵਿਚ ਸਰਦੀ ਜ਼ੁਕਾਮ ਨੂੰ ਠੱਲ੍ਹ ਪਾਉਣ ਵਾਲੀਆਂ ਅਜਿਹੀਆਂ ਕਈ ਚੀਜ਼ਾਂ ਆਮ ਮੌਜੂਦ ਹੁੰਦੀਆਂ ਹਨ, ਜੋ ਇਸ ਸਮੱਸਿਆ ਤੋਂ ਨਿਜਾਤ ਪਾਉਣ ਵਿਚ ਬਹੁਤ ਸਹਾਈ ਹੋ ਸਕਦੀਆਂ ਹਨ।

- ਗਰਮ ਪਾਣੀ ਜਾਂ ਦੁੱਧ ਵਿਚ ਇਕ ਚਮਚ ਹਲਦੀ ਮਿਲਾ ਕੇ ਪੀਣ ਨਾਲ ਸਰਦੀ ਜ਼ੁਕਾਮ ਵਿਚ ਤੇਜ਼ੀ ਨਾਲ ਫਾਇਦਾ ਹੁੰਦਾ ਹੈ। ਇਹ ਨੁਸਖਾ ਨਾ ਸਿਰਫ਼ ਬੱਚਿਆਂ ਸਗੋਂ ਵੱਡਿਆਂ ਲਈ ਵੀ ਕਾਰਗਰ ਹੈ।
- ਅਦਰਕ ਦੇ ਕਈ ਫਾਇਦੇ ਹੁੰਦੇ ਹਨ ਪਰ ਅਦਰਕ ਦੀ ਚਾਹ ਸਰਦੀ ਜ਼ੁਕਾਮ ਵਿਚ ਬਹੁਤ ਰਾਹਤ ਦਿੰਦੀ ਹੈ।
- ਤੁਲਸੀ ਅਤੇ ਅਦਰਕ ਨੂੰ ਸਰਦੀ ਜ਼ੁਕਾਮ ਲਈ ਰਾਮਬਾਣ ਮੰਨਿਆ ਜਾਂਦਾ। ਇਸ ਸੇਵਨ ਨਾਲ ਤੁਰੰਤ ਰਾਹਤ ਮਿਲਦੀ ਹੈ। ਇਕ ਕਪ ਗਰਮ ਪਾਣੀ ਵਿਚ ਤੁਲਸੀ ਦੀਆਂ ਪੰਜ ਸੱਤ ਪੱਤੀਆਂ ਲਓ। ਉਸ ਵਿਚ ਅਦਰਕ ਦਾ ਇਕ ਟੁਕੜਾ ਪਾ ਦਿਓ। ਕੁਝ ਦੇਰ ਰਿੱਝਣ ਤੋਂ ਬਾਅਦ ਅਤੇ ਪਾਣੀ ਲਗਭਗ ਅੱਧਾ ਰਹਿ ਜਾਣ ਤੋਂ ਬਾਅਦ ਕਾੜ੍ਹਾ ਤਿਆਰ ਹੋ ਜਾਵੇਗਾ।
- ਅੱਧੇ ਚਮਚ ਕਾਲੀ ਮਿਰਚ ਪਾਊਡਰ ਵਿਚ ਇਕ ਚਮਚ ਮਿਸ਼ਰੀ ਮਿਲਾ ਕੇ ਇਕ ਕਪ ਗਰਮ ਦੁੱਧ ਨਾਲ ਦਿਨ ਵਿਚ ਤਿੰਨ ਵਾਰ ਪੀਓ। ਸਰਦੀਆਂ ਵਿਚ ਇਹ ਕਾਫ਼ੀ ਫ਼ਾਇਦੇਮੰਦ ਰਹਿੰਦਾ ਹੈ।

**ਸਰਦੀ ਦੀਆਂ ਸਮੱਸਿਆਵਾਂ ਤੋਂ ਨਿਜਾਤ ਪਾਉਣ ਲਈ ਤੁਲਸੀ, ਅਦਰਕ, ਲੌਂਗ, ਸ਼ਹਿਦ, ਕਾਲ਼ੀ ਮਿਰਚ ਤੇ ਹਲਦੀ ਆਦਿ ਕੁਦਰਤੀ ਨਿਹਮਤਾਂ ਹਨ। ਇਨ੍ਹਾਂ ਦੀ ਭਰਪੂਰ ਵਰਤੋਂ ਕਰੋ...**



## ਡਿਪਰੈਸ਼ਨ

ਲਗਾਤਾਰ ਕੰਮ ਦੇ ਵਧੇ ਹੋਏ ਘੰਟੇ ਡਿਪਰੈਸ਼ਨ ਦੀ ਸੰਭਾਵਨਾ ਨੂੰ ਵਧਾ ਦਿੰਦੇ ਹਨ। ਬ੍ਰਿਟੇਨ 'ਚ ਹੋਏ ਇਕ ਅਧਿਐਨ ਮੁਤਾਬਕ 6 ਸਾਲ ਤੱਕ ਦੇ ਸਮੇਂ ਦੌਰਾਨ ਜਿਹੜੇ ਲੋਕ ਹਰ ਦਿਨ 7-8 ਘੰਟੇ ਕੰਮ ਕਰਦੇ ਹਨ, ਉਨ੍ਹਾਂ ਦੀ ਤੁਲਨਾ 'ਚ ਲਗਾਤਾਰ ਹਰ ਦਿਨ 11 ਘੰਟੇ ਕੰਮ ਕਰਨ ਵਾਲੇ ਮੁਲਾਜ਼ਮਾਂ 'ਚ ਡਿਪਰੈਸ਼ਨ 'ਚ ਜਾਣ ਦਾ ਖ਼ਤਰਾ 2.5 ਪ੍ਰਤੀਸ਼ਤ ਵੱਧ ਜਾਂਦਾ ਹੈ।

ਸਿੱਧੀ ਜਿਹੀ ਗੱਲ ਹੈ ਕਿ ਲਗਾਤਾਰ ਕੰਮ ਕਰਦੇ ਰਹਿਣ ਦੇ ਦੌਰਾਨ ਇਕ ਤਾਂ ਤੁਹਾਡੀ ਰੁਟੀਨ ਕੰਮ ਦੇ ਹਿਸਾਬ ਨਾਲ ਢਲਦੀ ਹੈ ਅਤੇ ਦੂਜਾ ਰੀਕ੍ਰਿਏਸ਼ਨ 'ਚ ਕੰਮ ਦੇ ਦਬਾਅ ਨੂੰ ਘੱਟ ਕਰਨ ਦੀ ਵਿਵਸਥਾ ਨਹੀਂ ਹੋ ਪਾਉਂਦੀ ਹੈ। ਇਸ ਲਈ ਬਚੇ ਹੋਏ ਸਮੇਂ 'ਚ ਵੀ ਤੁਸੀਂ ਲਗਾਤਾਰ ਕੰਮ ਨੂੰ ਹੀ ਜਿਉਂਦੇ ਹੋ ਅਤੇ ਸੋਚਦੇ ਹੋ।

ਇਸ ਤੋਂ ਨਿਜਾਤ ਪਾਉਣ ਲਈ ਫਿਰ ਸਿਗਰਟ ਅਤੇ ਅਲਕੋਹਲ ਦਾ ਸਹਾਰਾ ਲਿਆ ਜਾਂਦਾ ਹੈ। ਇਸ ਨਾਲ ਸਿਹਤ 'ਤੇ ਬੁਰਾ ਅਸਰ ਪੈਂਦਾ ਹੈ। ਇਸ ਲਈ ਕੰਮ ਦੇ ਘੰਟੇ ਤਰਕਸੰਗਤ ਹੋਣ, ਵਿਚ-ਵਿਚ ਬਰੇਕ ਲੈਣ ਦਾ ਪ੍ਰਬੰਧ ਵੀ ਹੋਵੇ ਅਤੇ ਹਫਤੇ 'ਚ ਇਕ ਜਾਂ ਦੋ ਛੁੱਟੀਆਂ ਹੋਣ।

ਇਸ ਨਾਲ ਨਾ ਸਿਰਫ ਕੰਮ ਕਰਨ ਦੀ ਸਮਰੱਥਾ ਵੱਧਦੀ ਹੈ ਬਲਕਿ ਮੁਲਾਜ਼ਮਾਂ ਦੀ ਸਿਹਤ ਵੀ ਚੰਗੀ ਰਹਿੰਦੀ ਹੈ। ਸਿਗਰਟ ਅਤੇ ਅਲਕੋਹਲ ਵਰਗੇ ਪਦਾਰਥਾਂ ਤੋਂ ਬਚਣਾ ਚਾਹੀਦਾ ਹੈ ਅਤੇ ਆਪਣੀ ਰੁਟੀਨ ਨੂੰ ਦਰੁਸਤ ਕਰਨ ਲਈ ਕੰਮ ਕਰਨਾ ਚਾਹੀਦਾ ਹੈ। ਕਿਸੇ ਨਾ ਕਿਸੇ ਖੇਡ ਨੂੰ ਆਪਣਾ ਸ਼ੌਕ ਜ਼ਰੂਰ ਬਣਾਉਣਾ ਚਾਹੀਦਾ ਹੈ।

## ਕਿਹੜੇ ਸਮੇਂ ਚੁੱਪ ਰਹਿਣਾ ਹੈ ਜ਼ਰੂਰੀ

ਬੰਦਾ ਜਨਮ ਤੋਂ ਲੈ ਕੇ ਮਰਨ ਤੱਕ ਬੋਲਦਾ ਹੈ । ਕਈ ਬੰਦੇ ਬੰਦੀਆਂ ਬਹੁਤ ਬੋਲਦੇ ਨੇ ਲੋੜ ਤੋਂ ਜਿਆਦਾ ਬੋਲਦੇ ਨੇ । ਜਿਹੜੇ ਕਿ ਸਾਡੀ ਸਿਹਤ ਲਈ ਬਹੁਤ ਹਾਨੀਕਾਰਕ ਹੁੰਦੇ ਨੇ । ਮਨੁੱਖ ਨੂੰ ਭੋਜਨ ਖਾਂਦੇ ਸਮੇਂ,ਮਲ ਮੂਤਰ ਤਿਆਗ ਕਰਦੇ ਸਮੇਂ,ਸੰਭੋਗ ਸਮੇਂ,ਦਾਤਣ ਜਾਂ ਬੁਰਸ਼ ਕਰਦੇ ਸਮੇਂ ਚੁੱਪ ਰਹਿਣਾ ਚਾਹੀਦਾ ਹੈ । ਇਹ ਸਾਇੰਸ਼ ਨਾਲ ਰਿਲੇਟਿਡ ਗੱਲਾਂ ਹਨ ।

ਭੋਜਨ ਕਰਦੇ ਸਮੇਂ ਬੋਲਣ ਤੇ 2500/ ਨਾੜਾਂ ਪ੍ਰਭਾਵਿਤ ਹੁੰਦੀਆਂ ਨੇ ਜੇ ਭੋਜਨ ਸਮੇਂ ਕਿਸੇ ਨੂੰ ਗ੍ਹਾਲਾਂ ਕੱਢੋ ਤਾਂ 19000/ ਨਾੜਾਂ ਪ੍ਰਭਾਵਿਤ ਹੁੰਦੀਆਂ ਹਨ । ਜੇ ਭੋਜਨ ਸਮੇਂ ਕਿਤੇ ਗੁੱਸਾ ਤੇ ਨਾਲ ਗ੍ਹਾਲਾਂ ਕੱਢੋ ਜਾਂ ਕੁੜੋ ਤਾਂ 57000/ ਨਾੜਾਂ ਪ੍ਰਭਾਵਿਤ ਹੁੰਦੀਆਂ ਹਨ । ਮਲ ਮੂਤਰ ਵੇਲੇ ਬੋਲਣ ਤੇ ਵਿਅਕਤੀ ਦੇ ਅੰਦਰ ਕਿਟਾਂਣੂ ਚਲੇ ਜਾਂਦੇ ਹਨ ਜਿਹੜੇ ਬਹੁਤ ਖਤਰਨਾਕ ਵਾਇਰਸ ਦਾ ਰੂਪ ਧਾਰਨ ਕਰ ਲੈਂਦੇ ਹਨ । ਜਿਹੜੇ ਲੀਵਰ ਫੇਫੜਿਆਂ ਤੇ ਦਿਲ ਨੂੰ ਪ੍ਰਭਾਵਿਤ ਕਰਦਾ ਹੈ ।

ਸੰਭੋਗ ਕਰਨ ਵੇਲੇ ਬੋਲਣ ਵਾਲੇ ਹਮੇਸ਼ਾਂ ਹੀ ਅਸੰਤੁਸ਼ਟ ਰਹਿੰਦੇ ਹਨ । ਇਹ ਗੱਲਾਂ ਨੂੰ ਵੱਧ ਤੋਂ ਵੱਧ ਸ਼ੇਅਰ ਕਰੋ ਤਾਂ ਕਿ ਆਪਾਂ ਸਾਰੇ ਤੰਦਰੁਸਤ ਰਹਿ ਸਕੀਏ । ਖੁਸ਼ ਰਹੋ ਤੰਦਰੁਸਤ ਰਹੋ ।

• ਡਾ ਅਮਰੀਕ ਸਿੰਘ ਕੰਡਾ



## ਦੰਦਾਂ ਦਾ ਦਰਦ ਅਤੇ ਇਲਾਜ

ਅਸੀਂ ਆਪਣੇ ਰੋਜ਼ਾਨਾ ਖਾਣ-ਪੀਣ ਵਾਲੀਆਂ ਚੀਜ਼ਾਂ ਵਿਚ ਮਿੱਠੇ ਦੀ ਵਰਤੋਂ ਥੋੜ੍ਹੀ-ਬਹੁਤੀ ਮਾਤਰਾ ਵਿਚ ਜ਼ਰੂਰ ਕਰਦੇ ਹਾਂ। ਸਾਡੇ ਮੂੰਹ ਵਿਚ ਕੁਦਰਤੀ ਬੈਕਟੀਰੀਆ ਮੌਜੂਦ ਹੁੰਦਾ ਹੈ। ਇਹ ਜਦੋਂ ਮਿੱਠੇ ਨਾਲ ਕਿਰਿਆ ਕਰਦਾ ਹੈ ਤਾਂ ਮਿੱਠੇ ਨੂੰ ਐਸਿਡ ਵਿਚ ਬਦਲ ਦਿੰਦਾ ਹੈ। ਇਹ ਐਸਿਡ ਹੀ ਦੰਦ ਖ਼ਰਾਬ ਹੋਣ ਦਾ ਕਾਰਨ ਹੈ ਅਤੇ ਦੰਦਾਂ ਦੇ ਵਿਚ ਦਰਦ ਹੁੰਦਾ ਹੈ।

### ਕਾਰਣ

- ਜ਼ਿਆਦਾ ਕਾਰਬੋਹਾਈਡ੍ਰੇਟ ਵਾਲੀਆਂ ਚੀਜ਼ਾਂ ਅਤੇ ਮਿੱਠਾ ਜਿਵੇਂ ਸਾਫ਼ਟ ਡ੍ਰਿੰਕ, ਟਾਫ਼ੀਆਂ, ਚਾਕਲੇਟ ਆਦਿ ਦੇ ਸੇਵਨ ਨਾਲ ਦੰਦਾਂ 'ਚ ਦਰਦ ਹੋਣਾ।
- ਠੰਡਾ ਅਤੇ ਗਰਮ ਭੋਜਨ ਇਕੱਠੇ ਹੀ ਸੇਵਨ ਕਰਨ ਨਾਲ ਦੰਦਾਂ ਦਾ ਦਰਦ ਹੁੰਦਾ ਹੈ।
- ਦੰਦ ਟੁੱਟਣ ਕਾਰਨ ਦੰਦ ਦਰਦ।
- ਮਸੂੜਿਆਂ ਦਾ ਦਰਦ।
- ਦੰਦਾਂ ਨੂੰ ਕੀੜਾ ਲੱਗਣਾ। ਕੈਵਿਟੀ ਆਦਿ ਕਾਰਣ ਵੀ ਦੰਦ ਦਰਦ ਹੁੰਦੇ ਹਨ।

ਦੰਦਾਂ ਦੀ ਸਹਾਇਤਾ ਨਾਲ ਹੀ ਅਸੀਂ ਖਾਣਾ ਚੱਬ ਕੇ ਖਾਂਦੇ ਹਾਂ। ਦੰਦ ਦਰਦ ਹੋਣ ਦੀ ਸਥਿਤੀ ਵਿਚ ਖਾਣਾ ਚਬਾਇਆ ਨਹੀਂ ਜਾ ਸਕਦਾ, ਜਿਸ ਨਾਲ ਭੁੱਖ ਮਰ ਜਾਂਦੀ ਹੈ। ਦੰਦ ਦਰਦ ਕਾਰਨ ਨੀਂਦ ਵੀ ਨਹੀਂ ਪ੍ਰਭਾਵਿਤ ਹੁੰਦੀ ਹੈ। ਖਾਣਾ ਚੰਗੀ ਤਰ੍ਹਾਂ ਚਬਾ ਕੇ ਨਾ ਖਾਣ ਦੀ ਸਥਿਤੀ ਵਿਚ ਇਹ ਅਮੀਨੋ ਐਸਿਡ ਵਿਚ ਨਹੀਂ ਟੁੱਟਦਾ ਅਤੇ ਮਿਹਦੇ ਦੀਆਂ ਸਮੱਸਿਆਵਾਂ ਸ਼ੁਰੂ ਹੋ ਜਾਂਦੀਆਂ ਹਨ। ਪੇਟ ਦੀਆਂ ਹੋਰ ਬਿਮਾਰੀਆਂ ਸ਼ੁਰੂ ਹੋ ਜਾਂਦੀਆਂ ਹਨ। ਇਸ ਲਈ ਸਰੀਰ ਦੇ ਹੋਰ ਅੰਗਾਂ ਵਾਂਗ ਆਪਣੇ ਦੰਦਾਂ ਦੀ ਸਹੀ ਦੇਖਭਾਲ ਕਰਨੀ ਚਾਹੀਦੀ ਹੈ। ਛੋਟੇ ਬੱਚਿਆਂ ਨੂੰ ਸ਼ੁਰੂ ਤੋਂ ਹੀ ਚੰਗੀਆਂ ਆਦਤਾਂ ਪਾਉਣੀਆਂ ਚਾਹੀਦੀਆਂ ਹਨ।

### ਘਰੇਲੂ ਨੁਸਖੇ

### ਸਰ੍ਹੋਂ ਦਾ ਤੇਲ ਅਤੇ ਹਲਦੀ ਦੀ ਵਰਤੋਂ ਦਾ ਘਰੇਲੂ ਨੁਸਖਾ

- ਇਕ ਚਮਚ ਸਰ੍ਹੋਂ ਦਾ ਤੇਲ ਕੋਸਾ ਕਰ ਲਉ। ਉਸ ਵਿਚ ਇਕ ਚੁਟਕੀ ਹਲਦੀ ਦੀ ਪਾਓ ਤੇ ਚੰਗੀ ਤਰ੍ਹਾਂ ਘੋਲ ਲਓ। ਜਿਸ ਦੰਦ 'ਤੇ ਦਰਦ ਹੋ ਰਹੀ ਹੈ, ਉਸ ਦੰਦ 'ਤੇ ਇਹ ਮਿਸ਼ਰਣ ਮਲੋ। ਪੰਜ ਮਿੰਟ ਤਕ ਇਸ ਨੂੰ ਦਰਦ ਵਾਲੇ ਦੰਦ 'ਤੇ ਲੱਗਾ ਰਹਿਣ ਦਿਓ। ਫਿਰ ਕੋਸਾ ਪਾਣਾ ਲੈ ਕੇ ਕੁਰਲੀ ਕਰ ਲਓ।

### ਸੁੰਢ ਦੇ ਪਾਊਡਰ ਅਤੇ ਨਿੰਬੂ ਦੇ ਰਸ ਦਾ ਘਰੇਲੂ ਨੁਸਖਾ

- ਇਕ ਚਮਚ ਨਿੰਬੂ ਦਾ ਰਸ ਲਓ। ਉਸ ਵਿਚ ਇਕ ਚਮਚ ਪੀਸੀ ਹੋਈ ਸੁੰਢ ਮਿਲਾ ਦਿਉ। ਇਸ ਮਿਸ਼ਰਨ ਨੂੰ ਦਰਦ ਕਰ ਰਹੇ ਦੰਦ 'ਤੇ ਲਗਾ ਕੇ ਪੰਜ ਮਿੰਟ ਦੇ ਲਈ ਰੱਖੋ। ਫਿਰ ਸਾਦੇ ਪਾਣੀ ਨਾਲ ਮੂੰਹ ਸਾਫ਼ ਕਰ ਲਓ। ਦਰਦ ਤੋਂ ਕਾਫ਼ੀ ਹੱਦ ਤਕ ਰਾਹਤ ਮਿਲੇਗੀ।

### ਨਾਰੀਅਲ ਦਾ ਤੇਲ ਅਤੇ ਲੌਂਗ ਦਾ ਘਰੇਲੂ ਨੁਸਖਾ



ਇਕ ਚਮਚ ਨਾਰੀਅਲ ਦਾ ਤੇਲ ਗਰਮ ਕਰੋ। ਇਸ ਵਿਚ ਤਿੰਨ ਲੌਂਗ ਪਾ ਕੇ ਫਰਾਈ ਕਰੋ। ਇਸ ਨੂੰ ਠੰਢਾ ਹੋ ਲੈਣ ਦਿਓ। ਫਿਰ ਇਹ ਲੌਂਗ ਪੀਸ ਲਓ ਤਾਂ ਕਿ ਪੇਸਟ ਤਿਆਰ ਹੋ ਜਾਵੇ। ਇਸ ਪੇਸਟ ਨੂੰ ਦਰਦ ਕਰ ਰਹੇ ਦੰਦ 'ਤੇ ਦਸ ਮਿੰਟ ਤਕ ਲੱਗਾ ਰਹਿਣ ਦਿਓ। ਤੇ ਸਾਦੇ ਪਾਣੀ ਨਾਲ ਮੂੰਹ ਸਾਫ ਕਰ ਲਓ। ਦਰਦ ਤੋਂ ਕਾਫ਼ੀ ਰਾਹਤ ਮਿਲੇਗੀ। ਸਵੇਰੇ ਉੱਠਣ ਤੋਂ ਬਾਅਦ ਅਤੇ ਰਾਤ ਨੂੰ ਸੌਣ ਤੋਂ ਪਹਿਲਾਂ ਬਰਸ਼ ਜ਼ਰੂਰ ਕਰਨਾ ਚਾਹੀਦਾ ਹੈ ਅਤੇ ਆਪਣੇ ਬੱਚਿਆਂ ਨੂੰ ਵੀ ਇਹ ਆਦਤ ਪਾਉਣੀ ਚਾਹੀਦੀ ਹੈ।

• ਮੀਨਾਕਸ਼ੀ ਅਰੋੜਾ



## ਸਿਆਲਾਂ 'ਚ ਜੋੜਾਂ ਦੇ ਦਰਦ

## ਰੱਖੋ ਖ਼ਾਸ ਖ਼ਿਆਲ

**ਸਰਦੀਆਂ ਦੌਰਾਨ ਬਜ਼ੁਰਗਾਂ ਨੂੰ ਜੋੜਾਂ ਦੇ ਦਰਦ ਦੀ ਸਮੱਸਿਆ ਆਉਂਦੀ ਹੈ। ਪਿਛਲੇ ਕੁਝ ਸਮੇਂ ਦੌਰਾਨ ਚਿਕਨਗੁਨੀਆ ਨਾਲ ਜੂਝੇ ਮਰੀਜ਼ਾਂ 'ਚ ਵੀ ਅਜਿਹੀ ਸਮੱਸਿਆ ਵੱਧ ਰਹੀ ਹੈ...**

ਸਰਦੀਆਂ ਦੇ ਮੌਸਮ ਵਿਚ ਜੋੜਾਂ ਦੀ ਸਮੱਸਿਆ ਵੱਧ ਜਾਂਦੀ ਹੈ। ਖ਼ਾਸ ਕਰਕੇ ਹੱਡੀਆਂ ਨਾਲ ਜੁੜੀ ਸਮੱਸਿਆ ਦਾ ਸਾਹਮਣਾ ਕਰ ਰਹੇ ਲੋਕਾਂ ਅਤੇ ਬਜ਼ੁਰਗਾਂ ਵਿਚ ਦਰਦ ਦੇ ਮਾਮਲੇ ਸਾਹਮਣੇ ਆਉਂਦੇ ਹਨ। ਇਨ੍ਹਾਂ ਦਿਨਾਂ ਵਿਚ ਉਨ੍ਹਾਂ ਲੋਕਾਂ ਵਿਚ ਵੀ ਇਹ ਸਮੱਸਿਆ ਜ਼ਿਆਦਾ ਦੇਖੀ ਜਾ ਰਹੀ ਹੈ ਜਿਨ੍ਹਾਂ ਨੂੰ ਕੁਝ ਮਹੀਨੇ ਪਹਿਲਾਂ ਚਿਕਨਗੁਨੀਆ ਹੋਇਆ ਸੀ। ਇਨ੍ਹਾਂ ਵਿਚ ਜੋੜਾਂ ਦੇ ਦਰਦ ਦੇ ਨਾਲ ਜਕੜਨ ਦੀ ਸਮੱਸਿਆ ਵੱਧ ਰਹੀ ਹੈ। ਮਾਹਿਰਾਂ ਮੁਤਾਬਿਕ ਖਾਣ-ਪੀਣ ਅਤੇ ਨਿਯਮਿਤ ਕਸਰਤ ਨਾਲ ਇਸ ਤੋਂ ਰਾਹਤ ਪਾਈ ਜਾ ਸਕਦੀ ਹੈ।

### ਕਾਰਨ

ਚਿਕਨਗੁਨੀਆ ਵਾਇਰਸ ਨਾਲ ਹੋਣ ਵਾਲੀ ਬਿਮਾਰੀ ਹੈ। ਇਸ ਦਾ ਵਾਇਰਸ ਸਰੀਰ ਵਿਚ ਜਾ ਕੇ ਜੋੜਾਂ ਦੇ ਦਰਦ ਅਤੇ ਆਕੜ ਅਤੇ ਸੋਜ ਦਾ ਕਾਰਣ ਬਣਦਾ ਹੈ। 50 ਫ਼ੀਸਦੀ ਮਰੀਜ਼ਾਂ ਵਿਚ ਇਹ ਬਿਮਾਰੀ 2-3 ਹਫ਼ਤਿਆਂ ਵਿਚ ਠੀਕ ਹੋ ਜਾਂਦੀ ਹੈ ਪਰ ਕੁਝ ਮਰੀਜ਼ਾਂ ਵਿਚ ਦਰਦ ਖ਼ਤਮ ਹੁੰਦਿਆਂ ਹੀ ਮਹੀਨਿਆਂ ਜਾਂ ਇਕ ਸਾਲ ਤਕ ਦਾ ਸਮਾਂ ਲੱਗ ਜਾਂਦਾ ਹੈ। ਸਰਦੀਆਂ ਵਿਚ ਤਾਪਮਾਨ ਡਿੱਗਣ ਕਾਰਨ ਜੋੜਾਂ ਦੇ ਦਰਦ ਦੀ ਸਮੱਸਿਆ ਵਧ ਜਾਂਦੀ ਹੈ।

### ਸਰਦੀ ਤੋਂ ਰੱਖੋ ਬਚਾਅ

ਸਵੇਰੇ ਜਲਦੀ ਅਤੇ ਸ਼ਾਮ ਨੂੰ ਟਹਿਲਣ ਤੋਂ ਬਚੋ। ਸਵੇਰੇ 7 ਵਜੇ ਸੈਰ 'ਤੇ ਜਾਇਆ ਜਾਵੇ। ਇਨ੍ਹੀਂ ਦਿਨੀਂ ਧੁੱਪ ਵਿਚ ਟਹਿਲਣ ਜਾਂ ਬੈਠਣ ਨਾਲ ਵਿਟਾਮਿਨ ਡੀ ਦੀ ਪੂਰਤੀ ਹੋਣ ਨਾਲ ਹੱਡੀਆਂ ਮਜ਼ਬੂਤ ਹੁੰਦੀਆਂ ਹਨ। ਦਰਦ ਜ਼ਿਆਦਾ ਹੋਣ 'ਤੇ ਡਾਕਟਰੀ ਸਲਾਹ ਨਾਲ ਦਵਾਈ ਲਓ। ਜੋੜਾਂ 'ਚ ਦਰਦ ਅਤੇ ਆਕੜ ਹੋਣ 'ਤੇ ਸੇਕ ਲੈਣ ਲਈ ਧੁੱਪ 'ਚ 20-25 ਮਿੰਟ ਜ਼ਰੂਰ ਬੈਠੋ।

### ਕਰੋ ਹਲਕੀ ਕਸਰਤ

ਆਕੜ ਅਤੇ ਜੋੜਾਂ ਦੇ ਦਰਦ ਤੋਂ ਬਚਾਅ ਲਈ ਜੌਗਿੰਗ, ਸਾਈਕਲਿੰਗ, ਐਰੋਬਿਕਸ ਕਰੋ। ਕਮਰ, ਗੋਡਿਆਂ ਅਤੇ ਜੋੜਾਂ ਨੂੰ ਗਤੀਸ਼ੀਲ ਕਰਨ ਲਈ ਆਸਾਨ ਅਤੇ ਹਲਕੀਆਂ ਕਸਰਤਾਂ ਜਿਵੇਂ ਕੁਰਸੀ 'ਤੇ ਬੈਠ ਕੇ ਪੈਰਾਂ ਨੂੰ ਸਿੱਧਾ ਕਰ ਕੇ ਮੋੜੋ ਜਾਂ ਫਿਰ ਕੁਰਸੀ ਤੋਂ ਉੱਠ ਕੇ ਪੈਰਾਂ ਨੂੰ ਗੋਡਿਆਂ ਨਾਲ 5-6 ਵਾਰ ਮੋੜੋ ਅਤੇ ਸਿੱਧਾ ਕਰਨ ਦੀ ਕਸਰਤ ਕਰੋ। ਇਸ ਨਾਲ ਦਰਦ ਅਤੇ ਆਕੜ ਖ਼ਤਮ ਹੋਣ ਨਾਲ ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ।



### ਠੰਢੀਆਂ ਚੀਜ਼ਾਂ ਤੋਂ ਪਰਹੇਜ਼

ਠੰਢੀਆਂ ਚੀਜ਼ਾਂ ਜਿਵੇਂ ਦਹੀਂ, ਲੱਸੀ ਅਤੇ ਖੱਟੀਆਂ ਚੀਜ਼ਾਂ ਨਾ ਖਾਓ। ਜੇ ਅਜਿਹੀ ਕੋਈ ਚੀਜ਼ ਖਾਣੀ ਹੋਵੇ ਤਾਂ ਦੁਪਹਿਰ ਤੋਂ ਪਹਿਲਾਂ ਖਾਓ। ਖੱਟੇ ਫਲ ਜਿਵੇਂ ਮੌਸੰਮੀ, ਸੰਤਰਾ ਆਦਿ ਵਿਚ ਐਂਟੀਆਕਸੀਡੈਂਟ ਜ਼ਿਆਦਾ ਹੰਦਾ ਹੈ ਜੋ ਸਰੀਰ 'ਚੋਂ ਜ਼ਹਿਰੀਲਾ ਮਾਦਾ ਬਾਹਰ ਕੱਢਦੇ ਹਨ ਜਦਕਿ ਪੱਤੇਦਾਰ ਸਬਜ਼ੀਆਂ ਵਿਚ ਆਇਰਨ ਅਤੇ ਵਿਟਾਮਿਨ ਭਰਪੂਰ ਹੁੰਦੇ ਹਨ ਜੋ ਜੋੜਾਂ ਦੇ ਦਰਦ ਵਿਚ ਰਾਹਤ ਦਿੰਦੇ ਹਨ। ਸਮੱਸਿਆ ਜ਼ਿਆਦਾ ਵਧਣ 'ਤੇ ਡਾਕਟਰੀ ਸਲਾਹ ਲਓ।

# ਪੰਜਾਬ ਪੁਲਿਸ ਵੱਲੋਂ ਸੰਖੇਪ ਮੁਕਾਬਲੇ ਤੋਂ ਬਾਅਦ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਸ਼ਾਮਲ ਦੋ ਮੁਲਜ਼ਮ ਗ੍ਰਿਫ਼ਤਾਰ; ਇੱਕ ਪਿਸਤੌਲ ਬਰਾਮਦ

**ਚੰਡੀਗੜ੍ਹ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਦੇ ਮੱਦੇਨਜ਼ਰ ਜਾਰੀ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਤਰਨਤਾਰਨ ਦੇ ਵਲਟੋਹਾ ਵਿਖੇ ਇੱਕ ਸੰਖੇਪ ਮੁਕਾਬਲੇ ਤੋਂ ਬਾਅਦ ਵਿਦੇਸ਼ੀ ਮੂਲ ਦੇ ਗੈਂਗਸਟਰ ਪ੍ਰਭਦੀਪ ਸਿੰਘ ਉਰਫ਼ ਪ੍ਰਭ ਦਾਸੂਵਾਲ ਦੇ ਦੋ ਸਾਥੀਆਂ ਨੂੰ ਗ੍ਰਿਫ਼ਤਾਰ ਕਰਕੇ ਜ਼ਿਲ੍ਹਾ ਤਰਨਤਾਰਨ ਵਿੱਚ ਵਾਪਰੀਆਂ ਗੋਲੀਬਾਰੀ ਦੀਆਂ ਦੋ ਵੱਖ-ਵੱਖ ਘਟਨਾਵਾਂ ਦੀ ਗੁੱਥੀ ਸੁਲਝਾ ਲਈ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ, ਪੰਜਾਬ (ਡੀਜੀਪੀ) ਗੌਰਵ ਯਾਦਵ ਦਿੱਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਕਰਨਪ੍ਰੀਤ ਸਿੰਘ ਉਰਫ ਕਰਨ ਵਾਸੀ ਪਿੰਡ ਤੂਤ (ਤਰਨਤਾਰਨ) ਅਤੇ ਗੁਰਲਾਲਜੀਤ ਸਿੰਘ ਉਰਫ ਲਾਲੀ ਪਿੰਡ ਭੰਗਾਲਾ (ਤਰਨਤਾਰਨ) ਵਜੋਂ ਹੋਈ ਹੈ।

ਪੁਲਿਸ ਟੀਮਾਂ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਇਕ .32 ਬੋਰ ਦਾ ਪਿਸਤੌਲ, ਜਿੰਦਾ ਕਾਰਤੂਸ ਅਤੇ ਕਾਰਤੂਸਾਂ ਦੇ ਖਾਲੀ ਖੋਲ ਬਰਾਮਦ ਕਰਨ ਤੋਂ ਇਲਾਵਾ ਉਨ੍ਹਾਂ ਦਾ ਹੌਂਡਾ ਐਕਟਿਵਾ ਸਕੂਟਰ, ਜਿਸ 'ਤੇ ਉਹ ਸਵਾਰ ਸਨ, ਵੀ ਜ਼ਬਤ ਕੀਤਾ ਹੈ।

ਜਾਣਕਾਰੀ ਅਨੁਸਾਰ ਦੋਵੇਂ ਮੁਲਜ਼ਮ, ਹੈਂਡਲਰ ਪ੍ਰਭ ਦਾਸੂਵਾਲ , ਜੋ ਕਿ ਘਨਸ਼ਿਆਮਪੁਰੀਆ ਗਿਰੋਹ ਨਾਲ ਸਬੰਧਤ ਹੈ, ਦੇ ਨਿਰਦੇਸ਼ਾਂ 'ਤੇ ਜ਼ਬਰਨ ਵਸੂਲੀ ਦਾ ਰੈਕੇਟ ਚਲਾ ਰਹੇ ਸਨ ਅਤੇ ਗੋਲੀਬਾਰੀ ਦੀਆਂ ਦੋ ਵਾਰਦਾਤਾਂ ਨੂੰ ਅੰਜਾਮ ਦੇ ਚੁੱਕੇ ਸਨ। ਗੋਲੀਬਾਰੀ ਦੀ ਤਾਜ਼ਾ ਘਟਨਾ ਇਸ ਸਾਲ 1 ਜਨਵਰੀ ਨੂੰ ਪਿੰਡ ਘਰਿਆਲਾ ਦੇ ਇਕ ਮੈਡੀਕਲ ਸਟੋਰ 'ਤੇ ਵਾਪਰੀ ਸੀ ਅਤੇ ਵਲਟੋਹਾ ਵਿਖੇ ਗੋਲੀਬਾਰੀ ਦੀ ਇਕ ਹੋਰ ਘਟਨਾ 2 ਦਸੰਬਰ, 2024 ਨੂੰ ਵਾਪਰੀ ਸੀ, ਜਦੋਂ ਇੱਕ ਆੜ੍ਹਤੀਏ ਨੂੰ 20 ਲੱਖ ਰੁਪਏ ਦੀ ਫਿਰੌਤੀ ਲਈ ਨਿਸ਼ਾਨਾ ਬਣਾਇਆ ਗਿਆ ਸੀ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਨ੍ਹਾਂ ਘਟਨਾਵਾਂ ਤੋਂ ਬਾਅਦ ਤਰਨਤਾਰਨ ਪੁਲਿਸ ਨੇ ਇੱਕ ਵਿਸ਼ੇਸ਼ ਅਭਿਆਨ ਚਲਾਇਆ ਹੈ ਅਤੇ ਤਕਨੀਕੀ ਪਹਿਲੂਆਂ ਤੇ ਮਨੁੱਖੀ ਸੂਝ-ਬੂਝ ਤਹਿਤ ਕਾਰਵਾਈ ਕਰਦੇ ਹੋਏ ਦੋਵੇਂ ਮਾਮਲਿਆਂ 'ਚ ਸ਼ਾਮਲ ਦੋਵਾਂ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ।

ਉਨ੍ਹਾਂ ਦੱਸਿਆ ਕਿ ਵਲਟੋਹਾ ਖੇਤਰ 'ਚ ਘੁੰਮ ਰਹੇ ਕਥਿਤ ਦੋਸ਼ੀਆਂ ਬਾਰੇ ਪੁਖ਼ਤਾ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਐਸ.ਪੀ ਇਨਵੈਸਟੀਗੇਸ਼ਨ ਅਜੈਰਾਜ ਸਿੰਘ, ਡੀ.ਐਸ.ਪੀ ਇਨਵੈਸਟੀਗੇਸ਼ਨ ਰਜਿੰਦਰ ਮਿਨਹਾਸ ਅਤੇ ਡੀ.ਐਸ.ਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਟੀਮ ਨੇ ਮੁਲਜ਼ਮਾਂ ਦਾ ਪਿੱਛਾ ਕੀਤਾ ਅਤੇ ਵਲਟੋਹਾ ਵਿਖੇ ਨਾਕੇ 'ਤੇ ਉਨ੍ਹਾਂ ਨੂੰ ਘੇਰ ਲਿਆ। ਉਨ੍ਹਾਂ ਕਿਹਾ ਕਿ ਦੋਵਾਂ ਮੁਲਜ਼ਮਾਂ ਨੇ ਪੁਲਿਸ ਪਾਰਟੀ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਇਸ 'ਤੇ ਸਵੈਰੱਖਿਆ ਲਈ ਪੁਲਿਸ ਨੇ ਵੀ ਜਵਾਬੀ ਗੋਲੀਬਾਰੀ ਕੀਤੀ। ਹੋਰ ਵੇਰਵੇ ਸਾਂਝੇ ਕਰਦੇ ਹੋਏ ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਤਰਨਤਾਰਨ ਅਭਿਮਨਿਊ ਰਾਣਾ ਨੇ ਦੱਸਿਆ ਕਿ ਜਵਾਬੀ ਗੋਲੀਬਾਰੀ ਵਿੱਚ ਮੁਲਜ਼ਮ ਕਰਨਪ੍ਰੀਤ ਅਤੇ ਗੁਰਲਾਲਜੀਤ ਨੂੰ ਗੋਲੀਆਂ ਲੱਗੀਆਂ। ਉਨ੍ਹਾਂ ਦੱਸਿਆ ਕਿ ਦੋਵੇਂ ਮੁਲਜ਼ਮ ਕਰਨ ਅਤੇ ਗੁਰਲਾਲਜੀਤ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਮੁਲਜ਼ਮ ਕਰਨਪ੍ਰੀਤ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਪੰਜਾਬ ਪੁਲਿਸ ਨੂੰ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ। ਐਸਐਸਪੀ ਨੇ ਦੱਸਿਆ ਕਿ ਅਗਲੇਰੀ ਜਾਂਚ ਜਾਰੀ ਹੈ ਅਤੇ ਦੋਵਾਂ ਮਾਮਲਿਆਂ ਵਿੱਚ ਫਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਇਸ ਸਬੰਧੀ ਐਫਆਈਆਰ ਨੰ. 3 ਮਿਤੀ 07/01/2025 ਨੂੰ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 109, 132, 221 ਅਤੇ 3(5) ਅਤੇ ਅਸਲਾ ਐਕਟ ਦੀ ਧਾਰਾ 25 (6) (7) ਤਹਿਤ ਥਾਣਾ ਵਲਟੋਹਾ ਵਿਖੇ ਕੇਸ ਦਰਜ ਕੀਤਾ ਗਿਆ ਹੈ।

# ਯੁਵਕ ਸੇਵਾਵਾਂ ਵਿਭਾਗ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਪਿੰਡ ਬੱਲੋਕੇ 'ਚ ਸੈਮੀਨਾਰ ਆਯੋਜਿਤ

**ਲੁਧਿਆਣਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁਵਕ ਸੇਵਾਵਾਂ ਵਿਭਾਗ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਪਿੰਡ ਬੱਲੋਕੇ ਵਿੱਚ ਸੈਮੀਨਾਰ ਅਤੇ ਨੁੱਕੜ ਨਾਟਕ ਕਰਵਾਇਆ ਗਿਆ।ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਪੰਜਾਬ, ਚੰਡੀਗੜ੍ਹ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਲੁਧਿਆਣਾ ਦੀ ਅਗਵਾਈ ਵਿੱਚ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਰਾਹੀਂ ਕਰਵਾਏ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਤਹਿਤ ਪਿੰਡ ਬੱਲੋਕੇ ਵਿੱਚ ਸੈਮੀਨਾਰ ਅਤੇ ਨੁੱਕੜ ਨਾਟਕ ਕਰਵਾਇਆ ਗਿਆ।

ਇਸ ਦੌਰਾਨ ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਪੰਜਾਬ ਦੀ ਜਵਾਨੀ ਨੂੰ ਖਤਮ ਕਰ ਰਹੇ ਹਨ, ਇਹਨਾਂ ਤੋਂ ਬਚਣ ਲਈ ਸਾਰਿਆਂ ਨੂੰ ਰਲ ਕੇ ਹੰਭਲਾ ਮਾਰਨ ਦੀ ਲੋੜ ਹੈ ਕਿਉਂਕਿ ਨਸ਼ਿਆਂ ਵਿੱਚ ਗ੍ਰਸਤ ਹੋਈ ਨੌਜਵਾਨੀ ਗਲਤ ਰਸਤੇ ਅਪਨਾ ਕੇ ਆਪਣਾ ਅਤੇ ਆਪਣੇ ਪਰਿਵਾਰ ਦਾ ਭਵਿੱਖ ਖਰਾਬ ਕਰ ਰਹੀ ਹੈ ਜਿਸ ਦਾ ਖਮਿਆਜ਼ਾ ਪੂਰੇ ਸਮਾਜ ਨੂੰ ਵੀ ਭੁਗਤਣਾ ਪੈਂਦਾ ਹੈ।

ਉਹਨਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਯੁਵਕ ਸੇਵਾਵਾਂ ਵਿਭਾਗ ਰਾਹੀਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।ਇਸ ਸੈਮੀਨਾਰ ਵਿੱਚ ਡਾ. ਸੰਧਿਆ, ਸਿਵਿਲ ਡਿਸਪੈਂਸਰੀ, ਹੈਬੋਵਾਲ ਕਲਾਂ, ਲੁਧਿਆਣਾ ਨੇ ਵੀ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਅੱਜ ਦਾ ਨੌਜਵਾਨ ਕਿਵੇਂ ਨਸ਼ਿਆਂ ਦੀ ਜਕੜ ਵਿੱਚ ਆਉਂਦਾ ਹੈ ਅਤੇ ਇਹਨਾਂ ਮਾਰੂ ਨਸ਼ਿਆਂ ਤੋਂ ਕਿਵੇਂ ਬਚਿਆ ਜਾ ਸਕਦਾ ਹੈ। ਉਹਨਾਂ ਇਹ ਵੀ ਦੱਸਿਆ ਕਿ ਜੋ ਨੌਜਵਾਨ ਨਸ਼ਾ ਛੱਡਣਾ ਚਾਹੁੰਦੇ ਹਨ, ਉਹ ਨਸ਼ਾ ਛੁਡਾਉ ਕੇਂਦਰਾਂ ਵਿੱਚ ਜਾ ਕੇ ਨਸ਼ਾ ਛੱਡ ਸਕਦੇ ਹਨ।

ਸ਼੍ਰੀਮਤੀ ਮਧੂ ਬਾਲਾ ਐਸ.ਐਚ.ਓ, ਇੰਚਾਰਜ਼ ਹੈਬੋਵਾਲ ਨੇ ਵੀ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ।ਸੈਮੀਨਾਰ ਦੇ ਅੰਤ ਵਿੱਚ ਨਸ਼ਿਆਂ ਦੇ ਮਾਰੂ ਅਸਰ ਦਿਖਾਉਂਦਾ ਇੱਕ ਨੁੱਕੜ ਨਾਟਕ ਵੀ ਖੇਡਿਆ ਗਿਆ।ਇਸ ਮੌਕੇ ਸ਼੍ਰੀ ਅਭਿਸ਼ੇਕ ਸਿੰਘ, ਪ੍ਰਧਾਨ ਯੁਵਕ ਸੇਵਾਵਾਂ ਕਲੱਬ, ਬੱਲੋਕੇ ਵੱਲੋਂ ਆਏ ਹੋਏ ਯੁਵਕ ਸੇਵਾਵਾਂ ਵਿਭਾਗ ਦੀ ਸਾਰੀ ਟੀਮ ਅਤੇ ਪਿੰਡ ਦੇ ਸਰਪੰਚ ਸ਼੍ਰੀ ਗੌਰਵ ਰੂਪਰਾਏ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਇਸ ਸੈਮੀਨਾਰ ਦੌਰਾਨ ਵਿਕਾਸ ਸ਼ਰਮਾ, ਰਾਹੁਲ ਨੇਗੀ, ਸਨੀ, ਸਿਕੰਦਰ ਗਿੱਲ, ਸਤਬੀਰ ਸਿੰਘ ਸਮਾਜ ਸੇਵੀ ਅਤੇ ਯੁਵਕ ਸੇਵਾਵਾਂ ਕਲੱਬ ਬੱਲੋਕੇ ਦੇ ਮੈਂਬਰ ਵੀ ਹਾਜ਼ਰ ਸਨ।

# 19 ਜਨਵਰੀ (ਆਨਲਾਈਨ) ਤੇ 24 ਜਨਵਰੀ (ਆਫਲਾਈਨ) ਮੁਕਾਬਲਿਆਂ 'ਚ ਨੌਜਵਾਨ ਵੱਧ ਚੜ੍ਹ ਕੇ ਲੈਣ ਹਿੱਸਾ - ਜ਼ਿਲ੍ਹਾ ਚੋਣ ਅਫ਼ਸਰ

**ਲੁਧਿਆਣਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਵੱਲੋਂ ਖਾਸ ਤੌਰ 'ਤੇ ਨੌਜਵਾਨ ਵੋਟਰਾਂ ਨੂੰ ਅਪੀਲ ਕਰਦਿਆਂ ਕਿਹਾ ਗਿਆ ਕਿ 15ਵੇਂ ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ 'ਪੰਜਾਬ ਚੋਣ ਕੁਇੱਜ - 2025' ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇ।

ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਦੱਸਿਆ ਕਿ ਲੋਕਤੰਤਰ ਵਿੱਚ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਨੂੰ ਵੋਟ ਪਾਉਣ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਮੁੱਖ ਚੋਣ ਅਫ਼ਸਰ, ਪੰਜਾਬ ਦੁਆਰਾ '15ਵੇਂ ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ 'ਪੰਜਾਬ ਚੋਣ ਕੁਇੱਜ਼-2025' ਦਾ ਆਯੋਜਨ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਅੱਗੇ ਦੱਸਿਆ ਕਿ 'ਪੰਜਾਬ ਚੋਣ ਕੁਇੱਜ਼-2025' ਆਨਲਾਈਨ ਅਤੇ ਆਫ਼ਲਾਈਨ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਮੁਕਾਬਲਿਆਂ ਲਈ ਆਨਲਾਈਨ ਰਜਿਸਟ੍ਰੇਸ਼ਨ 17 ਜਨਵਰੀ, 2025 ਤੱਕ ਕਰਵਾਈ ਜਾ ਸਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਨਲਾਈਨ ਚੋਣ ਕੁਇੱਜ਼ ਮੁਕਾਬਲਾ 19 ਜਨਵਰੀ ਅਤੇ ਰਾਜ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ, 2025 ਨੂੰ ਲੁਧਿਆਣਾ ਵਿਖੇ ਹੋਵੇਗਾ।ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਦੱਸਿਆ ਕਿ ਪਹਿਲੇ ਗੇੜ ਵਿੱਚ ਜੇਤੂਆਂ ਦੀ ਪਛਾਣ ਜ਼ਿਲ੍ਹਾ ਪੱਧਰ 'ਤੇ ਆਨਲਾਈਨ ਮੁਕਾਬਲੇ ਤਹਿਤ ਕੀਤੀ ਜਾਵੇਗੀ ਅਤੇ ਅੰਤਿਮ ਆਫ਼ਲਾਈਨ ਮੁਕਾਬਲਾ 24 ਜਨਵਰੀ, 2025 ਨੂੰ ਲੁਧਿਆਣਾ ਵਿਖੇ 23 ਜ਼ਿਲ੍ਹਿਆਂ ਦੇ ਜੇਤੂਆਂ ਵਿਚਕਾਰ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਚੋਣ ਕੁਇੱਜ਼-2025 ਲਈ ਆਨਲਾਈਨ ਰਜਿਸਟ੍ਰੇਸ਼ਨ https://Punjab.indiastatquiz.com Óਤੇ ਕੀਤੀ ਜਾ ਸਕਦੀ ਹੈ।ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਦੱਸਿਆ ਕਿ ਮੁਕਾਬਲੇ ਵਿੱਚ ਹਿੱਸਾ ਲੈਣ ਲਈ ਵੋਟਰ ਸ਼ਨਾਖ਼ਤੀ ਕਾਰਡ, ਆਧਾਰ ਕਾਰਡ ਅਤੇ ਸਕੂਲ/ਕਾਲਜ ਵਲੋਂ ਜਾਰੀ ਕੀਤਾ ਗਿਆ ਪਹਿਚਾਣ ਪੱਤਰ ਵੀ ਜਮ੍ਹਾਂ ਕਰਵਾਇਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਰਾਜ ਪੱਧਰ 'ਤੇ ਜੇਤੂਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ ਜਿਸ ਵਿੱਚ ਪਹਿਲੇ ਜੇਤੂ ਨੂੰ ਇੱਕ ਵਿੰਡੋਜ਼ ਲੈਪਟਾਪ, ਦੂਜੇ ਜੇਤੂ ਨੂੰ ਐਂਡਰਾਇਡ ਟੈਬਲੇਟ, ਤੀਸਰੇ ਜੇਤੂ ਨੂੰ ਇੱਕ ਸਮਾਰਟ ਵਾਚ ਅਤੇ ਪੰਜਾਬ ਦੇ ਹਰੇਕ ਜ਼ਿਲ੍ਹੇ ਦੇ ਟੌਪਰ ਲਈ ਇੱਕ ਸਮਾਰਟਫੋਨ ਸ਼ਾਮਲ ਹਨ ਅਤੇ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਸਰਟੀਫਿਕੇਟ ਵੀ ਪ੍ਰਦਾਨ ਕੀਤਾ ਜਾਵੇਗਾ।

# ਗਿੱਦੜਬਾਹਾ ਚੋ ਮੋਟਰਸਾਈਕਲ ਚੋਰੀ ਕੇਸ ਵਿੱਚ ਤਿੰਨ ਹੋਰ ਮੋਟਰਸਾਈਕਲ ਬਰਾਮਦ



**ਗਿੱਦੜਬਾਹਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਗਿੱਦੜਬਾਹਾ ਦੀ ਪੁਲਿਸ ਨੇ ਚੋਰੀ ਦੇ ਦੋ ਮੋਟਰਸਾਈਕਲਾਂ ਸਮੇਤ ਬੀਤੇ ਦਿਨ 2 ਵਿਅਕਤੀਆਂ ਨੂੰ ਕਾਬੂ ਕਰਦੇ ਹੋਏ ਮੁਕੱਦਮਾ ਦਰਜ ਕੀਤਾ ਸੀ। ਉਕਤ ਮੁਕੱਦਮੇ ਵਿਚ ਅੱਗੇ ਤਫਤੀਸ਼ ਕਰਦੇ ਹੋਏ ਪੁਲਿਸ ਨੇ ਜਿੱਥੇ ਇਕ ਹੋਰ ਕਥਿਤ ਦੋਸ਼ੀ ਨੂੰ ਨਾਮਜਦ ਕੀਤਾ ਹੈ। ਉੱਥੇ ਹੀ 3 ਹੋਰ ਮੋਟਰਸਾਈਕਲ ਵੀ ਬਰਾਮਦ ਕੀਤੇ ਹਨ। ਇਸ ਸਬੰਧੀ ਆਪਣੇ ਦਫਤਰ ਵਿਖੇ ਆਯੋਜਿਤ ਪ੍ਰੈਸ ਕਾਨਫਰੰਸ ਵਿੱਚ ਡੀ ਐਸ ਪੀ ਅਵਤਾਰ ਸਿੰਘ ਰਾਜਪਾਲ ਅਤੇ ਐਸ ਐਚ ਓ ਦੀਪਿਕਾ ਕੰਬੋਜ ਨੇ ਦੱਸਿਆ ਕੀ ਥਾਣਾ ਗਿੱਦੜਬਾਹਾ ਦੇ ਏ ਐਸ ਆਈ ਜੰਗ ਸਿੰਘ ਨੇ ਦੌਰਾਨੇ ਗਸ਼ਤ ਸੂਚਨਾ ਮਿਲਣ ਤੇ ਵਕੀਲ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਕੋਟਭਾਈ ਅਤੇ ਜਗਨਦੀਪ ਸਿੰਘ ਪੁੱਤਰ ਸੋਹਨ ਸਿੰਘ ਵਾਸੀ ਇੰਦਰਾ ਨਗਰੀ ਗਲੀ ਨੰਬਰ 7 ਅਬੋਹਰ ਨੂੰ ਗ੍ਰਿਫਤਾਰ ਕਰਦੇ ਹੋਏ ਇੰਨਾ ਪਾਸੋਂ 2 ਮੋਟਰਸਾਈਕਲ ਬਰਾਮਦ ਕੀਤੇ ਸਨ ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਉਕਤਾਨ ਦੋਸੀਆਨ ਪਾਸੋਂ ਇਕ ਮੋਟਰਸਾਈਕਲ ਮਾਰਕਾ ਸੀ ਡੀ ਡੀਲੈਕਸ ਬਿਨਾਂ ਨੰਬਰ ਅਤੇ 2 ਹੋਰ ਬਿਨਾਂ ਨੰਬਰੀ ਸਪਲੈਂਡਰ ਮੋਟਰਸਾਈਕਲ ਬਰਾਮਦ ਕਰਦੇ ਹੋਏ ਉਕਤ ਮੁਕੱਦਮੇ ਵਿਚ ਬੇਅੰਤ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਕੋਟਭਾਈ ਨੂੰ ਨਾਮਜਦ ਕੀਤਾ ਗਿਆ ਹੈ ਜਦੋਂ ਕਥਿਤ ਦੋਸ਼ੀ ਵਕੀਲ ਸਿੰਘ ਖਿਲਾਫ ਪਹਿਲਾਂ ਵੀ 2 ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਕ ?ਾਬੂ ਕੀਤੇ ਗਏ ਕਥਿਤ ਦੋਸ਼ੀਆਂਨ ਦਾ 3 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ ਅਤੇ ਇੰਨਾ ਪਾਸੋਂ ਹੋਰ ਵੀ ਅਹਿਮ ਜਾਣਕਾਰੀਆ ਮਿਲਣ ਦੀ ਉਮੀਦ ਹੈ ਅਤੇ ਮੁਕੱਦਮੇ ਦੇ ਤੀਜੇ ਦੋਸ਼ੀ ਬੇਅੰਤ ਸਿੰਘ ਨੂੰ ਜਲਦੀ ਹੀ ਕ ?ਾਬੂ ਕਰ ਲਿਆ ਜਾਵੇਗਾ।

# ਅਧਿਕਾਰੀਆਂ ਨੂੰ ਸਮਾਗਮ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ



**ਲੁਧਿਆਣਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ 11 ਜਨਵਰੀ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਹੋਣ ਵਾਲੇ ਨਸ਼ਾ ਮੁਕਤ ਭਾਰਤ ਅਭਿਆਨ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ, ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ. ਵੀਰੇਂਦਰ ਕੁਮਾਰ ਅਤੇ ਪੰਜਾਬ ਦੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ. ਬਲਜੀਤ ਕੌਰ ਕਰਨਗੇ।

ਅਧਿਕਾਰੀਆਂ ਨਾਲ ਵਿਚਾਰ-ਵਟਾਂਦਰੇ ਵਿੱਚ ਡਿਪਟੀ ਕਮਿਸ਼ਨਰ ਨੇ ਏ.ਡੀ.ਸੀ ਸ੍ਰੀ ਰੋਹਿਤ ਗੁਪਤਾ, ਸੀ.ਐਮ ਦੇ ਫੀਲਡ ਅਫਸਰ ਮੈਡਮ ਕ੍ਰਿਤਿਕਾ ਗੋਇਲ ਅਤੇ ਹੋਰਾਂ ਦੇ ਨਾਲ ਅਧਿਕਾਰੀਆਂ ਨੂੰ ਸਮਾਗਮ ਦੇ ਸਫਲਤਾਪੂਰਵਕ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਸੁਰੱਖਿਆ, ਡਾਕਟਰੀ ਸੇਵਾਵਾਂ, ਟ੍ਰੈਫਿਕ ਪ੍ਰਬੰਧਨ, ਸਫਾਈ, ਪਾਰਕਿੰਗ, ਬਿਜਲੀ ਸਪਲਾਈ ਅਤੇ ਅੱਗ ਸੁਰੱਖਿਆ ਪ੍ਰੋਟੋਕੋਲ ਸੰਬੰਧੀ ਵਿਆਪਕ ਪ੍ਰਬੰਧਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

ਸ੍ਰੀ ਜਤਿੰਦਰ ਜੋਰਵਾਲ ਨੇ ਕਿਹਾ ਕਿ ਨੋਡਲ ਅਫਸਰਾਂ ਨੂੰ ਟ੍ਰੈਫਿਕ ਡਾਇਵਰਸ਼ਨ, ਵਾਹਨ ਪਾਰਕਿੰਗ, ਸੁਰੱਖਿਆ, ਡਾਕਟਰੀ ਸਹਾਇਤਾ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਲਈ ਪੁਖਤਾ ਪ੍ਰਬੰਧਾਂ ਦੀ ਗਰੰਟੀ ਦੇਣ ਲਈ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਪਤਵੰਤੇ ਸੱਜਣਾਂ, ਵਿਦਿਆਰਥੀਆਂ ਅਤੇ ਜਨਤਾ ਨੂੰ ਸਮਾਗਮ ਦੌਰਾਨ ਕੋਈ ਅਸੁਵਿਧਾ ਨਾ ਹੋਵੇ। ਇਸ ਤੋਂ ਇਲਾਵਾ ਉਨ੍ਹਾਂ ਐਲਾਨ ਕੀਤਾ ਕਿ ਸਮਾਗਮ ਤੋਂ ਬਾਅਦ ਇੱਕ ਵਾਕਾਥੌਨ ਹੋਵੇਗਾ, ਜਿਸ ਵਿੱਚ ਮੁੱਖ ਮਹਿਮਾਨ ਨਸ਼ਾ ਮੁਕਤ ਭਾਰਤ ਅਭਿਆਨ ਦੇ ਸੰਦੇਸ਼ ਨੂੰ ਫੈਲਾਉਣ ਲਈ ਹਿੱਸਾ ਲੈਣਗੇ। ਉਨ੍ਹਾਂ ਸਾਰੇ ਸਟਾਫ਼ ਮੈਂਬਰਾਂ ਨੂੰ ਆਪਣੀਆਂ ਡਿਊਟੀਆਂ ਪੂਰੀ ਲਗਨ ਨਾਲ ਨਿਭਾਉਣ ਦੀ ਅਪੀਲ ਕੀਤੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਨਸ਼ਾ ਮੁਕਤ ਭਾਰਤ ਮੁਹਿੰਮ ਨਸ਼ਿਆਂ ਦੇ ਮੁੱਦਿਆਂ ਦਾ ਮੁਕਾਬਲਾ ਕਰਨ ਲਈ ਤਿੰਨ-ਪੱਖੀ ਰਣਨੀਤੀ ਦੀ ਵਰਤੋਂ ਕਰਦੀ ਹੈ। ਇਸ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਪੁਲਿਸ ਰਾਹੀਂ ਨਸ਼ਿਆਂ ਦੀ ਸਪਲਾਈ ਨੂੰ ਰੋਕਣਾ, ਆਊਟਰੀਚ ਅਤੇ ਜਾਗਰੂਕਤਾ ਪਹਿਲਕਦਮੀਆਂ ਕਰਨਾ ਅਤੇ ਨਸ਼ਿਆਂ ਦੀ ਮੰਗ ਨੂੰ ਘਟਾਉਣਾ ਸ਼ਾਮਲ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਪੰਜਾਬ, ਖਾਸ ਕਰਕੇ ਲੁਧਿਆਣਾ ਨੂੰ ਨਸ਼ਾ ਮੁਕਤ ਬਣਾਉਣ 'ਤੇ ਕੇਂਦ੍ਰਿਤ ਇੱਕ ਲੋਕ ਲਹਿਰ ਵਿੱਚ ਵਿਕਸਤ ਕਰਨ ਦਾ ਸਮਾਂ ਆ ਗਿਆ ਹੈ।

# ਪ੍ਰਸ਼ਾਸਨ ਗਣਤੰਤਰ ਦਿਵਸ ਨੂੰ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਉਣ ਲਈ ਤਿਆਰ



**ਲੁਧਿਆਣਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਮੰਗਲਵਾਰ ਨੂੰ ਅਧਿਕਾਰੀਆਂ ਨੂੰ 26 ਜਨਵਰੀ ਨੂੰ ਜ਼ਿਲ੍ਹੇ ਵਿੱਚ ਦੇਸ਼ ਭਗਤੀ ਦੇ ਜੋਸ਼ ਨਾਲ ਗਣਤੰਤਰ ਦਿਵਸ ਮਨਾਉਣ ਲਈ ਵਿਸਤ੍ਰਿਤ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ।

ਬਚਤ ਭਵਨ ਵਿਖੇ ਗਣਤੰਤਰ ਦਿਵਸ ਦੇ ਪ੍ਰਬੰਧਾਂ ਦੀ ਸਮੀਖਿਆ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਣਤੰਤਰ ਦਿਵਸ ਦੇ ਜਸ਼ਨਾਂ ਨੂੰ ਮਨਾਉਣ ਲਈ ਇਹ ਸਮਾਗਮ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਡ ਸਟੇਡੀਅਮ ਵਿੱਚ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਪੁਲਿਸ ਅਤੇ ਐਨ.ਸੀ.ਸੀ ਦੀਆਂ ਵੱਖ-ਵੱਖ ਟੁਕੜੀਆਂ ਇਸ ਸਮਾਗਮ ਵਿੱਚ ਮਾਰਚ ਪਾਸਟ ਵਿੱਚ ਹਿੱਸਾ ਲੈਣਗੀਆਂ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਸੱਭਿਆਚਾਰਕ ਆਈਟਮਾਂ ਦਾ ਫੈਸਲਾ ਕਰਨ ਲਈ ਇੱਕ ਕਮੇਟੀ ਬਣਾਈ ਗਈ ਹੈ। ਫੁੱਲ ਡਰੈੱਸ ਰਿਹਰਸਲ 23 ਜਨਵਰੀ ਨੂੰ ਹੋਵੇਗੀ।

ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਕਿਹਾ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਟ੍ਰੈਫਿਕ ਡਾਇਵਰਸ਼ਨ, ਵਾਹਨਾਂ ਦੀ ਪਾਰਕਿੰਗ, ਸੁਰੱਖਿਆ ਪ੍ਰਬੰਧ ਅਤੇ ਹੋਰ ਸਹੂਲਤਾਂ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਨਗਰ ਨਿਗਮ ਲੁਧਿਆਣਾ ਨੂੰ ਸਮਾਗਮ ਵਾਲੀ ਥਾਂ ਦੇ ਆਲੇ-ਦੁਆਲੇ ਢੁਕਵੀਂ ਸਫਾਈ ਯਕੀਨੀ ਬਣਾਉਣ ਲਈ ਕਿਹਾ।ਇਸ ਤੋਂ ਇਲਾਵਾ ਡੀ.ਸੀ ਨੇ ਸਿਹਤ ਵਿਭਾਗ ਨੂੰ ਸਮਾਗਮ ਦੌਰਾਨ ਲੋਕਾਂ ਦੀ ਸਹੂਲਤ ਲਈ ਦਵਾਈਆਂ ਦੇ ਨਾਲ-ਨਾਲ ਮੈਡੀਕਲ ਟੀਮਾਂ ਅਤੇ ਇੱਕ ਸਥਾਈ ਐਂਬੂਲੈਂਸ ਤਾਇਨਾਤ ਕਰਨ ਲਈ ਕਿਹਾ। ਉਨ੍ਹਾਂ ਪੀ.ਐਸ.ਪੀ.ਸੀ.ਐਲ ਨੂੰ ਗਣਤੰਤਰ ਦਿਵਸ ਸਮਾਗਮਾਂ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਅਧਿਕਾਰੀ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਸ ਸਮਾਗਮ ਵਿੱਚ ਹਿੱਸਾ ਲੈਣ ਵਾਲੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਰੋਹਿਤ ਗੁਪਤਾ, ਏ.ਡੀ.ਸੀ (ਪੇਂਡੂ ਵਿਕਾਸ) ਸ੍ਰੀ ਅਮਰਜੀਤ ਬੈਂਸ, ਸੀ.ਐਮ ਦੇ ਫੀਲਡ ਅਫ਼ਸਰ ਮੈਡਮ ਕ੍ਰਿਤਿਕਾ ਗੋਇਲ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਸ਼ਾਮਲ ਸਨ।

# ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਕੱਟੇ ਚਲਾਨ

**ਧੂਰੀ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਟ੍ਰੈਫਿਕ ਅਤੇ ਪੀ ਸੀ ਆਰ ਪੁਲਿਸ ਵੱਲੋਂ ਟ੍ਰੈਫਿਕ ਇੰਚਾਰਜ ਸਤਨਾਮ ਸਿੰਘ ਅਤੇ ਪੀ ਸੀ ਆਰ ਇੰਚਾਰਜ ਮਿੱਠੂ ਸਿੰਘ ਦੀ ਅਗਵਾਈ ਹੇਠ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀ ਕਰਕੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ। ਇਸ ਚੈਕਿੰਗ ਦੌਰਾਨ ਜਿੱਥੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 20 ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ, ਉੱਥੇ ਹੀ ਪਟਾਕੇ ਮਾਰਨ ਵਾਲੇ 2 ਬੁਲੇਟ ਮੋਟਰਸਾਈਕਲਾਂ ਦੇ ਸਾਈਲੈਂਸਰ ਵੀ ਉਤਰਵਾਏ ਗਏ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਇੰਚਾਰਜ ਸਤਨਾਮ ਸਿੰਘ ਤੇ ਮਿੱਠੂ ਸਿੰਘ ਨੇ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਕਿਸੇ ਵੀ ਖੱਜਲ ਖੁਆਰੀ ਤੋਂ ਬਚਣ ਲਈ ਵਾਹਨ ਚਾਲਕ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਰੱਖਣ, ਵਹੀਕਲ ਤੇ ਹਾਈ ਸਕਿਉਰਿਟੀ ਨੰਬਰ ਪਲੇਟ ਲਗਵਾਉਣ,ਦੁਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਦੀ ਵਰਤੋਂ ਕਰਨ ਦੇ ਨਾਲ ਨਾਲ ਹੋਰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ । ਉਨ੍ਹਾ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਦੁਕਾਨਦਾਰ ਆਪਣੀ ਦੁਕਾਨ ਦਾ ਸਾਮਾਨ ਬਾਹਰ ਨਾ ਰੱਖਣ।



# ਐਸ.ਜੀ.ਬੀ. ਚੈਰੀਟੇਬਲ ਸੁਸਾਇਟੀ ਮਾਛੀਵਾੜਾ ਵੱਲੋਂ 1150 ਨਵਜੰਮੀਆਂ ਧੀਆਂ ਦੀ ਲੋਹੜੀ ਮਨਾਈ ਗਈ




**ਮਾਛੀਵਾੜਾ ਸਾਹਿਬ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੇਵੀ ਕਾਰਜਾਂ ਵਿੱਚ ਮੋਹਰੀ ਸੰਸਥਾ ਐਸ.ਜੀ.ਬੀ. ਚੈਰੀਟੇਬਲ ਸੁਸਾਇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਥਾਨਕ ਕਪੂਰ ਪੈਲਸ ਵਿਖੇ 1150 ਨਵਜੰਮੀਆਂ ਧੀਆਂ ਦੀ ਲੋਹੜੀ ਮਨਾਈ।

ਸਵਾਮੀ ਸ਼ੰਕਰਾ ਨੰਦ ਜੀ ਦੀ ਸਰਪ੍ਰਸਤੀ ਹੇਠ ਸਮਾਜ ਸੇਵੀ ਚਰਨਜੀਤ ਸਿੰਘ ਥੋਪੀਆ ਦੀ ਅਗਵਾਈ ਵਿੱਚ ਕੀਤੇ ਇਸ ਨੇਕ ਕਾਰਜ ਵਿੱਚ ਮਾਛੀਵਾੜਾ ਸਾਹਿਬ ਅਤੇ ਪੰਜਾਬ ਦੇ ਹੋਰਨਾਂ ਇਲਾਕਿਆਂ ਤੋਂ ਸਹਿਯੋਗੀ ਅਤੇ ਸਮਾਜ ਸੇਵੀ ਸੰਸਥਾਵਾਂ ਨੇ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ ਪੁੱਜੀਆਂ ਨਵਜੰਮੀਆਂ ਬੱਚਿਆਂ ਨੂੰ ਗਰਮ ਸੂਟ, ਗੱਚਕ ,ਰਿਉੜੀਆਂ ਤੋਂ ਇਲਾਵਾ ਖਿਡਾਉਣੇ, ਝੂਲੇ ਆਦਿ ਵੀ ਲੋਹੜੀ ਗਿਫਟ ਵਜੋਂ ਦਿੱਤੇ ਗਏ। ਖਚਾ ਖੱਚ ਭਰੇ ਕਪੂਰ ਪੈਲਸ ਵਿੱਚ ਕਿਧਰੇ ਵੀ ਤਿਲ ਸੁੱਟਣ ਨੂੰ ਥਾਂ ਨਹੀਂ ਸੀ। ਲੋਕਾਂ ਦਾ ਭਾਰੀ ਇਕੱਠ ਸਮਾਜ ਸੇਵੀ ਕਾਰਜਾਂ ਦੇ ਸਫਲ ਹੋਣ ਦੀ ਮੂੰਹ ਬੋਲਦੀ ਤਸਵੀਰ ਸੀ। ਇਸ ਸਮਾਗਮ ਵਿੱਚ ਮਾਛੀਵਾੜਾ ਇਲਾਕੇ ਦੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਨਵਜੰਮੀਆਂ ਧੀਆਂ ਦੇ ਮਾਪੇ ਬੱਚਿਆਂ ਸਮੇਤ ਪਹੁੰਚੇ। ਰਾਜਨੀਤਿਕ, ਧਾਰਮਿਕ, ਸਮਾਜਿਕ ,ਵਿਦਿਅਕ ਅਤੇ ਵੱਖ ਵੱਖ ਸੰਸਥਾਵਾਂ ਤੋਂ ਆਏ ਹੋਏ ਆਗੂਆਂ ਨੇ ਨਵਜੰਮੀਆਂ ਧੀਆਂ ਨੂੰ ਮੁਬਾਰਕਬਾਦ ਦਿੰਦਿਆਂ ਆਪਣਾ ਅਸ਼ੀਰਵਾਦ ਦਿੱਤਾ ਅਤੇ ਸੰਸਥਾ ਵੱਲੋਂ ਕਰਵਾਏ ਜਾਂਦੇ ਇਸ ਨੇਕ ਕਾਰਜ ਦੀ ਸਲਾਂਘਾ ਕੀਤੀ। ਨਵਜੰਮੀਆਂ 1150 ਧੀਆਂ ਨੂੰ ਲੋਹੜੀ ਦੇਣ ਉਪਰੰਤ ਲੋਹੜੀ ਦੀ ਰਸਮ ਧੂਣਾ ਬਾਲ ਕੇ ਨਿਭਾਈ ਗਈ ਜਿੱਥੇ ਪੰਜਾਬ ਦੇ ਵੱਖ ਵੱਖ ਇਲਾਕਿਆਂ ਤੋਂ ਪੁੱਜੀਆਂ ਇਸਤਰੀਆਂ ਨੇ ਪੰਜਾਬੀ ਬੋਲੀਆਂ ਅਤੇ ਗੀਤ ਗਾ ਕੇ ਨੱਚਦਿਆਂ ਹੋਇਆ ਖੁਸ਼ੀ ਮਨਾਈ। ਸਮਾਗਮ ਵਿੱਚ ਪੁੱਜੇ ਸਹਿਯੋਗੀ ਸੱਜਣਾਂ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸੰਸਥਾ ਵੱਲੋਂ ਸਨਮਾਨ ਚਿੰਨ ਦਿੰਦਿਆਂ ਸਨਮਾਨਿਤ ਕੀਤਾ। ਸਾਰਾ ਦਿਨ ਚਾਹ ਬਿਸਕੁਟ ਅਤੇ ਪ੍ਰਸ਼ਾਦੇ ਦਾ ਲੰਗਰ ਵੀ ਅਤੁੱਟ ਵਰਤਾਇਆ। ਮੁੱਖ ਮਹਿਮਾਨ ਵਜੋਂ ਪੁਜੇ ਸ਼ੰਕਰਾਨੰਦ ਜੀ ਭੂਰੀ ਵਾਲਿਆਂ ਨੇ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਨਾਲ ਨਿਹਾਲ ਕੀਤਾ।

ਇਸ ਸਮਾਗਮ ਵਿੱਚ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ.ਸਵਾਮੀ ਉਮਾ ਨੰਦ, ਮੰਦਰ ਕਮੇਟੀ ਪ੍ਰਧਾਨ ਨੰਦ ਕਿਸ਼ੋਰ,ਸਕੱਤਰ ਕੁਲਦੀਪ ਸਿੰਘ ਮਾਨ, ਭਾਜਪਾ ਦੇ ਬਿਕਰਮਜੀਤ ਸਿੰਘ ਚੀਮਾ,ਸੀ.ਡੀ.ਪੀ.ਓ. ਮੰਜੂ ਭੰਡਾਰੀ,ਸੀ. ਡੀ.ਪੀ.ਓ. ਜਗਮੋਹਣ ਕੌਰ, ਸਟੇਜ ਸਕੱਤਰ ਕੁਲਵਿੰਦਰ ਡਾਂਗੋਂ, ਕਸਤੂਰੀ ਲਾਲ ਮਿੰਟੂ, ਜਗਜੀਤ ਸਿੰਘ ਪ੍ਰਿਥੀਪੁਰ,ਪੀ .ਏ ਗੁਰਮੁੱਖ ਸਿੰਘ, ਪੀ.ਏ ਹਰਚੰਦ ਸਿੰਘ ਪ,ਸਵਾਮੀ ਗੰਗਾ ਨੰਦ ਭੂਰੀ ਵਾਲੇ ਸੇਵਾ ਸਮਿਤੀ ਪ੍ਰਧਾਨ ਚੌਧਰੀ ਵਿਜੇ ਕੁਮਾਰ,ਚੇਅਰਮੈਨ ਚਰਨਜੀਤ ਸਿੰਘ ਥੋਪੀਆਂ,ਸਕੱਤਰ ਗੁਰਚਰਨ ਸਿੰਘ ਚੰਨੀ, ਕੈਸ਼ੀਅਰ ਸੰਜੈ ਜੈਨ, ਅਸ਼ੋਕ ਕੁਮਾਰ, ਪਰਮਜੀਤ ਸਿੰਘ ਨੀਲੋਂ, ਪ੍ਰੇਮ ਸਿੰਘ ਰਜ਼ੂਲ, ਡਾਕਟਰ ਰਵਿੰਦਰ ਕੁਮਾਰ, ਸਾਬਕਾ ਇੰਸਪੈਕਟਰ ਜਗਦੇਵ ਸਿੰਘ ਦੋਰਾਹਾ, ਕੁਲਵੰਤ ਕੌਰ ਨੀਲੋਂ, ਰਾਜਦੀਪ ਸਿੰਘ ਅਲਬੇਲਾ, ਡਾਕਟਰ ਦੀਪਕ, ਨੰਬਰਦਾਰ ਹਰਮਿੰਦਰ ਸਿੰਘ ਗਿੱਲ, ਚੌਧਰੀ ਸੋਨਪ੍ਰੀਤ ਸਿੰਘ, ਭੁਪਿੰਦਰ ਕੁਮਾਰ, ਚੌਧਰੀ ਰਾਮਪਾਲ, ਡਾਕਟਰ ਸੁਰਿੰਦਰ ਕੁਮਾਰ ਬਾਜੜ, ਚੌਧਰੀ ਭੁਪਿੰਦਰ ਕੁਮਾਰ, ਮਾਸਟਰ ਬਸੰਤ ਸਿੰਘ,ਪਵਨ ਕੁਮਾਰ, ਡਾਕਟਰ ਪ੍ਰਵੀਨ ਕੁਮਾਰ, ਡਾਕਟਰ ਰਾਜ ਕੁਮਾਰ,ਅਜੈ ਕੁਮਾਰ ਬਾਂਸਲ, ਸੰਜੀਵ ਲੀਹਲ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸੁਭਾਸ਼ ਬੀਟਨ, ਸੁਰਿੰਦਰ ਕੁਮਾਰ ਛਿੰਦੀ ਕੌਂਸਲਰ, ਸੁਖਦੀਪ ਸਿੰਘ ਸੋਨੀ,ਕੌਂਸਲਰ ਰਸਮੀ ਜੈਨ, ਮਨਜੀਤ ਕੁਮਾਰੀ, ਪਰਮਜੀਤ ਪੰਮੀ, ਚੌਧਰੀ ਬਲਵਿੰਦਰ ਕੁਮਾਰ, ਇੰਦਰਜੀਤ ਸਿੰਘ ਐਡਵੋਕੇਟ, ਗੁਰਮੇਲ ਸਿੰਘ, ਅਮਰਜੀਤ ਸਿੰਘ ਫੌਜੀ, ਚੌਧਰੀ ਸੋਨਪ੍ਰੀਤ ਸਿੰਘ, ਰਾਜਿੰਦਰ ਸਿੰਘ ਯੂ ਪੀ ਵਾਲੇ,ਜਸਪ੍ਰੀਤ ਸਿੰਘ, ਗੁਰਮੀਤ ਨੋਨੀ, ਸੁਪਰਵਾਈਜ਼ਰ ਕਮਲਜੀਤ ਕੌਰ, ਅਨੀਤਾ ਰਾਣੀ, ਮਨਜੀਤ ਕੌਰ, ਮਨਪ੍ਰੀਤ ਕੌਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਔਰਤਾਂ ਆਪਣੇ ਬੱਚਿਆਂ ਨਾਲ ਮੌਜੂਦ ਸਨ।

# ਸੁਨਾਮ ਪੁਲਿਸ ਵੱਲੋਂ ਸਥਾਨਕ ਆਈਟੀਆਈ ਚੌਂਕ ਵਿੱਚ ਟਰੈਫਿਕ ਸੇਫਟੀ ਮਹੀਨੇ ਦੀ ਕੀਤੀ ਗਈ ਸ਼ੁਰੂਆਤ



**ਸੁਨਾਮ, 11 ਜਨਵਰੀ**
**-ਅਸ਼ੋਕ ਬਾਂਸਲ-**
**-ਕੌਮੀ ਪੱਤ੍ਰਿਕਾ ਬਿਊਰੋ-**

ਟਰੈਫਿਕ ਪੁਲਿਸ ਸੁਨਾਮ ਵੱਲੋਂ ਰੋਟਰੈਕਟ ਕਲੱਬ ਸੁਨਾਮ ਅਤੇ ਟਰੈਫਿਕ ਮਾਰਸ਼ਲ ਟੀਮ ਸੁਨਾਮ ਦੇ ਸਹਿਯੋਗ ਦੇ ਨਾਲ ਟਰੈਫਿਕ ਮਹੀਨਾ ਇਕ ਜਨਵਰੀ 2025 ਤੋਂ 31 ਜਨਵਰੀ 2025 ਤੱਕ ਆਈਟੀਆਈ ਚੌਂਕ ਵਿਖੇ ਮਨਾਇਆ ਜਾ ਰਿਹਾ ਹੈ ਟਰੈਫਿਕ ਮਹੀਨੇ ਦਾ ਉਦਘਾਟਨ ਡੀਐਸਪੀ ਸੁਨਾਮ ਹਰਵਿੰਦਰ ਸਿੰਘ ਖਹਿਰਾ ਅਤੇ ਐਸਐਚਓ ਸੁਨਾਮ ਇੰਸਪੈਕਟਰ ਪ੍ਰਤੀਕ ਜਿੰਦਲ ਵੱਲੋਂ ਕੀਤਾ ਗਿਆ ਡੀਐਸਪੀ ਸੁਨਾਮ ਨੇ ਦੱਸਿਆ ਕਿ ਟ੍ਰੈਫਿਕ ਮਹੀਨੇ ਦੌਰਾਨ ਧੁੰਦ ਤੋਂ ਬਚਾ ਲਈ ਵਾਹਨਾਂ ਦੇ ਰਿਫਲੈਕਟਰ ਲਗਾਏ ਜਾ ਰਹੇ ਹਨ ਅਤੇ ਵਾਹਨ ਚਾਲਕਾਂ ਨੂੰ ਟਰੈਫਿਕ ਦੇ ਨਿਯਮਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ ਟਰੈਫਿਕ ਪੁਲਿਸ ਸੁਨਾਮ ਇੰਚਾਰਜ ਏਐਸਆਈ ਨਿਰਭੈ ਸਿੰਘ ਨੇ ਦੱਸਿਆ ਕਿ ਐਸਐਸਪੀ ਸੰਗਰੂਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰ ਵਾਰ ਦੀ ਤਰਾਂ ਇਸ ਵਾਰ ਵੀ ਟਰੈਫਿਕ ਮਹੀਨਾ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਧੁੰਦ ਤੋਂ ਬਚਾਓ ਲਈ ਪੋਸਟਰ ਰਿਲੀਜ਼ ਕੀਤੇ ਗਏ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈਇਸ ਮੌਕੇ ਏਐਸਆਈ ਜਰਨੈਲ ਸਿੰਘ, ਹੈਡ ਕਾਂਸਟੇਬਲ ਰਣਜੀਤ ਸਿੰਘ, ਏਐਸਆਈ ਹਰਦੇਵ ਸਿੰਘ ਐਜੂਕੇਸ਼ਨ ਸੈਲ ਸੰਗਰੂਰ, ਟਰੈਫਿਕ ਮਾਰਸ਼ਲ ਇਨਚਾਰਜ ਸੁਨਾਮ ਪੰਕਜ ਅਰੋੜਾ, ਹਿਮਾਂਸ਼ੂ ਗੋਇਲ ,ਲਲਿਤ ਗਰਗ, ਅਸ਼ੋਕ ਮੋਦੀ, ਰਿਸ਼ਬ ਗੋਇਲ, ਆਸ਼ੂ ਗਰਗ, ਨਿਤਿਨ ਗਰਗ, ਪਵਿੱਤਰ ਜੈਨ, ਭਰਤ ਸਿੰਗਲਾ, ਮਯੂਰ ਬੰਸਲ, ਅੰਕੁਸ਼ ਜੈਨ ,ਸੀਏ ਹਰਸ਼ ਜੈਨ ਮੌਜੂਦ ਸਨ।

# ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸਿੱਖ ਕੌਮ ਨੂੰ ਵਧਾਈਆਂ

**ਮਲੇਰਕੋਟਲਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀਂ 06-01-2025 ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸਿੰਘ ਸਭਾ ਸਾਹਿਬ ਵਿਖੇ ਤਮਾਮ ਮੁਸਲਿਮ ਭਾਈਚਾਰੇ ਵੱਲੋਂ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ , ਲੀਡਰ ਸਾਹਿਬਾਨ ਅਤੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਸਾਹਿਬ ਵੱਲੋਂ ਹਾਜੀ ਅਨਵਾਰ ਅਹਿਮਦ ਬਿੱਟੂ ਚੋਹਾਨ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਹਾਜ਼ਰੀ ਲਗਵਾਉਂਦੇਆ ਸਮੂਹ ਸਿੱਖ ਕੌਮ ਨੂੰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।

ਇਸ ਮੌਕੇ ਗੁਰਦੁਆਰਾ ਸਿੰਘ ਸਭਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਘੁਮਣ ਅਤੇ ਹੈਡ ਗ੍ਰੰਥੀ ਸਰਦਾਰ ਅਵਤਾਰ ਸਿੰਘ ਜੀ ਅਤੇ ਮੀਤ ਪ੍ਰਧਾਨ ਸਰਦਾਰ ਬਹਾਦਰ ਸਿੰਘ ਭੂਦਨ ਆਦਿ ਨੇ ਹਾਜੀ ਅਨਵਾਰ ਅਹਿਮਦ ਬਿੱਟੂ ਚੋਹਾਨ ਦੇ ਸਰੋਪਾ ਪਾ ਕੇ ਜੀ ਆਇਆਂ ਨੂੰ ਆਖਿਆ। ਹਾਜੀ ਬਿੱਟੂ ਚੋਹਾਨ ਨੇ ਸੰਗਤਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿੱਖਾਂ ਅਤੇ ਮੁਸਲਮਾਨਾਂ ਦੀ ਸਾਂਝ ਤਾਂ ਬਾਬੇ ਨਾਨਕ ਦੇ ਸਮੇਂ ਤੋਂ ਚਲਦੀ ਆ ਰਹੀ ਹੈ ਕਿਉਂਕਿ ਗੁਰੂ ਨਾਨਕ ਦੇਵ ਜੀ ਦੇ ਨਾਲ ਭਾਈ ਮਰਦਾਨਾ ਜੀ ਦਾ ਰਹਿਣਾ, ਗਨੀ ਖਾਂ ਤੇ ਨਬੀ ਖਾਂ ਦੁਆਰਾ ਗੁਰੂ ਗੋਬਿੰਦ ਸਿੰਘ ਜੀ ਨੂੰ ਉੱਚ ਦਾ ਪੀਰ ਕਹਿਣਾ, ਸਾਈਂ ਮੀਆਂ ਮੀਰ ਜੀ ਦੁਆਰਾ ਅਕਾਲ ਤਖ਼ਤ ਹਰਿਮੰਦਰ ਸਾਹਿਬ ਦੀ ਨੀਂਹ ਰੱਖਣਾ , ਗੁਰੂ ਗ੍ਰੰਥ ਸਾਹਿਬ ਜੀ ਵਿੱਚ ਬਾਬਾ ਫਰੀਦ ਜੀ ਦੀ ਬਾਣੀ ਦਾ ਹੋਣਾ ਇਹ ਸਭ ਸਿਖਾਂ ਅਤੇ ਮੁਸਲਮਾਨਾਂ ਦੀ ਸਾਂਝ ਦਾ ਪ੍ਰਤੀਕ ਹੈ ਬੇਸ਼ੱਕ ਕੁੱਝ ਗਲਤ ਮਿਥਿਹਾਸਕਾਰਾਂ ਨੇ ਸਿੱਖਾਂ ਅਤੇ ਮੁਸਲਮਾਨਾਂ ਦੀ ਸਾਂਝ ਨੂੰ ਗਲਤ ਢੰਗ ਨਾਲ ਪ੍ਰਚਾਰ ਕੀਤਾ। ਪਰ ਅੱਜ ਵੀ ਸਿੱਖ ਕੌਮ ਅਤੇ ਮੁਸਲਮਾਨ ਇਕ ਦੂਜੇ ਦੇ ਸਾਂਹਾਂ ਦੇ ਦਿਵਾਨੇ ਹਨ ।



# ਸਾਬਕਾ ਬਲਾਕ ਸੰਮਤੀ ਮੈਂਬਰ ਪ੍ਰੇਮ ਬੈਂਸ ਨੂੰ ਸਦਮਾ, ਪਿਤਾ ਦਾ ਦਿਹਾਂਤ

**ਗੜ੍ਹਸ਼ੰਕਰ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਬਾਸੀ ਅਤੇ ਸਾਬਕਾ ਬਲਾਕ ਸੰਮਤੀ ਮੈਂਬਰ ਪ੍ਰੇਮ ਸਿੰਘ ਬੈਂਸ ਨੂੰ ਉਦੋਂ ਭਾਰੀ ਸਦਮਾ ਲੱਗਿਆ ਜਦੋਂ ਉਹਨਾਂ ਦੇ ਪਿਤਾ ਭਾਗ ਸਿੰਘ ਬੈਂਸ ਇਸ ਫਾਨੀ ਦੁਨੀਆ ਨੂੰ ਅਲਵਿੰਦਾ ਕਹਿ ਗਏ। ਅੱਜ ਭਾਗ ਸਿੰਘ ਬੈਂਸ ਦਾ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਸ਼ਮਸ਼ਾਨ ਘਾਟ ਵਿਖੇ ਵੱਡੀ ਗਿਣਤੀ ਚ ਨਮਨ ਅੱਖਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ।



ਇਸ ਦੁੱਖ ਦੀ ਘੜੀ ਚ ਬੈਂਸ ਪਰਿਵਾਰ ਨਾਲ ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ, ਜੱਟ ਮਹਾਂ ਸਭਾ ਦੇ ਆਗੂ ਅਜੈਬ ਸਿੰਘ ਬੋਪਾਰਾਏ, ਸਰਪੰਚ ਰਣਜੀਤ ਸੂਦ, ਬੀਤ ਭਲਾਈ ਕਮੇਟੀ ਦੇ ਪ੍ਰਧਾਨ ਬਲਵੀਰ ਸਿੰਘ ਬੈਂਸ, ਜਰਨਲ ਸਕੱਤਰ ਸੋਨੀ ਦਿਆਲ, ਬੀਜੇਪੀ ਆਗੂ ਰਾਜ ਕੁਮਾਰ ਰਾਣਾ, ਸਰਪੰਚ ਵਿਨੋਦ ਕੁਮਾਰ ਬੱਸੀ, ਸਰਪੰਚ ਬਲਵਿੰਦਰ ਸਿੰਘ, ਜਰਨੈਲ ਸਿੰਘ ਜੈਲਾ, ਰਾਕੇਸ਼ ਕੁਮਾਰ ਸਿਮਰਨ, ਡਾ ਜਸਵੀਰ ਰਾਣਾ, ਸੰਦੀਪ ਰਾਣਾ ਕਾਲੇਵਾਲ, ਪ੍ਰਧਾਨ ਵਿਜੇ ਕੁਮਾਰ ਬਿੱਲਾ, ਸਾਬਕਾ ਸਰਪੰਚ ਪ੍ਰਦੀਪ ਰੰਗੀਲਾ ਨੇ ਦੁੱਖ ਸਾਂਝਾ ਕੀਤਾ। ਪ੍ਰੇਮ ਸਿੰਘ ਬੈਂਸ ਨੇ ਦੱਸਿਆ ਕਿ 15 ਜਨਵਰੀ ਨੂੰ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜਪਾਠ ਦੇ ਭੋਗ ਪਾਏ ਜਾਣਗੇ ਅਤੇ ਦੁਪਹਿਰ 1 ਵਜੇ ਅੰਤਿਮ ਅਰਦਾਸ ਹੋਵੇਗੀ।



ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਸੰਪਰਕ ਪ੍ਰੋਜੈਕਟ ਤਹਿਤ ਸਕੂਲ ਪੱਧਰ ਤੇ ਹੀ ਵਿਦਿਆਰਥੀਆਂ ਨੂੰ ਕਰੇਗਾ ਨਸ਼ਿਆਂ ਵਿਰੁੱਧ ਜਾਗਰੂਕ : ਐਸ ਪੀ ਹੈਡਕੁਆਰਟਰ ਓਲੰਪੀਅਨ ਹਰਵੰਤ ਕੋਰ ਪਟਿਆਲਾ ( ਗਰੇਵਾਲ/ਪਰਮਿੰਦਰ ) ਜ਼ਿਲ੍ਹਾ ਪੁਲਿਸ ਸਾਝ ਕੇਂਦਰ ਪਟਿਆਲਾ ਵਲੋਂ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ ਜੀ ਅਤੇ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਿਊਨਟੀ ਅਫੇਅਰ ਡਵੀਜ਼ਨ ਪੰਜਾਬ ਮੈਡਮ ਗੁਰਪ੍ਰੀਤ ਕੌਰ ਦਿਉ ਦੀ ਸਰਪ੍ਰਸਤੀ ਅਤੇ ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ

# 11 ਜਨਵਰੀ ਤੋਂ 10 ਫਰਵਰੀ ਤੱਕ ਪੀਣ ਵਾਲੇ ਪਾਣੀ ਦੀ ਸਪਲਾਈ ਇੱਕ ਦਿਨ ਛੱਡ ਕੇ ਹੋਵੇਗੀ

**ਗਿੱਦੜਬਾਹਾ, 11 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਗਿੱਦੜਬਾਹਾ ਵਿਖੇ 11 ਜਨਵਰੀ ਤੋਂ ਲੈ ਕੇ 10 ਫਰਵਰੀ ਤੱਕ ਪੀਣ ਵਾਲੇ ਪਾਣੀ ਦੀ ਸਪਲਾਈ ਇੱਕ ਦਿਨ ਛੱਡ ਕੇ ਕੀਤੀ ਜਾਵੇਗੀ

ਇਸ ਸਬੰਧੀ ਜਾਣਕਾਰੀ ਦਿੰਦੇ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਜੇ ਈ ਗਗਨ ਬਜਾਜ ਨੇ ਦੱਸਿਆ ਕਿ 11 ਜਨਵਰੀ ਤੋਂ 10 ਫਰਵਰੀ ਤੱਕ ਸਰਹੰਦ ਫੀਡਰ ਨਹਿਰ ਦੀ ਲਾਇਨਿੰਗ ਦਾ ਕੰਮ ਚੱਲਦਾ ਹੋਣ ਕਾਰਨ ਨਹਿਰ ਬੰਦੀ ਰਹੇਗੀ ਉਨ੍ਹਾਂ ਦੱਸਿਆ ਕਿ ਇਸ ਦੌਰਾਨ ਵਾਟਰ ਵਰਕਸ ਦੇ ਪਾਣੀ ਵਾਲੇ ਟੈਂਕਾਂ ਦੀ ਸਫਾਈ ਵੀ ਕਰਵਾਈ ਜਾ ਰਹੀ ਹ

ੈ ਇਸ ਦੌਰਾਨ ਜ਼ਮੀਨੀ ਪਾਣੀ ਨੂੰ ਸਾਫ ਕਰਨ ਅਤੇ ਇਸ ਦੌਰਾਨ ਜ਼ਮੀਨੀ ਪਾਣੀ ਨੂੰ ਸਾਫ ਕਰਨ ਅਤੇ ਕਲੋਰੀਫਿਕੇਸਨ ਕਰਨ ਉਪਰੰਤ ਗਿੱਦੜਬਾਹਾ ਵਿਚ ਪੀਣ ਵਾਲੇ ਪਾਣੀ ਦੀ ਸਪਲਾਈ ਇੱਕ ਦਿਨ ਛੱਡ ਕੇ ਕੀਤੀ ਜਾਇਆ ਕਰੇਗੀ।

ਉਨ੍ਹਾਂ ਗਿੱਦੜਬਾਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਮੇਂ ਦੌਰਾਨ ਪਾਣੀ ਦੀ ਵਰਤੋਂ ਪਹਿਲਾਂ ਦੀ ਤਰ੍ਹਾਂ ਸੰਯਮ ਨਾਲ ਕਰਨ ਅਤੇ ਦੋਵੇਂ ਵਿਭਾਗਾਂ ਨੂੰ ਸਹਿਯੋਗ ਦੇਣ ਤਾਂ ਜੋਂ ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਪੇਸ਼ ਨਾਂ ਆਵੇ।

# ਪੰਜਾਬ ਵਾਸੀ ਹੋ ਜਾਣ ਸਾਵਧਾਨ ! ਸਰਦੀਆਂ 'ਚ ਕਿਧਰੇ ਇਹ ਗਲਤੀਆਂ ਤੁਹਾਡੀ ਜਾਨ 'ਤੇ ਨਾ ਪੈ ਜਾਵੇ ਭਾਰੀ

**ਏਜੰਸੀਆਂ**

ਸੰਗਰੂਰ/ਬਰਨਾਲਾ 11 ਜਨਵਰੀ। ਸਰਦੀਆਂ 'ਚ ਠੰਡ ਤੋਂ ਬਚਣ ਲਈ ਲੋਕ ਹੀਟਰ, ਬਲੋਅਰ ਅਤੇ ਅੰਗੀਠੀ ਦੀ ਵਰਤੋਂ ਕਰਦੇ ਹਨ। ਕਈ ਵਾਰ ਇਹ ਉਪਕਰਨ ਘੰਟਿਆਂ ਤੱਕ ਚੱਲਦੇ ਰਹਿੰਦੇ ਹਨ ਪਰ ਸਿਹਤ ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਇਨ੍ਹਾਂ ਦਾ



ਵੱਧ ਉਪਯੋਗ ਸਿਹਤ ਲਈ ਗੰਭੀਰ ਖਤਰਾ ਬਣ ਸਕਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਸਰੀਰ ਨੂੰ ਗਰਮ ਰੱਖਣ ਲਈ ਕੁਦਰਤੀ ਅਤੇ ਸੁਰੱਖਿਅਤ ਤਰੀਕੇ ਅਪਨਾਉਣੇ ਚਾਹੀਦੇ ਹਨ। ਮਾਹਿਰਾਂ ਮੁਤਾਬਕ, ਹੀਟਰ ਅਤੇ ਬਲੋਅਰ ਤੋਂ ਪੈਦਾ ਹੋਣ ਵਾਲੀ ਗਰਮੀ ਮਨੁੱਖੀ ਸਰੀਰ ਲਈ ਨੁਕਸਾਨਦਾਇਕ ਹੋ ਸਕਦੀ ਹੈ। ਇਹ ਚਮੜੀ, ਫੇਫੜਿਆਂ ਅਤੇ ਦਿਲ 'ਤੇ ਨਾਕਾਰਾਤਮਕ ਪ੍ਰਭਾਵ ਪਾਉਂਦੀ ਹੈ। ਇਸ ਦੇ ਇਲਾਵਾ, ਅੰਗੀਠੀ ਜਾਂ ਹੀਟਰ ਦੇ ਲੰਮੇ ਸਮੇਂ ਤੱਕ ਉਪਯੋਗ ਨਾਲ ਕਾਰਬਨ ਮੋਨੋਆਕਸਾਈਡ ਵਰਗੀਆਂ ਜਹਿਰੀਲੀ ਗੈਸਾਂ ਪੈਦਾ ਹੁੰਦੀਆਂ ਹਨ, ਜੋ ਜਾਨਲੇਵਾ ਸਾਬਿਤ ਹੋ ਸਕਦੀਆਂ ਹਨ। ਡਾ. ਗੌਰਵ ਗਰੋਵਰ ਦਾ ਕਹਿਣਾ ਹੈ ਕਿ ਅਨਸੁਆਰਤ ਤੌਰ 'ਤੇ ਪੈਦਾ ਕੀਤੀ ਗਰਮੀ ਨਾਲ ਸਰੀਰ 'ਚ ਆਕਸੀਜਨ ਦੀ ਪੱਧਰੀ ਕਮੀ ਆਉਂਦੀ ਹੈ, ਜਿਸ ਨਾਲ ਘੁੱਟਣ, ਸਿਰਦਰਦ, ਥਕਾਵਟ ਅਤੇ ਹੋਰ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਇਹ ਗੈਸ ਸਿੱਧੇ ਹੀਮੋਗਲੋਬਿਨ ਨਾਲ ਮਿਲ ਕੇ ਸਰੀਰ 'ਚ ਆਕਸੀਜਨ ਦੇ ਪ੍ਰਵਾਹ ਨੂੰ ਰੋਕ ਦਿੰਦੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਹੀਟਰ ਤੇ ਬਲੋਅਰ ਦੇ ਵੱਧ ਉਪਯੋਗ ਨਾਲ ਆਕਸੀਜਨ ਦੀ ਮਾਤਰਾ ਘੱਟ ਜਾਂਦੀ ਹੈ। ਇਸ ਕਾਰਨ ਵਿਅਕਤੀ ਨੂੰ ਥਕਾਵਟ, ਚੱਕਰ ਆਉਣਾ ਅਤੇ ਸਾਹ ਲੈਣ ਵਿੱਚ ਦਿੱਕਤ ਵਰਗੀਆਂ ਸਮੱਸਿਆਵਾਂ ਆ ਸਕਦੀਆਂ ਹਨ। ਡਾ. ਮਨਪ੍ਰੀਤ ਸਿੱਧੂ ਨੇ ਕਿਹਾ ਕਿ ਹੀਟਰ ਅਤੇ ਬਲੋਅਰ ਦੇ ਲੰਮੇ ਸਮੇਂ ਤੱਕ ਵਰਤੋਂ ਨਾਲ ਚਮੜੀ 'ਚ ਖੁਜਲੀ ਅਤੇ ਸਾਹ ਲੈਣ ਵਿੱਚ ਮੁਸਕਿਲ ਹੋ ਸਕਦੀ ਹੈ। ਇਹ ਉਪਕਰਣਾਂ ਤੋਂ ਨਿਕਲਣ ਵਾਲੀ ਗਰਮ ਹਵਾ ਸਵਾਸ ਪ੍ਰਣਾਲੀ ਨੂੰ ਪ੍ਰਭਾਵਿਤ ਕਰਦੀ ਹੈ ਅਤੇ ਸਾਹ ਦੀਆਂ ਬਿਮਾਰੀਆਂ ਵਾਲੇ ਮਰੀਜਾਂ ਲਈ ਇਹ ਸਥਿਤੀ ਹੋਰ ਵੀ ਘਾਤਕ ਹੋ ਸਕਦੀ ਹੈ। ਅੰਗੀਠੀ ਤੋਂ ਨਿਕਲਣ ਵਾਲੀ ਕਾਰਬਨ ਮੋਨੋਆਕਸਾਈਡ ਗੈਸ ਬੇਹੱਦ ਖਤਰਨਾਕ ਹੁੰਦੀ ਹੈ। ਜੇਕਰ ਇਸਨੂੰ ਬੰਦ ਕਮਰੇ ਵਿੱਚ ਜਲਾਇਆ ਜਾਵੇ, ਤਾਂ ਇਹ ਸਿੱਧੇ ਤੌਰ 'ਤੇ ਮੌਤ ਦਾ ਕਾਰਨ ਬਣ ਸਕਦੀ ਹੈ। ਡਾ. ਗੌਰਵ ਗਰੋਵਰ ਦਾ ਕਹਿਣਾ ਹੈ ਕਿ ਅੰਗੀਠੀ ਤੋਂ ਪੈਦਾ ਹੋਣ ਵਾਲੀ ਗੈਸ ਹੀਮੋਗਲੋਬਿਨ ਨਾਲ ਮਿਲ ਕੇ ਸਰੀਰ ਵਿੱਚ ਆਕਸੀਜਨ ਦੇ ਪ੍ਰਵਾਹ ਨੂੰ ਰੋਕ ਦਿੰਦੀ ਹੈ। ਇਸ ਨਾਲ ਵਿਅਕਤੀ ਬੇਹੋਸੀ ਦੀ ਹਾਲਤ ਵਿੱਚ ਪਹੁੰਚ ਜਾਂਦਾ ਹੈ ਅਤੇ ਸਮੇਂ ਸਿਰ ਇਲਾਜ ਨਾ ਮਿਲਣ 'ਤੇ ਮੌਤ ਵੀ ਹੋ ਸਕਦੀ ਹੈ।

# ਨੋਇਡਾ ਹਵਾਈ ਅੱਡੇ ਤੋਂ ਜਲਦੀ ਹੀ ਸ਼ੁਰੂ ਹੋਵੇਗੀ ਟਿਕਟ ਬੁਕਿੰਗ, ਸ਼ੁਰੂ ਹੋਣਗੀਆਂ ਉਡਾਣਾਂ

**ਸਰਦੂਲ ਸਿੰਘ**

ਵੈੱਬ ਡੈਸਕ 11 ਜਨਵਰੀ। ਉੱਤਰ ਪ੍ਰਦੇਸ ਦੇ ਨੋਇਡਾ ਅੰਤਰਰਾਸਟਰੀ ਹਵਾਈ ਅੱਡੇ 'ਤੇ ਫਰਵਰੀ ਤੋਂ ਟਿਕਟ ਬੁਕਿੰਗ ਸੇਵਾ ਸੁਰੂ ਹੋਣ ਦੀ ਉਮੀਦ ਹੈ। ਹਵਾਈ ਅੱਡਾ ਪ੍ਰਬੰਧਨ ਅਨੁਸਾਰ, ਇਸ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ ਤੇ ਉਡਾਣਾਂ ਦੇ ਸੰਚਾਲਨ ਤੋਂ ਪਹਿਲਾਂ ਟਿਕਟ ਬੁਕਿੰਗ ਸੇਵਾ ਸੁਰੂ ਕਰ ਦਿੱਤੀ ਜਾਵੇਗੀ। ਇਸ ਦੇ ਲਈ, ਯਮੁਨਾ ਇੰਟਰਨੈਸਨਲ ਏਅਰਪੋਰਟ ਲਿਮਟਿਡ () ਨੇ ਉਡਾਣ ਸਡਿਊਲਿੰਗ ਲਈ ਏਅਰੋਨਾਟਿਕਲ ਇਨਫਰਮੇਸਨ ਪਬਲੀਕੇਸਨ () ਦਾ ਇੱਕ ਖਰੜਾ ਸਿਵਲ ਏਵੀਏਸਨ ਡਾਇਰੈਕਟੋਰੇਟ ਜਨਰਲ () ਨੂੰ ਭੇਜਿਆ ਹੈ। ਉਮੀਦ ਹੈ ਕਿ ਡੀਜੀਸੀਏ ਤੋਂ ਪ੍ਰਵਾਨਗੀ ਮਿਲਣ ਤੋਂ ਬਾਅਦ ਟਿਕਟ ਬੁਕਿੰਗ ਸੇਵਾ ਫਰਵਰੀ ਤੱਕ ਸੁਰੂ ਹੋ ਜਾਵੇਗੀ। ਨੋਇਡਾ ਅੰਤਰਰਾਸਟਰੀ ਹਵਾਈ ਅੱਡੇ ਦੇ ਵਪਾਰਕ ਸੰਚਾਲਨ ਅਪ੍ਰੈਲ 2025 ਵਿੱਚ ਸੁਰੂ ਹੋਣ ਦਾ ਪ੍ਰਸਤਾਵ ਹੈ। ਇਸ ਤੋਂ ਪਹਿਲਾਂ, ਜਹਾਜ ਨੂੰ ਦਸੰਬਰ 2023 ਵਿੱਚ ਹਵਾਈ ਅੱਡੇ 'ਤੇ ਸਫਲਤਾਪੂਰਵਕ ਉਤਾਰਿਆ ਗਿਆ ਸੀ। ਇੰਡੀਗੋ ਏਅਰਲਾਈਨਜ ਦਾ ਜਹਾਜ ਹਵਾਈ ਅੱਡੇ ਦੇ ਰਨਵੇਅ 'ਤੇ ਉਤਰਿਆ, ਜਿਸ ਨਾਲ ਹਵਾਈ ਅੱਡੇ ਦੇ ਨਿਗਰਾਨੀ ਪ੍ਰਣਾਲੀ ਦੀ ਜਾਂਚ ਪੂਰੀ ਹੋ ਗਈ। ਇਸ ਸਫਲ ਪ੍ਰੀਖਣ ਦੀ ਰਿਪੋਰਟ ਦਸੰਬਰ ਵਿੱਚ ਹੀ ਡੀਜੀਸੀਏ ਨੂੰ ਭੇਜ ਦਿੱਤੀ ਗਈ ਸੀ ਅਤੇ ਹੁਣ ਏਅਰੋਨਾਟਿਕਲ ਜਾਣਕਾਰੀ ਦੇ ਪ੍ਰਕਾਸਨ ਲਈ ਪ੍ਰਵਾਨਗੀ ਮਿਲਣ ਦੀ ਉਮੀਦ ਹੈ। ਟਿਕਟ ਬੁਕਿੰਗ ਸੇਵਾ ਸੁਰੂ ਕਰਨ ਲਈ ਸਡਿਊਲਿੰਗ ਪ੍ਰਕਿਰਿਆ ਦਾ ਖਰੜਾ ਡੀਜੀਸੀਏ ਅਤੇ ਏਅਰਪੋਰਟ ਅਥਾਰਟੀ ਆਫ



ਇੰਡੀਆ ਨੂੰ ਵੀ ਭੇਜਿਆ ਗਿਆ ਹੈ। ਕੰਪਨੀ ਨੇ ਟਿਕਟ ਬੁਕਿੰਗ ਸੇਵਾ ਸੁਰੂ ਕਰਨ ਲਈ 6 ਫਰਵਰੀ ਦੀ ਤਰੀਕ ਨਿਰਧਾਰਤ ਕੀਤੀ ਹੈ, ਜਦੋਂ ਕਿ ਵਪਾਰਕ ਉਡਾਣਾਂ 17 ਅਪ੍ਰੈਲ ਤੋਂ ਸੁਰੂ ਹੋਣ ਵਾਲੀਆਂ ਹਨ। ਇਹ ਬੁਕਿੰਗ ਸੇਵਾ ਟਿਕਟਾਂ ਦੀ ਵਿਕਰੀ ਅਤੇ ਉਡਾਣਾਂ ਦੇ ਸੰਚਾਲਨ ਲਈ ਇੱਕ ਜਰੂਰੀ ਕਦਮ ਮੰਨੀ ਜਾ ਰਹੀ ਹੈ। ਨੋਇਡਾ ਅੰਤਰਰਾਸਟਰੀ ਹਵਾਈ ਅੱਡੇ 'ਤੇ ਪਹਿਲੇ ਦਿਨ ਤੋਂ ਹੀ 30 ਜਹਾਜਾਂ ਦੀ ਸੇਵਾ ਸੁਰੂ ਕਰਨ ਦੀ ਯੋਜਨਾ ਹੈ। ਇਨ੍ਹਾਂ ਵਿੱਚ 25 ਘਰੇਲੂ ਉਡਾਣਾਂ ਅਤੇ 3 ਅੰਤਰਰਾਸਟਰੀ ਉਡਾਣਾਂ ਸਾਮਲ ਹੋਣਗੀਆਂ। ਇਸ ਤੋਂ ਇਲਾਵਾ, ਹਵਾਈ ਅੱਡੇ ਤੋਂ ਦੋ ਕਾਰਗੋ ਉਡਾਣਾਂ ਵੀ ਚਲਾਈਆਂ ਜਾਣਗੀਆਂ। ਯਮੁਨਾ ਇੰਟਰਨੈਸਨਲ ਏਅਰਪੋਰਟ ਲਿਮਟਿਡ () ਦੇ ਸੀਈਓ ਸੈਲੇਂਦਰ ਭਾਟੀਆ ਨੇ ਕਿਹਾ ਕਿ ਏਆਈਪੀ ਡਰਾਫਟ ਸਮੇਂ ਸਿਰ ਡੀਜੀਸੀਏ ਨੂੰ ਭੇਜਿਆ ਗਿਆ ਹੈ ਅਤੇ ਟਿਕਟ ਬੁਕਿੰਗ ਸੇਵਾ ਨੂੰ ਚਲਾਉਣ ਦੀ ਪ੍ਰਕਿਰਿਆ ਸਮੇਂ ਸਿਰ ਪੂਰੀ ਹੋ ਜਾਵੇਗੀ। ਜਦੋਂ ਇਹ ਹਵਾਈ ਅੱਡਾ ਅਪ੍ਰੈਲ 2025 'ਚ ਵਪਾਰਕ ਕਾਰਜ ਸੁਰੂ ਕਰੇਗਾ ਤਾਂ ਇਹ ਭਾਰਤ ਦੇ ਪ੍ਰਮੁੱਖ ਹਵਾਈ ਅੱਡਿਆਂ 'ਚ ਇੱਕ ਨਵਾਂ ਅਧਿਆਇ ਹੋਵੇਗਾ। ਨੋਇਡਾ ਅੰਤਰਰਾਸਟਰੀ ਹਵਾਈ ਅੱਡਾ, ਜਿਸਨੂੰ "ਜੇਵਰ ਹਵਾਈ ਅੱਡਾ" ਵੀ ਕਿਹਾ ਜਾਂਦਾ ਹੈ, ਉੱਤਰ ਪ੍ਰਦੇਸ ਦੇ ਸਭ ਤੋਂ ਵੱਡੇ ਹਵਾਬਾਜੀ ਪ੍ਰੋਜੈਕਟਾਂ ਵਿੱਚੋਂ ਇੱਕ ਹੈ। ਇਸ ਹਵਾਈ ਅੱਡੇ ਦੇ ਸੰਚਾਲਨ ਨਾਲ ਦਿੱਲੀ-ਐੱਨਸੀਆਰ ਖੇਤਰ ਵਿੱਚ ਯਾਤਰੀ ਆਵਾਜਾਈ ਦੀ ਸਹੂਲਤ ਵਿੱਚ ਸੁਧਾਰ ਹੋਣ ਅਤੇ ਏਅਰਲਾਈਨ ਆਪਰੇਟਰਾਂ ਲਈ ਇੱਕ ਨਵਾਂ ਵਪਾਰਕ ਮੌਕਾ ਪ੍ਰਦਾਨ ਹੋਣ ਦੀ ਉਮੀਦ ਹੈ। ਇਸ ਹਵਾਈ ਅੱਡੇ ਦੇ ਖੁੱਲ੍ਹਣ ਨਾਲ ਨਾ ਸਿਰਫ ਯਾਤਰਾ ਸਹੂਲਤ ਵਧੇਗੀ ਸਗੋਂ ਖੇਤਰੀ ਵਿਕਾਸ ਵਿੱਚ ਵੀ ਯੋਗਦਾਨ ਪਵੇਗਾ ਕਿਉਂਕਿ ਇਹ ਨਿਵੇਸਕਾਂ ਅਤੇ ਕਾਰੋਬਾਰੀਆਂ ਲਈ ਇੱਕ ਵੱਡਾ ਆਵਾਜਾਈ ਕੇਂਦਰ ਬਣ ਸਕਦਾ ਹੈ।

# ਇਹ ਪਿੰਡ ਬਣਿਆ ਟਾਪੂ; ਘਰ ਛੱਡਣ ਨੂੰ ਮਜਬੂਰ ਹੋਏ ਲੋਕ

ਨੂਹ 11 ਜਨਵਰੀ। ਜੇਵੰਤ ਪਿੰਡ ਪਿਛਲੇ ਤਿੰਨ ਮਹੀਨਿਆਂ ਤੋਂ ਪਾਣੀ ਨਾਲ ਘਿਰਿਆ ਹੋਇਆ ਹੈ। ਚਾਰੋਂ ਪਾਸੇ ਪਾਣੀ ਹੀ ਪਾਣੀ ਨਜਰ ਆ ਰਿਹਾ ਹੈ। ਅਜਿਹਾ ਲੱਗਦਾ ਹੈ ਕਿ ਜਿਵੇਂ ਪਿੰਡ ਦੇ ਲੋਕ ਕਿਸੇ ਟਾਪੂ 'ਤੇ ਰਹਿ ਰਹੇ ਹੋਣ। ਹੜ੍ਹ ਵਰਗੇ ਹਲਾਤ ਵਿਚ ਰਹਿਣ ਲਈ ਲੋਕ ਮਜਬੂਰ ਹਨ। ਸਤੰਬਰ ਮਹੀਨੇ 'ਚ ਮਾਨਸੂਨ ਸੀਜਨ ਤੋਂ ਹੀ ਇਹ ਪਿੰਡ ਪਾਣੀ ਵਿਚ ਡੁੱਬਿਆ ਨਜਰ ਆ ਰਿਹਾ ਹੈ। ਆਲਮ ਇਹ ਹੈ ਕਿ ਇੱਥੋਂ ਦੀਆਂ ਸੜਕਾਂ ਡੁੱਬ ਗਈਆਂ ਹਨ ਅਤੇ ਆਲੇ-ਦੁਆਲੇ ਦੇ ਪਿੰਡਾਂ ਅਤੇ ਸ਼ਹਿਰਾਂ ਨਾਲੋਂ ਸੰਪਰਕ ਟੁੱਟ ਗਿਆ ਹੈ। ਇਹ ਪਿੰਡ ਹਰਿਆਣਾ ਦੇ ਨੂਹ ਵਿਚ ਪੈਂਦਾ ਹੈ। ਪਿੰਡ ਵਿਚ ਆਉਣ-ਜਾਣ ਲਈ ਪਿੰਡ ਵਾਸੀਆਂ ਕੋਲ ਹਵਾ ਨਾਲ ਭਰੀ ਟਿਊਬ ਦਾ ਸਹਾਰਾ ਹੈ। ਬੱਚੇ ਸਕੂਲ ਜਾਣ ਲਈ ਇਸੇ ਟਿਊਬ ਦਾ ਇਸਤੇਮਾਲ ਕਰ ਰਹੇ ਹਨ। ਪਿੰਡ ਦੇ ਲੋਕ ਹੁਣ ਰੋਜਾਨਾ ਦੇ ਕੰਮਾਂ ਲਈ



500 ਮੀਟਰ ਦੂਰ ਮੇਨ ਰੋਡ ਤੱਕ ਟਿਊਬ ਦੇ ਸਹਾਰੇ ਪਹੁੰਚਦੇ ਹਨ। ਲਗਾਤਾਰ ਪਾਣੀ ਭਰ ਜਾਣ ਕਾਰਨ ਪਿੰਡ ਦੇ ਖੇਤ ਪੂਰੀ ਤਰ੍ਹਾਂ ਬਰਬਾਦ ਹੋ ਗਏ ਹਨ। ਪਸ਼ੂਆਂ ਲਈ ਚਾਰੇ ਦਾ ਵੀ ਸੰਕਟ ਪੈਦਾ ਹੋ ਗਿਆ ਹੈ। ਮਜਬੂਰੀ ਵਿਚ ਕਈ ਪਰਿਵਾਰਾਂ ਨੂੰ ਆਪਣੇ ਦੁਧਾਰੂ ਪਸ਼ੂ ਤੱਕ ਵੇਚਣੇ ਪੈ ਰਹੇ ਹਨ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਪਿੰਡ ਦੇ ਹੇਠਲੇ ਖੇਤਰ ਵਿਚ ਹੋਣ ਕਾਰਨ ਬਾਕੀ ਪਿੰਡਾਂ ਦਾ ਪਾਣੀ ਵੀ ਇੱਥੇ ਆ ਕੇ ਰੁੱਕ ਜਾਂਦਾ ਹੈ। 20 ਤੋਂ ਵੱਧ ਪਰਿਵਾਰ ਇਸ ਮੁਸ਼ਕਲ ਹਲਾਤਾਂ ਵਿਚ ਫਸੇ ਹੋਏ ਹਨ ਪਰ ਹੁਣ ਤੱਕ ਪ੍ਰਸ਼ਾਸਨ ਤੋਂ ਕੋਈ ਰਾਹਤ ਨਹੀਂ ਮਿਲੀ। ਇਨ੍ਹਾਂ ਸਭ ਤੋਂ ਪਰੇਸ਼ਾਨ ਹੋ ਕੇ ਕੁਝ ਪਰਿਵਾਰ ਆਪਣਾ ਘਰ ਛੱਡ ਕੇ ਦੂਜੀਆਂ ਥਾਵਾਂ 'ਤੇ ਰਹਿਣ ਨੂੰ ਮਜਬੂਰ ਹੋ ਗਏ ਹਨ।

# ਪੰਜਾਬ 'ਚ ਲਗਾਤਾਰ 2 ਦਿਨ ਪਵੇਗਾ ਮੀਂਹ ! ਕਾਂਬਾ ਛੇੜੇਗੀ ਠੰਡੀ ਹਵਾ

ਚੰਡੀਗੜ੍ਹ 11 ਜਨਵਰੀ। ਪੰਜਾਬ ਦੇ ਕਈ ਇਲਾਕਿਆਂ ਵਿਚ ਸਵੇਰੇ-ਸਵੇਰੇ ਸੰਘਣੀ ਧੁੰਦ ਦਾ ਅਸਰ ਵੇਖਣ ਨੂੰ ਮਿਲ ਰਿਹਾ ਹੈ। ਮੌਸਮ ਵਿਭਾਗ ਮੁਤਾਬਕ ਛੇਤੀ ਹੀ ਇਲਾਕੇ ਵਿਚ ਬੱਦਲਵਾਈ ਹੋ ਜਾਵੇਗੀ ਤੇ ਬਾਰਿਸ਼ ਦਾ ਆਸਾਰ ਬਣ ਜਾਣਗੇ। ਇਸ ਦੇ ਨਾਲ ਹੀ ਸੂਬੇ ਦੇ ਕਈ ਹਿੱਸਿਆਂ ਵਿਚ ਠੰਡੀਆਂ ਹਵਾਵਾਂ ਵੀ ਚੱਲਣਗੀਆਂ। ਇਸ ਕਾਰਨ ਘਰੋਂ ਨਿਕਲਣ ਦੀ ਯੋਜਨਾ ਉਸ ਹਿਸਾਬ ਨਾਲ ਹੀ ਬਣਾਓ। ਮੌਸਮ ਵਿਭਾਗ ਵੱਲੋਂ ਅੱਜ ਭਾਵੇਂ ਕੋਹਰੇ ਦਾ ਕੋਈ ਅਲਰਟ ਤਾਂ ਜਾਰੀ ਨਹੀਂ ਕੀਤਾ ਗਿਆ, ਪਰ ਸਵੇਰ ਤੋਂ ਹੀ ਕਈ ਥਾਵਾਂ 'ਤੇ ਕਾਫੀ ਜ਼ਿਆਦਾ ਧੁੰਦ ਵੇਖਣ ਨੂੰ ਮਿਲ ਰਹੀ ਹੈ। ਵਿਭਾਗ ਦਾ ਮੰਨਣਾ ਹੈ ਕਿ ਕੁਝ ਦੇਰ ਵਿਚ ਹੀ ਬੱਦਲਵਾਈ ਹੋਵੇਗੀ ਤੇ ਬਾਰਿਸ਼ ਦੇ ਆਸਾਰ ਬਣ ਜਾਣਗੇ। ਬੱਦਲਵਾਈ ਕਾਰਨ ਹੀਟ ਲਾਕ ਦੀ ਸਥਿਤੀ ਬਣੇਗੀ ਤੇ ਰਾਤ ਵੇਲੇ ਤਾਪਮਾਨ ਵਿਚ ਹਲਕਾ ਵਾਧਾ ਵੀ ਹੋ ਸਕਦਾ ਹੈ। 2 ਦਿਨ ਬਾਰਿਸ਼ ਮਗਰੋਂ 12 ਦਸੰਬਰ ਤੋਂ ਤਾਪਮਾਨ ਵਿਚ ਹੋਰ ਗਿਰਾਵਟ ਦਰਜ ਕੀਤੇ ਜਾਣ ਦਾ ਅੰਦਾਜਾ ਲਗਾਇਆ ਗਿਆ ਹੈ। ਦਰਅਸਲ, ਈਰਾਨ ਵੱਲ ਪੱਛਮੀ ਗੜਬੜੀ ਸਰਗਰਮ ਹੋਈ ਹੈ। ਮੌਸਮ ਵਿਗਿਆਨ ਕੇਂਦਰ ਮੁਤਾਬਕ ਜਿਉਂ ਹੀ ਇਹ ਪੱਛਮੀ ਪ੍ਰਭਾਅ ਏਸ਼ੀਆ ਤੋਂ ਆਉਣ ਵਾਲੀ ਨਮੀ ਨਾਲ ਟਕਰਾਵੇਗਾ ਤਾਂ ਉੱਤਰੀ ਭਾਰਤ ਵਿਚ ਬੱਦਲਵਾਈ ਹੋਵੇਗੀ ਤੇ 11 ਤੇ 12 ਦਸੰਬਰ ਨੂੰ ਬਾਰਿਸ਼ ਦੇ ਆਸਾਰ ਬਣਨਗੇ। ਬਾਰਿਸ਼ ਕਾਰਨ ਲੋਕਾਂ ਨੂੰ ਧੁੰਦ ਤੋਂ ਵੀ ਰਾਹਤ ਮਿਲੇਗੀ।

# ਆਂਗਣਵਾੜੀ ਕੇਂਦਰਾਂ ਨੂੰ ਲੈ ਕੇ ਐਕਸ਼ਨ ਮੋਡ 'ਚ ਪੰਜਾਬ ਸਰਕਾਰ, ਹੋ ਗਈ ਵੱਡੀ ਕਾਰਵਾਈ

**ਕਿਸ਼ਨ ਪਾਲ**

ਚੰਡੀਗੜ੍ਹ 11 ਜਨਵਰੀ। ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਬਠਿੰਡਾ ਅਰਬਨ ਦੇ ਪਿੰਡ ਭੋਖੜਾ ਅਤੇ ਪਿੰਡ ਬਾਜਕ ਵਿਖੇ ਸਥਿਤ ਆਂਗਣਵਾੜੀ ਕੇਂਦਰਾਂ ਦੀ ਅਚਨਚੇਤ ਚੈਕਿੰਗ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਬਠਿੰਡਾ ਅਰਬਨ ਦੇ ਪਿੰਡ ਭੋਖੜਾ ਵਿਖੇ ਆਂਗਣਵਾੜੀ ਸੈਂਟਰ ਵਿਚ ਕਰਵਾਈ ਗਈ ਗ੍ਰੈਫਟੀ ਅਤੇ ਐੱਸ.ਐੱਨ.ਪੀ ਦੇ ਰਿਕਾਰਡ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਐੱਸ.ਐੱਨ.ਪੀ. ਲਾਭਪਾਤਰੀਆਂ ਅਤੇ ਬਜੁਰਗਾਂ ਨਾਲ ਪੈਨਸ਼ਨ ਸਬੰਧੀ ਵੀ ਗੱਲਬਾਤ ਕੀਤੀ ਗਈ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਪਿੰਡ ਬਾਜਕ ਵਿਖੇ ਨਰੇਗਾ ਦੇ ਸਹਿਯੋਗ ਨਾਲ ਬਣਾਈ ਗਈ ਆਂਗਣਵਾੜੀ ਸੈਂਟਰ ਦੀ ਬਿਲਡਿੰਗ ਦਾ ਦੌਰਾ ਕੀਤਾ ਗਿਆ। ਪੂਰਕ ਪੋਸਣ ਪ੍ਰੋਗਰਾਮ (ਐੱਸ.ਐੱਨ.ਪੀ) ਦੀ ਗੁਣਵੱਤਾ ਦਾ ਮੁਲਾਂਕਣ ਕਰਨ ਲਈ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਸਮੇਤ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ। ਲਾਭਪਾਤਰੀਆਂ ਨੇ ਆਂਗਣਵਾੜੀ ਕੇਂਦਰਾਂ ਵੱਲੋਂ ਦਿੱਤੀਆਂ ਜਾਂਦੀਆਂ ਪੌਸਟਿਕ




ਗੁਣਵੱਤਾ ਅਤੇ ਸੇਵਾਵਾਂ 'ਤੇ ਤਸੱਲੀ ਪ੍ਰਗਟਾਈ। ਇਸ ਮੌਕੇ ਸਪਲੀਮੈਂਟਰੀ ਨਿਊਟ੍ਰੀਸ਼ਨ ਪ੍ਰੋਗਰਾਮ ਦੇ ਰਿਕਾਰਡ ਦੀ ਜਾਂਚ ਕੀਤੀ ਗਈ। ਉਨ੍ਹਾਂ ਦੱਸਿਆ ਕਿ ਆਂਗਣਵਾੜੀ ਸੈਂਟਰਾਂ ਦੇ ਦੌਰੇ ਦੌਰਾਨ ਮਿੱਠਾ, ਨਮਕੀਨ ਦਲੀਆ ਅਤੇ ਪ੍ਰੀਮਿਕਸ ਖਿਚੜੀ ਨੂੰ ਮੌਕੇ 'ਤੇ ਪਕਵਾ ਕੇ ਕੁਆਲਿਟੀ ਚੈਕ ਕੀਤੀ ਗਈ। ਇਸ ਤੋਂ ਇਲਾਵਾ ਬਜੁਰਗਾਂ ਨਾਲ ਪੈਨਸ਼ਨ ਸਬੰਧੀ ਅਤੇ ਮਹਿਲਾ ਲਾਭਪਾਤਰੀਆਂ ਨਾਲ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਰੀਵਿਊ ਕੀਤਾ ਗਿਆ। ਬੱਚਿਆਂ ਦੇ ਬੌਧਿਕ ਅਤੇ ਰਚਨਾਤਮਕ ਵਿਕਾਸ ਦਾ ਮੁਲਾਂਕਣ ਕਰਨ ਲਈ, ਮੰਤਰੀ ਨੇ ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਕਵਿਤਾਵਾਂ ਅਤੇ ਹੋਰ ਗਤੀਵਿਧੀਆਂ ਨੂੰ ਸੁਣਿਆ। ਉਨ੍ਹਾਂ ਬੱਚਿਆਂ ਦੇ ਪਾਲਣ ਪੋਸਣ ਵਿਚ ਕੀਤੇ ਗਏ ਸਲਾਘਾਯੋਗ ਯਤਨਾਂ ਲਈ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਸਮਰਪਣ ਅਤੇ ਕਾਰਗੁਜਾਰੀ ਦੀ ਪ੍ਰਸੰਸਾ ਕੀਤੀ। ਡਾ. ਬਲਜੀਤ ਕੌਰ ਨੇ ਪੰਜਾਬ ਭਰ ਵਿਚ ਬਚਪਨ ਦੀ ਸ਼ੁਰੂਆਤੀ ਦੇਖਭਾਲ ਨੂੰ ਮਜਬੂਤ ਕਰਨ ਅਤੇ ਮਹਿਲਾਵਾਂ ਅਤੇ ਬੱਚਿਆਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸਟੀ ਕੀਤੀ। ਇਸ ਮੌਕੇ ਸੀ.ਡੀ.ਪੀ.ਓ ਪੰਕਜ ਕੁਮਾਰ, ਊਸ਼ਾ ਅਤੇ ਜ਼ਿਲ੍ਹਾ ਭਲਾਈ ਅਫਸਰ ਵਰਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਅਦਾਲਤ ਅੰਦਰ ਵਕੀਲ 'ਤੇ ਚੱਲੀਆਂ ਗੋਲੀਆਂ

ਵੈਬ ਡੈਸਕ 11 ਜਨਵਰੀ। ਅਦਾਲਤ ਅੰਦਰ ਗੋਲੀਆਂ ਚੱਲਣ ਦਾ ਸਨਸਨੀਖੇਜ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਕੋਰਟ ਅੰਦਰ ਇਕ ਸੀਨੀਅਰ ਵਕੀਨ 'ਤੇ ਕੁਝ ਵਿਅਕਤੀਆਂ ਨੇ ਹਮਲਾ ਕਰ ਦਿੱਤਾ। ਬਦਮਾਸ਼ਾਂ ਨੇ ਅਨ੍ਹੇਵਾਹ ਗੋਲੀਆਂ ਚਲਾਈਆਂ। ਗੋਲੀਆਂ ਦੀ ਆਵਾਜ ਸੁਣ ਮੌਕੇ ਤੋਂ ਸਾਰੇ ਵਕੀਲ ਭੱਜ ਨਿਕਲੇ। ਇਹ ਵੇਖ ਹਮਲਾਵਰਾਂ ਨੇ ਵੀ ਭੱਜਣ ਦੀ ਕੋਸ਼ਿਸ਼ ਕੀਤੀ ਪਰ ਇਸ ਤੋਂ ਪਹਿਲਾਂ ਵਕੀਲਾਂ ਨੇ ਕੋਰਟ ਦਾ ਗੇਟ ਘੇਰ ਲਿਆ। ਜਿਥੇ ਵਕੀਲਾਂ ਨੇ ਹਮਲਾਵਾਰਾਂ ਨੂੰ ਕਾਬੂ ਕਰ ਕੁੱਟਾਪਾ ਚਾੜਿਆ। ਇਹ ਘਟਨਾ



ਬਰੇਲੀ ਕੋਰਟ ਦੀ ਦੱਸੀ ਜਾ ਰਹੀ ਹੈ। ਜਿਥੇ ਅੱਜ ਸੀਨੀਅਰ ਵਕੀਲ ਰਾਜਾਰਾਮ ਉੱਤੇ 4 ਦੇ ਕਰੀਬ ਬਦਮਾਸ਼ਾਂ ਨੇ ਗੋਲੀਆਂ ਚਲਾਈਆਂ। ਦੱਸਿਆ ਜਾ ਰਿਹਾ ਹੈ ਕਿ ਜਦ ਹਮਲਾਵਰਾਂ ਨੂੰ ਵਕੀਲਾਂ ਨੇ ਕੁੱਟਿਆ ਤਾਂ ਪੁਲਸ ਵੀ ਮੌਕੇ ਉੱਤੇ ਪਹੁੰਚ ਗਈ। ਪੁਲਸ ਨੇ ਹਮਲਾਵਾਰਾਂ ਨੂੰ ਵਕੀਲਾਂ ਦੇ ਚੁੰਗਲ ਵਿੱਚੋਂ ਛੁਡਵਾਇਆ ਤੇ ਹਿਰਾਸਤ ਵਿੱਚ ਲੈ ਲਿਆ। ਫਿਲਹਾਲ ਪੁਲਸ ਹਮਲਾਵਾਰਾਂ ਨੂੰ ਥਾਣੇ ਲੈ ਗਈ ਹੈ, ਜਿਥੇ ਉਨ੍ਹਾਂ ਤੋਂ ਇਸ ਮਾਮਲੇ ਵਿੱਚ ਪੁੱਛਗਿਛ ਕੀਤੀ ਜਾਵੇਗੀ। ਇਸ ਤੋਂ ਬਾਅਦ ਵਕੀਲਾਂ ਨੇ ਹੰਗਾਮਾ ਕਰ ਦਿੱਤਾ। ਦੱਸਿਆ ਜਾ ਰਿਹਾ ਹੈ ਕਿ ਅਦਾਲਤ ਅੰਦਰ ਵਕੀਲ ਰਾਜਾਰਾਮ ਦਾ ਚੈਂਬਰ ਹੈ। ਉਥੇ ਕੁਝ ਲੋਕ ਉਸ ਨੂੰ ਮਿਲਣ ਆਏ ਸਨ। ਵਕੀਲ ਦੀ ਉਸ ਨਾਲ ਬਹਿਸ ਹੋ ਗਈ। ਇਸ ਦੌਰਾਨ ਇਕ ਵਿਅਕਤੀ ਨੇ ਵਕੀਲ 'ਤੇ ਗੋਲੀਆਂ ਚਲਾ ਦਿੱਤੀਆਂ। ਖੁਸਕਿਸਮਤੀ ਰਹੀ ਕਿ ਵਕੀਲ ਨੂੰ ਕੋਈ ਗੋਲੀ ਨਹੀਂ ਲੱਗੀ। ਘਟਨਾ ਤੋਂ ਬਾਅਦ ਵਕੀਲਾਂ ਨੇ ਹਮਲਾਵਰ ਸਮੇਤ ਚਾਰ ਲੋਕਾਂ ਨੂੰ ਫੜ ਲਿਆ। ਦੱਸਿਆ ਗਿਆ ਕਿ ਇਹ ਲੋਕ ਵਕੀਲ ਦੇ ਗਾਹਕ ਸਨ। ਇਸ ਘਟਨਾ ਨੇ ਇਕ ਵਾਰ ਫਿਰ ਅਦਾਲਤ ਦੀ ਸੁਰੱਖਿਆ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਇਸ ਘਟਨਾ ਤੋਂ ਬਾਅਦ ਵਕੀਲਾਂ ਵਿੱਚ ਗੁੱਸਾ ਹੈ। ਵਕੀਲਾਂ ਨੇ ਮੁਲਜਮਾਂ ਖ਼ਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਹੈ

# 700 ਫੁੱਟ ਡੂੰਘੀ ਖੱਡ 'ਚ ਡਿੱਗਿਆ ਟਰੱਕ, ਦੋ ਸਗੇ ਭਰਾਵਾਂ ਦੀ ਮੌਤ

ਜੰਮੂ 11 ਜਨਵਰੀ। ਜੰਮੂ-ਕਸ਼ਮੀਰ ਦੇ ਰਾਮਬਨ ਜ਼ਿਲ੍ਹੇ 'ਚ ਇੱਕ ਟਰੱਕ ਦੇ ਡੂੰਘੀ ਖੱਡ ਵਿੱਚ ਡਿੱਗਣ ਕਾਰਨ ਦੋ ਭਰਾਵਾਂ ਦੀ ਮੌਤ ਹੋ ਗਈ। ਪੁਲਸ ਨੇ ਸੁੱਕਰਵਾਰ ਨੂੰ ਦੱਸਿਆ ਕਿ ਜੰਮੂ ਤੋਂ ਸ੍ਰੀਨਗਰ ਜਾ ਰਹੇ ਲੋਹੇ ਦੇ ਸਲਾਖਾਂ ਨਾਲ ਭਰੇ ਇੱਕ ਟਰੱਕ ਦਾ ਵੀਰਵਾਰ ਦੇਰ ਰਾਤ ਬੈਟਰੀ ਚਸਮਾ ਪਹੁੰਚਣ 'ਤੇ ਹਾਦਸਾ ਹੋ ਗਿਆ। ਡਰਾਈਵਰ ਤੇਜ ਰਫਤਾਰ ਨਾਲ ਚਲਾਏ ਜਾ ਰਹੇ ਵਾਹਨ ਨੂੰ ਕਾਬੂ ਕਰਨ ਵਿੱਚ ਅਸਫਲ ਰਿਹਾ ਅਤੇ ਇਹ 500 ਤੋਂ 700 ਫੁੱਟ ਡੂੰਘੀ ਖੱਡ ਵਿੱਚ ਡਿੱਗ ਗਿਆ। ਦੋ ਵਿਅਕਤੀਆਂ ਦੀ ਪਛਾਣ ਯਾਸਿਰ ਇਮਤਿਆਜ ਅਤੇ ਦਾਨਿਸ ਵਜੋਂ ਹੋਈ ਹੈ, ਦੋਵੇਂ ਇਮਤਿਆਜ ਅਹਿਮਦ ਖਾਨ ਦੇ ਪੁੱਤਰ, ਚਾਜੀ ਹਾਮਾ, ਜ਼ਿਲ੍ਹਾ ਬਾਰਾਮੂਲਾ ਦੇ ਵਸਨੀਕ ਸਨ ਤੇ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਨੇ ਕਿਹਾ ਕਿ ਇਸ ਸਬੰਧ ਵਿੱਚ ਇੱਕ ਮਾਮਲਾ ਦਰਜ ਕਰ ਲਿਆ ਗਿਆ ਹੈ।

# ਧਾਰਮਿਕ ਸਮਾਰੋਹ 'ਚ ਹਾਥੀ ਨੂੰ ਆ ਗਿਆ ਗੁੱਸਾ

ਮੱਲਪੁਰਮ 11 ਜਨਵਰੀ। ਕੇਰਲ ਦੇ ਮਲੱਪੁਰਮ ਵਿਚ ਇਕ ਮਸਜਿਦ 'ਚ ਧਾਰਮਿਕ ਸਮਾਗਮ ਦੌਰਾਨ ਇਕ ਹਾਥੀ ਨੂੰ ਗੁੱਸਾ ਆਇਆ ਅਤੇ ਉਸ ਨੇ ਖ਼ੂਬ ਹੰਗਾਮਾ ਕੀਤਾ। ਹਾਥੀ ਦੇ ਹਮਲੇ ਕਾਰਨ 23 ਲੋਕ ਜਖਮੀ ਹੋ ਗਏ। ਪੁਲਸ ਨੇ ਦੱਸਿਆ ਕਿ ਜਖਮੀਆਂ 'ਚੋਂ ਇਕ ਦੀ ਹਾਲਤ ਨਾਜੁਕ ਬਣੀ ਹੋਈ ਹੈ। ਹਾਥੀ ਨੇ ਇਸ ਵਿਅਕਤੀ ਨੂੰ ਚੁੱਕ ਕੇ ਸੁੱਟ ਦਿੱਤਾ ਸੀ। ਇਹ ਘਟਨਾ 8 ਜਨਵਰੀ ਦੀ ਹੈ। ਦੱਸ ਦੇਈਏ ਕਿ ਪੁਲਸ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਰਾਤ ਕਰੀਬ 12.30 ਵਜੇ ਹਾਥੀ ਦੇ ਹਮਲੇ ਮਗਰੋਂ ਅਚਾਨਕ ਭਾਜੜ ਮਚ ਗਈ। ਇਸ ਵਿਚ 23 ਲੋਕ ਜਖਮੀ ਹੋ ਗਏ। ਸਮਾਰੋਹ ਲਈ 5 ਹਾਥੀਆਂ ਨੂੰ ਬੁਲਾਇਆ ਗਿਆ ਸੀ, ਜਿਸ ਵਿਚੋਂ ਇਕ ਹਿੰਸਕ ਹੋ ਗਿਆ ਅਤੇ ਉਸ ਨੇ ਸਾਹਮਣੇ ਖੜ੍ਹੀ ਲੋਕਾਂ ਦੀ ਭੀੜ 'ਤੇ ਹਮਲਾ ਕਰ ਦਿੱਤਾ। ਹਾਥੀ ਨੇ ਇਕ ਵਿਅਕਤੀ ਨੂੰ ਆਪਣੀ ਸੁੰਡ ਨਾਲ ਚੁੱਕਿਆ, ਉਸ ਨੂੰ ਘੁੰਮਾਇਆ ਅਤੇ ਫਿਰ ਦੂਰ ਸੁੱਟ ਦਿੱਤਾ। ਕਈ ਕੋਸ਼ਿਸ਼ਾਂ ਮਗਰੋਂ ਹਾਥੀ ਨੂੰ ਉਸ ਦੇ ਮਹਾਵਤਾਂ ਨੇ ਸ਼ਾਂਤ ਕਰਵਾਇਆ। ਪੁਲਸ ਨੇ ਦੱਸਿਆ ਕਿ ਮਸਜਿਦ ਪ੍ਰਸ਼ਾਸਨ ਨੂੰ ਧਾਰਮਿਕ ਸਮਾਰੋਹ ਵਿਚ ਹਾਥੀ ਲਿਆਉਣ ਦੀ ਇਜਾਜਤ ਦਿੱਤੀ ਗਈ ਸੀ

# 10 ਦਿਨਾਂ ਤੋਂ ਰੇਲਵੇ ਟ੍ਰੈਕ 'ਤੇ ਪਈ ਗਊ ਦੀ ਲਾਸ਼ ਨੂੰ ਦਫਨਾਇਆ

**ਏਜੰਸੀਆਂ**

ਜਲੰਧਰ 11 ਜਨਵਰੀ। ਜਲੰਧਰ-ਨਕੋਦਰ ਰੇਲਵੇ ਟ੍ਰੈਕ 'ਤੇ ਡੀ. ਐੱਮ. ਯੂ. ਇੰਜਣ ਵਿਚ ਫਸ ਕੇ ਗਊ ਦੇ ਮਰਨ ਦੇ 10 ਦਿਨਾਂ ਬਾਅਦ ਰੇਲਵੇ ਵਿਭਾਗ ਉਸ ਸਮੇਂ ਕੁੰਭਕਰਨੀ ਨੀਂਦ ਤੋਂ ਜਾਗਿਆ, ਜਦੋਂ 'ਜਗ ਬਾਣੀ' ਨੇ ਗਊ ਮਾਤਾ ਦੀ ਲਾਸ਼ ਨੂੰ ਆਵਾਰਾ ਕੁੱਤਿਆਂ ਅਤੇ ਪੰਛੀਆਂ ਵੱਲੋਂ ਨੋਚ-ਨੋਚ ਕੇ ਖਾਣ ਸਬੰਧੀ ਖਬਰ ਨੂੰ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਕੀਤਾ, ਜਿਸ ਤੋਂ ਬਾਅਦ ਰੇਲਵੇ ਵਿਭਾਗ ਦੇ ਕਰਮਚਾਰੀਆਂ ਨੇ ਅੱਜ ਹਿੰਦ ਕ੍ਰਾਂਤੀ ਦਲ ਦੇ ਪ੍ਰਧਾਨ ਅਤੇ ਗਊ ਰੱਖਿਅਕ ਮਨੋਜ ਨੰਨ੍ਹਾ ਦੇ ਸਾਥੀਆਂ ਅਨਿਲ ਸ਼ਰਮਾ, ਚਿਰਾਗ ਸ਼ਰਮਾ ਅਤੇ ਹੋਰ ਸਹਿਯੋਗੀਆਂ ਨਾਲ ਲਾਸ਼ ਨੂੰ ਵਿਧੀਪੂਰਵਕ ਦਫਨਾ ਦਿੱਤਾ। ਅੱਜ ਰੇਲਵੇ ਵਿਭਾਗ ਦੇ ਕਰਮਚਾਰੀ ਹਿੰਦ ਕ੍ਰਾਂਤੀ ਦਲ ਦੇ ਅਨਿਲ ਸ਼ਰਮਾ ਅਤੇ ਉਨ੍ਹਾਂ ਦੇ ਸਹਿਯੋਗੀਆਂ ਨਾਲ ਜੇ. ਸੀ. ਬੀ. ਮਸ਼ੀਨ ਲੈ ਕੇ ਲਾਸ਼ ਕੋਲ ਪਹੁੰਚੇ ਅਤੇ ਉਨ੍ਹਾਂ ਨੇ ਉਥੇ ਜਮੀਨ 'ਤੇ ਵੱਡਾ ਸਾਰਾ ਖੱਡਾ ਪੁੱਟ ਕੇ ਲਾਸ਼ ਨੂੰ ਦਫਨਾ ਦਿੱਤਾ। ਇਸ ਦੌਰਾਨ ਅਨਿਲ ਸ਼ਰਮਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਪਹਿਲਾਂ ਲਾਸ਼ ਦੀ ਪੂਜਾ-ਅਰਚਨਾ ਕਰਕੇ ਉਸ ਨੂੰ ਗੰਗਾ ਜਲ ਨਾਲ ਨਹਾਇਆ, ਜਿਸ ਤੋਂ ਬਾਅਦ ਗਊ ਮਾਤਾ ਦੀ ਲਾਸ਼ ਨੂੰ ਮਸ਼ੀਨ ਦੀ ਮਦਦ ਨਾਲ ਖੱਡੇ ਵਿਚ ਪਾ ਕੇ ਉਸ 'ਤੇ ਮਿੱਟੀ ਪਾ ਦਿੱਤੀ ਗਈ।\ ਇਸ ਦੌਰਾਨ ਅਨਿਲ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿਚ ਸਾਰਾ ਮਾਮਲਾ ਆਉਣ ਤੋਂ ਬਾਅਦ ਉਨ੍ਹਾਂ ਨੇ ਅਧਿਕਾਰੀਆਂ ਨਾਲ ਲਾਸ਼ ਨੂੰ ਰੇਲਵੇ ਟ੍ਰੈਕ 'ਤੇ ਹੀ 10 ਦਿਨਾਂ ਤੋਂ ਸੁੱਟਣ ਦੇ ਸ਼ਰਮਨਾਕ ਕਾਰੇ ਨੂੰ ਲੈ ਕੇ ਗੱਲ ਕੀਤੀ ਪਰ




ਖਬਰ ਪ੍ਰਕਾਸ਼ਿਤ ਹੋਣ ਤੋਂ ਹੜਬੜਾਏ ਅਧਿਕਾਰੀ ਇਸ ਮਾਮਲੇ ਤੋਂ ਅਣਜਾਣ ਹੋ ਕੇ ਆਪਣਾ ਪੱਲਾ ਝਾੜਦੇ ਵਿਖਾਈ ਦਿੱਤੇ। ਜਦੋਂ ਉਨ੍ਹਾਂ ਨੂੰ ਪ੍ਰਕਾਸ਼ਿਤ ਖਬਰ ਵਿਖਾ ਕੇ ਹਿੰਦ ਕ੍ਰਾਂਤੀ ਦਲ ਦੇ ਨੇਤਾਵਾਂ ਨੇ ਜਲੰਧਰ-ਨਕੋਦਰ ਰੇਲਵੇ ਟ੍ਰੈਕ 'ਤੇ ਧਰਨਾ ਲਗਾ ਕੇ ਆਵਾਜਾਈ ਠੱਪ ਕਰਨ ਦੀ ਚਿਤਾਵਨੀ ਦਿੱਤੀ ਤਾਂ ਰੇਲਵੇ ਅਧਿਕਾਰੀ ਹਰਕਤ ਵਿਚ ਆਏ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਮੇਵਾਰੀ ਦਾ ਅਹਿਸਾਸ ਹੋਇਆ। ਇਸ ਤੋਂ ਬਾਅਦ ਰੇਲਵੇ ਕਰਮਚਾਰੀਆਂ ਨੇ ਜੇ. ਸੀ. ਬੀ. ਦਾ ਪ੍ਰਬੰਧ ਕਰਕੇ ਹਿੰਦ ਕ੍ਰਾਂਤੀ ਦਲ ਦੇ ਨੇਤਾਵਾਂ ਨਾਲ ਜਾ ਕੇ ਗਊ ਮਾਤਾ ਦੀ ਲਾਸ਼ ਨੂੰ ਦਫਨਾਇਆ। ਪੰਜਾਬ ਹੈਲਥ ਕੋਆਪ੍ਰੇਸ਼ਨ ਸਿਸਟਮ ਦੇ ਸਾਬਕਾ ਵਾਈਸ ਚੇਅਰਮੈਨ ਬੌਬੀ ਸਹਿਗਲ ਨੇ ਰੇਲ ਇੰਜਣ ਵਿਚ ਫਸ ਕੇ 100 ਮੀਟਰ ਦੇ ਲੱਗਭਗ ਘੜੀਸਦੀ ਆਈ ਗਊ ਮਾਤਾ ਦੀ ਲਾਸ਼ ਨਾਲ ਰੇਲਵੇ ਅਧਿਕਾਰੀਆਂ ਵੱਲੋਂ ਕੀਤੇ ਗਏ ਵਰਤਾਓ ਖ਼ਿਲਾਫ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੂੰ ਸਾਰੇ ਘਟਨਾਕ੍ਰਮ ਦੀ ਸ਼ਿਕਾਇਤ ਭੇਜੀ ਹੈ। ਬੌਬੀ ਸਹਿਗਲ ਨੇ ਦੱਸਿਆ ਕਿ ਉਨ੍ਹਾਂ ਨੇ ਖਬਰ ਦੀ ਕਟਿੰਗ ਦੇ ਨਾਲ ਰਵਨੀਤ ਬਿੱਟੂ ਨੂੰ ਇਸ ਸਾਰੇ ਮਾਮਲੇ ਵਿਚ ਲਾਪ੍ਰਵਾਹ ਅਧਿਕਾਰੀਆਂ ਖ਼ਿਲਾਫ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਬੌਬੀ ਸਹਿਗਲ ਨੇ ਰੇਲ ਮੰਤਰੀ ਤੋਂ ਮੰਗ ਕੀਤੀ ਕਿ ਨੇੜ ਭਵਿੱਖ ਵਿਚ ਗਊ ਮਾਤਾ ਸਮੇਤ ਕਿਸੇ ਵੀ ਬੇਜ਼ੁਬਾਨ ਜਾਨਵਰ ਨਾਲ ਅਜਿਹਾ ਅਣਮਨੁੱਖੀ ਵਿਵਹਾਰ ਨਾ ਹੋਵੇ, ਇਸ ਸਬੰਧੀ ਅਧਿਕਾਰੀਆਂ ਨੂੰ ਸਖਤ ਹੁਕਮ ਜਾਰੀ ਕੀਤੇ ਜਾਣ।

# ਪੰਜਾਬ ਦੇ ਇਸ ਜਿਲ੍ਹੇ 'ਚ ਲੱਗ ਗਈਆਂ ਵੱਡੀਆਂ ਪਾਬੰਦੀਆਂ

**ਏਜੰਸੀਆਂ**

ਅੰਮ੍ਰਿਤਸਰ 11 ਜਨਵਰੀ। ਜ਼ਿਲ੍ਹਾ ਮੈਜਿਸਟ੍ਰੇਟ ਸਾਕਸ਼ੀ ਸਾਹਨੀ ਨੇ ਭਾਰਤੀ ਨਾਗਰਿਕ ਸੁਰੱਖਿਆ ਤਹਿਤ ਧਾਰਾ 163 ਬੀ. ਐੱਨ. ਐੱਸ. ਐੱਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਅਸਲਾ ਭੰਡਾਰ ਬਿਆਸ ਦੇ ਆਲੇ- ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਲੋਕਾਂ ਵਲੋਂ ਜਲਨਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣਅਧਿਕਾਰਤ ਉਸਾਰੀਆਂ 'ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਅੰਮ੍ਰਿਤਸਰ ਵਿਚ ਅਸਲਾ ਭੰਡਾਰ ਬਿਆਸ ਦੇ ਆਲੇ-ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਲੋਕਾਂ ਦੁਆਰਾ ਜਲਨਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣ ਅਧਿਕਾਰਤ ਉਸਾਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਕਿਸੇ ਅਣ ਸੁਖਾਵੀਂ ਘਟਨਾ ਦੇ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਇਸ ਲਈ ਮਨੁੱਖੀ ਜਾਨਾਂ ਅਤੇ ਸਰਕਾਰੀ ਜਾਇਦਾਦ ਨੂੰ ਬਚਾਉਣ ਦੇ ਮੰਤਵ ਲਈ ਅਸਲਾ ਭੰਡਾਰ ਬਿਆਸ ਦੇ ਆਲੇ-ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਜਲਨਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣ ਅਧਿਕਾਰਤ ਉਸਾਰੀਆਂ ਨਾ ਕਰਨ ਲਈ ਤੇਜ਼ੀ ਨਾਲ ਉਪਰਾਲੇ ਕਰਨ ਦੀ ਲੋੜ ਹੈ। ਜ਼ਿਲਾ ਮੈਜਿਸਟ੍ਰੇਟ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਜ਼ਿਲਾ ਅੰਮ੍ਰਿਤਸਰ ਵਿਚ ਪੁਲੀਆਂ ਅਤੇ ਸੜਕਾਂ 'ਤੇ ਬਣੀਆਂ ਰੇਲਿੰਗਾਂ ਤੋੜਨ ਅਤੇ ਸੜਕਾਂ ਦੀ ਉਸਾਰੀ ਜਾਂ ਫਲਾਈਓਵਰ ਨੂੰ ਪੱਕਾ ਕਰਦੇ ਸਮੇਂ ਬਣੇ ਡਿਵਾਈਡਰਾਂ ਨੂੰ ਤੋੜ ਕੇ ਆਰਜ਼ੀ ਤੌਰ 'ਤੇ ਰਸਤਾ ਕੱਢਣ 'ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਅੰਮ੍ਰਿਤਸਰ ਵਿਚ ਕਈ ਪੁਲੀਆਂ ਅਤੇ ਸੜਕਾਂ ਹਨ ਜੋ ਬਿਨਾਂ ਰੇਲਿੰਗ ਦੇ ਹਨ। ਇਸ ਤੋਂ ਇਲਾਵਾ ਕੁਝ ਲੋਕਾਂ/ਠੇਕੇਦਾਰਾਂ/ਮਹਿਕਮਿਆਂ ਵੱਲੋਂ ਫ਼ਸਲ ਦੀ ਕਟਾਈ ਸਬੰਧੀ ਮਸ਼ੀਨਾਂ/ਡਿੱਚ ਮਸ਼ੀਨਾਂ ਅਤੇ ਟਰਾਲੀਆਂ ਆਦਿ ਨੂੰ ਲਿਜਾਣ ਲਈ ਤੰਗ ਪੁਲੀਆਂ 'ਤੇ ਬਣੇ ਡਿਵਾਈਡਰਾਂ ਨੂੰ ਤੋੜਨ, ਪੁਲੀਆਂ ਜਾਂ ਸੜਕਾਂ ਦੀ ਉਸਾਰੀ ਜਾਂ ਫਲਾਈਓਵਰ ਨੂੰ ਪੱਕਾ ਕਰਦੇ ਸਮੇਂ ਸੜਕਾਂ 'ਤੇ ਬਣੇ ਡਿਵਾਈਡਰਾਂ ਨੂੰ ਤੋੜਨ ਅਤੇ ਆਰਜ਼ੀ ਤੌਰ 'ਤੇ ਰਸਤਾ ਕੱਢਣ ਕਰ ਕੇ ਦੁਰਘਟਨਾਵਾਂ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਇਸ ਲਈ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਤੇਜ਼ੀ ਨਾਲ ਉਪਰਾਲੇ ਕਰਨ ਦੀ ਲੋੜ ਹੈ। ਜ਼ਿਲ੍ਹਾ ਪੁਲਸ ਮੁਖੀ, ਅੰਮ੍ਰਿਤਸਰ (ਦਿਹਾਤੀ) ਦੇ ਅਧਿਕਾਰ ਖੇਤਰ ਵਿੱਚ ਪੈਂਦੇ ਥਾਣਿਆਂ ਅਧੀਨ ਪਿੰਡਾਂ ਕਸਬਿਆਂ ਵਿਚ ਪੰਜ ਜਾਂ ਇਸ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ, ਰੋਸ ਰੈਲੀਆਂ, ਧਰਨਾ ਦੇਣ, ਮੀਟਿੰਗਾਂ ਕਰਨ, ਨਾਹਰੇ ਮਾਰਨ ਜਾਂ ਲਗਾਉਣ ਅਤੇ ਵਿਖਾਵਾ ਕਰਨ ਤੇ ਮੁਕੰਮਲ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ। ਜ਼ਿਲ੍ਹੇ ਵਿਚ ਕੁਝ ਰਾਜਨੀਤਿਕ ਜਥੇਬੰਦੀਆਂ ਜ਼ਿਲ੍ਹਾ ਪੱਧਰ 'ਤੇ ਰੋਸ, ਧਰਨੇ ਰੈਲੀਆਂ ਅਤੇ ਮੁਜ਼ਾਹਰੇ ਕਰਨ ਦੀਆਂ ਯੋਜਨਾਵਾਂ ਬਣਾ ਰਹੀਆਂ ਹਨ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਉਤੇਜਿਤ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ, ਜਿਸ ਨਾਲ ਸਰਕਾਰੀ ਅਤੇ ਗੈਰ-ਸਰਕਾਰੀ ਸੰਪਤੀ/ਜਾਇਦਾਦ ਦਾ ਨੁਕਸਾਨ ਹੋਣ ਅਤੇ ਅਮਨ ਅਤੇ ਕਾਨੂੰਨ ਦੀ ਸਥਿਤੀ ਵਿਗੜਨ ਦਾ ਡਰ ਬਣਿਆ ਰਹਿੰਦਾ ਹੈ। ਇਸ ਲਈ ਅਮਨ ਅਤੇ ਕਾਨੂੰਨ ਦੀ ਸਥਿਤੀ ਠੀਕ ਬਣਾਏ ਰੱਖਣ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨ ਵਾਸਤੇ ਤੇਜ਼ੀ ਨਾਲ ਉਪਰਾਲੇ ਕਰਨ ਦੀ ਲੋੜ ਹੈ। ਅੰਮ੍ਰਿਤਸਰ ਵਿਚ ਕੋਈ ਵੀ ਵਾਹਨ/ਆਟੋ-ਰਿਕਸ਼ਾ




ਚਾਲਕ ਸਮਰੱਥਾ ਤੋ ਵੱਧ ਬੱਚਿਆਂ ਨੂੰ ਸਕੂਲ ਵਿਚ ਲੈ ਕੇ ਨਹੀਂ ਜਾਵੇਗਾ। ਸਮੂਹ ਸਕੂਲਾਂ ਦੇ ਪ੍ਰਿੰਸੀਪਲ/ਹੈੱਡ ਮਾਸਟਰ ਇਹ ਯਕੀਨੀ ਬਣਾਉਣਗੇ ਕਿ ਉਹ ਆਪਣੇ ਪੱਧਰ 'ਤੇ ਮਾਪਿਆਂ ਨੂੰ ਇਸ ਸਬੰਧੀ ਜਾਗਰੂਕ ਕਰਨਗੇ। ਸਕੂਲਾਂ ਨੂੰ ਜਾਣ ਵਾਲੇ ਵਾਹਨ/ਆਟੋ ਰਿਕਸ਼ਾ ਵਾਲੇ ਸਮਰੱਥਾ ਤੋਂ ਵੱਧ ਬੱਚਿਆਂ ਨੂੰ ਸਕੂਲ ਵਿਚ ਲੈ ਕੇ ਜਾਂਦੇ ਹਨ, ਜਿਸ ਨਾਲ ਆਵਾਜਾਈ ਸਮੱਸਿਆ ਪੈਦਾ ਹੋਣ ਤੋਂ ਇਲਾਵਾ ਹਾਦਸਿਆਂ ਦਾ ਵੀ ਖ਼ਤਰਾ ਬਣਿਆ ਰਹਿੰਦਾ ਹੈ। ਜ਼ਿਲ੍ਹੇ ਦੇ ਦਿਹਾਤੀ ਏਰੀਏ ਵਿੱਚ ਚੱਲ ਰਹੇ ਮੈਰਿਜ ਪੈਲੇਸਾਂ ਵਿਚ ਹਥਿਆਰ ਆਦਿ ਲੈ ਕੇ ਆਉਣ ਅਤੇ ਹਵਾਈ ਫਾਇਰ ਕਰਨ ਅਤੇ ਸ਼ੋਸ਼ਲ ਮੀਡੀਆ ਵਿਚ ਅਜਿਹੀ ਕਾਰਵਾਈ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਸੀਨੀਅਰ ਪੁਲਸ ਕਪਤਾਨ, ਅੰਮ੍ਰਿਤਸਰ (ਦਿਹਾਤੀ) ਨੇ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਹੈ ਕਿ ਕਾਫੀ ਗਿਣਤੀ ਵਿਚ ਮੈਰਿਜ ਪੈਲੇਸਾਂ, ਧਾਰਮਿਕ ਸਥਾਨਾਂ ਵਿਚ ਹੁੰਦੇ ਸਮਾਰੋਹਾਂ ਦੌਰਾਨ ਕਈ ਲੋਕਾਂ ਵੱਲੋਂ ਹਥਿਆਰ ਨਾਲ ਲੈ ਕੇ ਜਾਣਾ ਅਤੇ ਹਵਾਈ ਫਾਇਰ ਕਰਨਾ ਇਕ ਰਵਾਇਤ ਜਿਹੀ ਬਣ ਗਈ ਹੈ ਅਤੇ ਸ਼ੋਸਲ ਮੀਡੀਆ 'ਤੇ ਵੀ ਹਥਿਆਰਾਂ ਦੀ ਨੁਮਾਇਸ਼ ਕੀਤੀ ਜਾਂਦੀ ਹੈ, ਜਿਸ ਨਾਲ ਕਈ ਵਾਰ ਅਮਨ ਕਾਨੂੰਨ ਦੀ ਸਥਿਤੀ ਵਿਗੜਨ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਲਈ ਜ਼ਿਲ੍ਹਾ ਦਿਹਾਤੀ ਏਰੀਏ ਵਿਚ ਚੱਲ ਰਹੇ ਮੈਰਿਜ ਪੈਲੇਸਾਂ ਅੰਦਰ ਹਥਿਆਰ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨ 'ਤੇ ਰੋਕ ਲਗਾਈ ਜਾਣੀ ਅਤਿ ਜ਼ਰੂਰੀ ਹੈ। ਸ੍ਰੀ ਗੁਰੂ ਰਾਮਦਾਸ ਅੰਤਰ-ਰਾਸ਼ਟਰੀ ਹਵਾਈ ਅੱਡਾ, ਅਜਨਾਲਾ ਰੋਡ, ਰਾਜਾਸਾਂਸੀ, ਅੰਮ੍ਰਿਤਸਰ ਦੇ ਦਿਹਾਤੀ ਅਧਿਕਾਰ ਖੇਤਰ ਵਿਚ ਡਰੋਨਜ਼ ਚਲਾਉਣ ਦੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਜਾਂਦੀ ਹੈ। ਇਹ ਧਿਆਨ ਵਿਚ ਆਇਆ ਹੈ ਕਿ ਏਅਰਪੋਰਟ ਵਿਖੇ ਦਿਨ ਰਾਤ ਅੰਤਰ ਰਾਸ਼ਟਰੀ/ਘਰੇਲੂ ਉਡਾਨਾਂ ਆਉਂਦੀਆਂ ਤੇ ਜਾਂਦੀਆਂ ਹਨ। ਇਸ ਲਈ ਹਵਾਈ ਅੱਡੇ ਦੇ ਨਜਦੀਕ ਪੈਂਦੇ ਦਿਹਾਤੀ ਏਰੀਏ ਵਿੱਚ ਆਸ-ਪਾਸ ਕਾਫ਼ੀ ਹੋਟਲ ਤੇ ਮੈਰਿਜ ਪੈਲਸ ਪੈਂਦੇ ਹਨ। ਜਿਥੇ ਆਮ ਪਬਲਿਕ ਆਪਣੇ ਫੰਕਸ਼ਨਾਂ ਦੀ ਡਰੋਨਜ ਰਾਹੀਂ ਕਵਰਿੰਗ ਕਰਦੇ ਹਨ। ਜਿਨ੍ਹਾਂ ਦੀ ਆੜ ਵਿੱਚ ਕੋਈ ਸਮਾਜ ਵਿਰੋਧੀ ਅਨਸਰ ਕਿਸੇ ਸਮੇਂ ਵੀ ਵੱਡੇ ਹਾਦਸੇ ਨੂੰ ਅੰਜਾਮ ਦੇ ਸਕਦੇ ਹਨ। ਇਸ ਲਈ ਸ੍ਰੀ ਏਅਰਪੋਰਟ ਦੇ ਨਜਦੀਕ ਪੈਂਦੇ ਦਿਹਾਤੀ ਏਰੀਏ ਵਿੱਚ ਅਜਿਹੀ ਘਟਨਾਵਾਂ ਨੂੰ ਰੋਕਣ ਲਈ ਡਰੋਨਜ ਕੈਮਰਾ ਉਡਾਉਣ 'ਤੇ ਪਾਬੰਦੀ ਲਗਾਈ ਜਾਂਦੀ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪੁਲਸ ਮੁਖੀ ਅੰਮ੍ਰਿਤਸਰ (ਦਿਹਾਤੀ) ਦੇ ਅਧਿਕਾਰ ਖੇਤਰ ਵਿਚ ਪੈਂਦੇ ਥਾਣਿਆਂ ਅਧੀਨ ਭਾਰਤ-ਪਾਕਿ ਸੀਮਾ ਨਾਲ ਲੱਗਦੀ ਕੰਡਿਆਲੀ ਤਾਰ ਤੋਂ 500 ਮੀਟਰ ਦੇ ਘੇਰੇ ਅੰਦਰ ਰਾਤ 8:30 ਵਜੇ ਤੋਂ ਸਵੇਰੇ 5 ਵਜੇ ਤਕ ਹਰ ਤਰ੍ਹਾਂ ਦੀ ਹਰਕਤ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਅੰਮ੍ਰਿਤਸਰ ਵਿਚ ਆਉਂਦੀ ਭਾਰਤ-ਪਾਕਿ ਸੀਮਾ 'ਤੇ ਅਣਚਾਹੇ ਅਨਸਰਾਂ ਦੀ ਹਰਕਤ ਨਾਲ ਭਾਰਤ-ਪਾਕਿ ਬਾਰਡਰ ਦੀ ਸੁਰੱਖਿਆ, ਦੇਸ਼ ਦੇ ਅਮਨ-ਚੈਨ ਅਤੇ ਸ਼ਾਂਤੀ ਨੂੰ ਖ਼ਤਰੇ ਦੀ ਸੰਭਾਵਨਾ ਹੈ, ਜਿਸ ਕਾਰਨ ਅਮਨ ਅਤੇ ਕਾਨੂੰਨ ਦੀ ਸਥਿਤੀ ਵਿਗੜਨ ਦਾ ਡਰ ਬਣਿਆ ਰਹਿੰਦਾ ਹੈ। ਇਸ ਲਈ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨ ਅਤੇ ਰੋਕਥਾਮ ਲਈ ਭਾਰਤ-ਪਾਕਿ ਸੀਮਾ ਨਾਲ ਲੱਗਦੀ ਕੰਡਿਆਲੀ ਤਾਰ ਤੋ 500 ਮੀਟਰ ਘੇਰੇ ਅੰਦਰ ਰਾਤ 8:30 ਵਜੇ ਤੋਂ ਸਵੇਰੇ 5 ਵਜੇ ਤਕ ਹਰ ਤਰ੍ਹਾਂ ਦੀ ਹਰਕਤ ਕਰਨ 'ਤੇ ਮਨਾਹੀ ਦੇ ਹੁਕਮ ਜਾਰੀ ਕੀਤਾ ਜਾਣਾ ਲਾਜ਼ਮੀ ਹੈ।